ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 30 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੫ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ਵਿਚ ਪੁਲਸ ਥਾਣੇ ਦੇ ਬਾਹਰ ਜ਼ਬਰਦਸਤ ਧਮਾਕਾ, ਪੂਰਾ ਇਲਾਕਾ ਕੰਬਿਆ

**ਅੰਮ੍ਰਿਤਸਰ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਅੰਮ੍ਰਿਤਸਰ ਦੇ ਗੁਰਬਖਸ਼ ਨਗਰ ਪੁਲਸ ਚੌਂਕੀ ਨੇੜੇ ਜ਼ਬਰਦਸਤ ਧਮਾਕਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਧਮਾਕਾ ਉਸ ਸਮੇਂ ਹੋਇਆ ਜਦੋਂ ਲੋਕ ਗੂੜ੍ਹੀ ਨੀਂਦੇ ਸੁੱਤੇ ਪਏ ਸਨ, ਤੜਕੇ 3 ਵਜੇ ਹੋਏ ਇਸ ਧਮਾਕੇ ਨਾਲ ਇਲਾਕੇ ਦੇ ਲੋਕ ਕੰਬ ਗਏ। ਲੋਕਾਂ ਮੁਤਾਬਕ ਇਹ ਧਮਾਕਾ ਇੰਨਾ ਜ਼ਬਰਦਸਤ ਸੀ ਕਿ ਲੋਕ ਘਰਾਂ ਵਿਚੋਂ ਬਾਹਰ ਆ ਗਏ। ਘਟਨਾ ਤੋਂ ਬਾਅਦ ਇਲਾਕੇ ਵਿਚ ਦਹਿਸ਼ਤ ਦਾ ਮਾਹੌਲ ਹੈ। ਫਿਲਹਾਲ ਪੁਲਸ ਦੇ ਉੱਚ ਅਧਿਕਾਰੀ ਮੌਕੇ 'ਤੇ ਪਹੁੰਚ ਕੇ ਸਾਰੇ ਮਾਮਲੇ ਦੀ ਜਾਂਚ ਕਰ ਰਹੇ ਹਨ। ਪੁਲਸ ਮੁਤਾਬਕ ਫੋਰੈਂਸਿਕ ਟੀਮਾਂ ਨੂੰ ਜਾਂਚ ਲਈ ਬੁਲਾਇਆ ਗਿਆ ਹੈ। ਜਾਂਚ ਤੋਂ ਬਾਅਦ ਹੀ ਕੁਝ ਆਖਿਆ ਜਾ ਸਕਦਾ ਹੈ ਕਿ ਇਹ ਧਮਾਕਾ ਕਿਸ ਤਰ੍ਹਾਂ ਹੋਇਆ। ਇਸ ਪਿੱਛੇ ਕੋਈ ਧਮਾਕਾਖੇਜ਼ ਸਮੱਗਰੀ ਹੈ ਜਾਂ ਫਿਰ ਕਿਸੇ ਹੋਰ ਕਾਰਣ ਕਰਕੇ ਇਹ ਬਲਾਸਟ ਹੋਇਆ ਹੈ। ਇਥੇ ਇਹ ਵੀ ਖਾਸ ਤੌਰ 'ਤੇ ਦੱਸਣਯੋਗ ਹੈ ਕਿ ਲੰਘੇ ਐਤਵਾਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਅਜਨਾਲਾ ਥਾਣੇ ਦੇ ਬਾਹਰ ਵੀ ਬੰਬ ਨੁਮਾ ਚੀਜ਼ ਬਰਾਮਦ ਹੋਈ ਸੀ। ਜਿਸ ਮਗਰੋਂ ਪੁਲਸ ਨੇ ਸਾਰੇ ਇਲਾਕੇ ਨੂੰ ਸੀਲ ਕਰਕੇ ਬੰਬ ਨਿਰੋਧਕ ਦਸਤਿਆਂ ਦੀ ਮਦਦ ਨਾਲ ਬੰਬ ਨੁਮਾ ਚੀਜ਼ ਨੂੰ ਕਬਜ਼ੇ ਵਿਚ ਲੈ ਲਿਆ ਸੀ। ਇਸ ਮਾਮਲੇ ਵਿਚ ਪੁਲਸ ਨੇ ਦੋ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ।

### ਲਾਰੈਂਸ ਬਿਸ਼ਨੋਈ ਗੈਂਗ ਦੇ ਗੈਂਗਸਟਰ 'ਡੌਂਕੀ' ਮਾਰਕੇ ਜਾ ਰਹੇ ਨੇ ਅਮਰੀਕਾ

# ਪੰਜਾਬ ਤੋਂ ਬਣਾਏ ਜਾ ਰਹੇ ਨੇ ਜਾਅਲੀ ਪਾਸਪੋਰਟ

**ਨਵੀਂ ਦਿੱਲੀ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਵਿਦੇਸ਼ਾਂ ਵਿੱਚ ਰਹਿੰਦੇ ਭਾਰਤੀ ਗੈਂਗਸਟਰਾਂ ਨੇ ਹੁਣ ਇੱਕ ਨਵਾਂ ਛੁਪਣਗਾਹ ਲੱਭ ਲਿਆ ਹੈ। ਹੁਣ ਤੱਕ ਜ਼ਿਆਦਾਤਰ ਭਾਰਤੀ ਗੈਂਗਸਟਰ ਕੈਨੇਡਾ ਤੇ ਖਾੜੀ ਦੇਸ਼ਾਂ 'ਚ ਸਰਗਰਮ ਸਨ ਪਰ ਹੁਣ ਉਹ ਆਪਣੇ ਟਿਕਾਣੇ ਬਦਲ ਰਹੇ ਹਨ। ਦੁਬਈ ਤੋਂ ਡਿਪੋਰਟ ਕੀਤੇ ਗਏ ਲਾਰੈਂਸ ਬਿਸ਼ਨੋਈ ਗੈਂਗ ਦੇ ਸ਼ੂਟਰ ਨੇ ਪੁਲਿਸ ਪੁੱਛਗਿੱਛ ਦੌਰਾਨ ਖੁਲਾਸਾ ਕੀਤਾ ਹੈ ਕਿ ਅਮਰੀਕਾ ਹੁਣ ਲਾਰੈਂਸ ਬਿਸ਼ਨੋਈ ਗੈਂਗ ਸਮੇਤ ਭਾਰਤ ਤੋਂ ਲੋੜੀਂਦੇ ਅਪਰਾਧੀਆਂ ਦਾ ਨਵਾਂ ਟਿਕਾਣਾ ਬਣ ਰਿਹਾ ਹੈ। ਉਨ੍ਹਾਂ ਦੱਸਿਆ ਕਿ ਭਾਰਤ ਤੋਂ ਫਰਾਰ ਹੋਏ ਗੈਂਗਸਟਰ ਫਰਜ਼ੀ ਪਾਸਪੋਰਟਾਂ 'ਤੇ ਡੌਂਕੀ ਰੂਟ ਰਾਹੀਂ ਅਮਰੀਕਾ 'ਚ ਦਾਖਲ ਹੋ ਰਹੇ ਹਨ। ਦਿੱਲੀ ਦੇ ਨਜਫਗੜ੍ਹ 'ਚ ਦੋਹਰੇ ਕਤਲ ਨੂੰ ਅੰਜਾਮ ਦੇਣ ਤੋਂ ਬਾਅਦ ਲਾਰੈਂਸ ਗੈਂਗ ਦੇ ਸ਼ਾਰਪ ਸ਼ੂਟਰ ਹਰਸ਼ ਉਰਫ਼ ਚਿੰਟੂ ਨੇ ਪੰਜਾਬ ਦਾ ਜਾਅਲੀ ਪਾਸਪੋਰਟ ਬਣਾਇਆ ਸੀ। ਇਹ ਪਾਸਪੋਰਟ 26 ਮਾਰਚ ਨੂੰ ਪੰਜਾਬ ਦੇ ਜਲੰਧਰ ਤੋਂ ਜਾਰੀ ਕੀਤਾ ਗਿਆ ਸੀ। ਹਰਸ਼ ਦਾ ਨਾਮ ਪਾਸਪੋਰਟ ਵਿੱਚ ਪ੍ਰਦੀਪ ਕੁਮਾਰ ਲਿਖਿਆ ਗਿਆ ਹੈ। ਹਰਸ਼ ਨੇ ਦੱਸਿਆ ਕਿ ਅਜਿਹੇ ਕਈ ਹੋਰ ਗੈਂਗਸਟਰ ਵੀ ਅਮਰੀਕਾ ਜਾਣ ਲਈ ਜਾਅਲੀ ਪਾਸਪੋਰਟ ਬਣਵਾ ਰਹੇ ਹਨ। ਹਰਸ਼ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਪਹਿਲਾਂ ਉਸ ਨੂੰ ਪੰਜਾਬ ਦਾ ਜਾਅਲੀ ਪਾਸਪੋਰਟ ਮਿਲਿਆ, ਫਿਰ ਉਸ ਤੋਂ ਬਾਅਦ ਉਹ ਭਾਰਤ ਤੋਂ ਸ਼ਾਰਜਾਹ ਚਲਾ ਗਿਆ। ਸ਼ਾਰਜਹਾਨ ਤੋਂ ਉਹ ਫਿਰ ਬਾਕੂ ਚਲਾ ਗਿਆ ਤੇ ਇੱਥੋਂ ਯੂਰਪ ਦੇ ਕਿਸੇ ਦੇਸ਼ ਵਿੱਚ ਗਿਆ। ਇਸ ਤੋਂ ਬਾਅਦ ਉਸ ਦੀ ਯੋਜਨਾ ਡੌਂਕੀ ਦੇ ਰਸਤੇ ਅਮਰੀਕਾ ਵਿਚ ਦਾਖਲ ਹੋਣ ਦੀ ਸੀ। ਗੋਲਡੀ ਬਰਾੜ, ਅਨਮੋਲ ਬਿਸ਼ਨੋਈ, ਰੋਹਿਤ ਗੋਦਾਰਾ, ਮੌਂਟੀ ਮਾਨ, ਪਵਨ ਬਿਸ਼ਨੋਈ ਤੇ ਇੱਥੋਂ ਤੱਕ ਕਿ ਲਾਰੈਂਸ ਬਿਸ਼ਨੋਈ ਗੈਂਗ ਦੇ ਐਂਟੀ ਗੈਂਗ ਗੈਂਗਸਟਰ ਹਿਮਾਂਸ਼ੂ ਭਾਊ ਸਮੇਤ ਕਈ ਲੋੜੀਂਦੇ ਅਪਰਾਧੀ, ਜੋ ਇਸ ਸਮੇਂ ਅਮਰੀਕਾ ਵਿੱਚ ਬੈਠੇ ਹਨ, ਇਹ ਸਾਰੇ ਡੌਂਕੀ ਰੂਟ ਰਾਹੀਂ ਅਮਰੀਕਾ ਪੁੱਜੇ ਸਨ। ਹੁਣ ਅਮਰੀਕਾ ਵਿੱਚ ਬੈਠੇ ਇਹ ਸਾਰੇ ਗੈਂਗਸਟਰ ਭਾਰਤ ਵਿੱਚ ਹਿੰਸਕ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਭਾਰਤੀ ਏਜੰਸੀਆਂ ਲਈ ਸਮੱਸਿਆ ਇਹ ਹੈ ਕਿ ਅਮਰੀਕਾ ਕਿਸੇ ਵੀ ਲੋੜੀਂਦੇ ਅਪਰਾਧੀ ਨੂੰ ਆਸਾਨੀ ਨਾਲ ਭਾਰਤ ਨੂੰ ਸੌਂਪਣ ਲਈ ਤਿਆਰ ਨਹੀਂ ਹੈ।



## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਮਾਮਲੇ 'ਚ VC ਰਾਹੀ ਪੇਸ਼ ਹੋਇਆ ਰਾਮ ਰਹੀਮ, 6 ਮਹੀਨਿਆਂ ਬਾਅਦ ਹੋਈ ਸੁਣਵਾਈ

**ਚੰਡੀਗੜ੍ਹ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਰਾਮ ਰਹੀਮ ਨੂੰ ਬੇਅਦਬੀ ਮਾਮਲਿਆਂ 'ਚ ਵੀਰਵਾਰ ਨੂੰ ਚੰਡੀਗੜ੍ਹ ਦੀ ਜ਼ਿਲ੍ਹਾ ਅਦਾਲਤ 'ਚ ਪੇਸ਼ ਕੀਤਾ ਗਿਆ। ਫਿਲਹਾਲ ਰਾਮ ਰਹੀਮ ਰੋਹਤਕ ਦੀ ਸੁਨਾਰੀਆ ਜੇਲ 'ਚ ਬੰਦ ਹੈ। ਇਹ ਸੁਣਵਾਈ ਸੁਪਰੀਮ ਕੋਰਟ ਵੱਲੋਂ 18 ਅਕਤੂਬਰ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਸਟੇਅ ਹਟਾ ਲੈਣ ਮਗਰੋਂ ਸੰਭਵ ਹੋ ਸਕੀ ਹੈ। ਮੁਲਜ਼ਮਾਂ ਦੇ ਵਕੀਲਾਂ ਨੇ ਸੁਣਵਾਈ ਦੌਰਾਨ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਨੂੰ ਲੋੜੀਂਦੇ ਦਸਤਾਵੇਜ਼ ਮੁਹੱਈਆ ਨਹੀਂ ਕਰਵਾਏ ਗਏ। ਇਸ ਸਬੰਧੀ ਹਦਾਇਤਾਂ ਦੇਣ ਦੀ ਵੀ ਮੰਗ ਕੀਤੀ। ਰਾਮ ਰਹੀਮ ਤੇ ਡੇਰਾ ਪੈਰੋਕਾਰ 2015 ਵਿੱਚ ਬਰਗਾੜੀ ਵਿੱਚ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਨਾਲ ਸਬੰਧਤ ਤਿੰਨ ਮਾਮਲਿਆਂ ਵਿੱਚ ਦੋਸ਼ੀ ਹੈ। ਕਰੀਬ 6 ਮਹੀਨੇ ਬਾਅਦ ਇਸ ਮਾਮਲੇ 'ਚ ਰਾਮ ਰਹੀਮ ਤੇ ਹੋਰਾਂ ਖਿਲਾਫ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਸੁਪਰੀਮ ਕੋਰਟ ਦੇ ਹੁਕਮਾਂ 'ਤੇ ਫਰਵਰੀ ਵਿੱਚ ਇਹ ਕੇਸ ਫਰੀਦਕੋਟ ਤੋਂ ਚੰਡੀਗੜ੍ਹ ਅਦਾਲਤ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ। ਸਾਲ 2015 ਵਿੱਚ ਪਿੰਡ ਬੁਰਜ ਜਵਾਹਰ ਸਿੰਘ ਵਾਲਾ ਵਿੱਚ ਗੁਰੂ ਗ੍ਰੰਥ ਸਾਹਿਬ ਦੀ ਇੱਕ 'ਬੀੜ' ਚੋਰੀ ਹੋ ਗਈ ਸੀ। ਜਿਸ ਤੋਂ ਬਾਅਦ 25 ਸਤੰਬਰ ਨੂੰ ਬੁਰਜ ਜਵਾਹਰ ਸਿੰਘ ਵਾਲਾ ਤੇ ਬਰਗਾੜੀ ਵਿੱਚ ਇਤਰਾਜ਼ਯੋਗ ਪੋਸਟਰ ਲਗਾਏ ਗਏ ਸਨ। ਇਸ ਤੋਂ ਬਾਅਦ 12 ਅਕਤੂਬਰ ਨੂੰ ਬਰਗਾੜੀ ਦੇ ਗੁਰਦੁਆਰੇ ਨੇੜਿਓਂ ਚੋਰੀ ਹੋਈ 'ਬੀੜ' ਦੇ ਪਾਟੇ ਹੋਏ ਅੰਗ ਮਿਲੇ ਸਨ। ਪੰਜਾਬ ਪੁਲਿਸ ਦੀ ਐਸਆਈਟੀ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ।



## ਪੰਜਾਬ ਸਰਕਾਰ ਨੂੰ ਪੁੱਠੀ ਪੈ ਗਈ ਡੱਲੇਵਾਲ ਦੀ ਹਿਰਾਸਤ ! ਮੋਦੀ ਸਰਕਾਰ ਦੇ ਨਾਲ ਹੀ ਭਗਵੰਤ ਮਾਨ ਸਰਕਾਰ ਖਿਲਾਫ ਵੀ ਕਰ ਦਿੱਤਾ ਵੱਡਾ ਐਲਾਨ

**ਚੰਡੀਗੜ੍ਹ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਲੀਡਰ ਜਗਜੀਤ ਸਿੰਘ ਡੱਲੇਵਾਲ ਨੂੰ ਹਿਰਾਸਤ ਵਿੱਚ ਲੈਣਾ ਪੰਜਾਬ ਸਰਕਾਰ ਨੂੰ ਪੁੱਠਾ ਪੈਣ ਲੱਗਾ ਹੈ। ਕਿਸਾਨਾਂ ਨੇ ਕੇਂਦਰ ਵਿਚਲੀ ਮੋਦੀ ਸਰਕਾਰ ਦੇ ਨਾਲ-ਨਾਲ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਮੋਰਚਾ ਖੋਲ੍ਹ ਦਿੱਤਾ ਹੈ। ਕਿਸਾਨਾਂ ਨੇ 1 ਦਸੰਬਰ ਨੂੰ ਸੰਗਰੂਰ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਦੇ ਘਿਰਾਓ ਦਾ ਐਲਾਨ ਕੀਤਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਦੀ ਪੁਲਿਸ ਨੇ ਡੱਲੇਵਾਲ ਨੂੰ ਧੱਕੇ ਨਾਲ ਹਿਰਾਸਤ ਵਿੱਚ ਲਿਆ ਹੈ। ਕੇਂਦਰ ਤੇ ਸੂਬਾ ਸਰਕਾਰਾਂ ਮਿਲ ਕੇ ਕਿਸਾਨਾਂ ਵਿਰੁੱਧ ਕੰਮ ਕਰ ਰਹੀਆਂ ਹਨ। ਇਸ ਦੇ ਨਾਲ ਹੀ ਕਿਸਾਨ ਇਸ ਗੱਲ਼ ਤੋਂ ਵੀ ਔਖੇ ਹਨ ਕਿ ਡੱਲੇਵਾਲ ਨੂੰ ਮਿਲਣ ਨਹੀਂ ਦਿੱਤਾ ਜਾ ਰਿਹਾ। ਕਿਸਾਨ ਆਗੂ ਵੱਡੀ ਗਿਣਤੀ ਵਿੱਚ ਲੁਧਿਆਣਾ ਡੀਐਮਸੀ ਪਹੁੰਚ ਰਹੇ ਹਨ ਪਰ ਪੁਲਿਸ ਉਨ੍ਹਾਂ ਨੂੰ ਡੱਲੇਵਾਲ ਨਾਲ ਮੁਲਾਕਾਤ ਨਹੀਂ ਕਰਨ ਦੇ ਰਹੀ। ਇਸ ਨੂੰ ਲੈ ਕੇ ਵੀਰਵਾਰ ਨੂੰ ਭਾਰੀ ਵਿਵਾਦ ਵੀ ਹੋਇਆ। ਇਸ ਦੌਰਾਨ ਡੱਲੇਵਾਲ ਦੀ ਤਸਵੀਰ ਵੀ ਸਾਹਮਣੇ ਆਈ ਹੈ। ਕਿਸਾਨਾਂ ਦੀ ਮੰਗ ਹੈ ਕਿ ਪਹਿਲਾਂ ਡੱਲੇਵਾਲ ਨੂੰ ਰਿਹਾਅ ਕੀਤਾ ਜਾਵੇ, ਉਸ ਤੋਂ ਬਾਅਦ ਹੀ ਕਿਸਾਨ ਪ੍ਰਸ਼ਾਸਨ ਨਾਲ ਗੱਲ ਕਰਨ ਲਈ ਤਿਆਰ ਹੋਣਗੇ। ਦਰਅਸਲ ਕਿਸਾਨ ਲੀਡਰ ਜਗਜੀਤ ਸਿੰਘ ਡੱਲੇਵਾਲ ਨੂੰ ਪੰਜਾਬ-ਹਰਿਆਣਾ ਦੀ ਖਨੌਰੀ ਸਰਹੱਦ ਤੋਂ ਹਿਰਾਸਤ ਵਿੱਚ ਲਏ ਚਾਰ ਦਿਨ ਹੋ ਗਏ ਹਨ। ਦੂਜੇ ਪਾਸੇ ਖਨੌਰੀ ਸਰਹੱਦ 'ਤੇ ਕਿਸਾਨਾਂ ਦਾ ਇਕੱਠ ਵਧਦਾ ਜਾ ਰਿਹਾ ਹੈ। ਡੱਲੇਵਾਲ ਜਿੱਥੇ ਚਾਰ ਦਿਨਾਂ ਤੋਂ ਲੁਧਿਆਣਾ ਡੀਐਮਸੀ ਵਿੱਚ ਭੁੱਖ ਹੜਤਾਲ 'ਤੇ ਹਨ, ਉੱਥੇ ਹੀ ਸਾਬਕਾ ਫ਼ੌਜੀ ਸੁਖਜੀਤ ਸਿੰਘ ਹਰਦੋ ਝੰਡੇ ਨੇ ਵੀ ਖਨੌਰੀ ਸਰਹੱਦ 'ਤੇ ਕੁਝ ਨਹੀਂ ਖਾਧਾ। ਸੁਖਜੀਤ ਸਿੰਘ ਹਰਦੋ ਝੰਡੇ ਨੇ ਕਿਹਾ ਹੈ ਕਿ ਸਰਕਾਰ ਡੱਲੇਵਾਲ ਨੂੰ ਚੁੱਕ ਕੇ ਕਿਸਾਨ ਅੰਦੋਲਨ ਨੂੰ ਫੇਲ੍ਹ ਕਰਨਾ ਚਾਹੁੰਦੀ ਸੀ, ਪਰ ਸਰਕਾਰ ਖ਼ੁੱਦ ਹੀ ਫੇਲ੍ਹ ਹੋ ਗਈ ਹੈ। ਅੱਜ ਭੁੱਖ ਹੜਤਾਲ ਦਾ ਚੌਥਾ ਦਿਨ ਹੈ ਤੇ ਉਹ ਪੂਰੀ ਤਰ੍ਹਾਂ ਠੀਕ-ਠਾਕ ਹਨ। ਇਸ ਦੌਰਾਨ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਕਿਸਾਨ 6 ਦਸੰਬਰ ਨੂੰ ਦਿੱਲੀ ਵੱਲ ਮਾਰਚ ਕਰਨ ਦੀ ਤਿਆਰੀ ਕਰ ਰਹੇ ਹਨ ਤੇ ਇਸ ਲਈ ਹਰ ਜ਼ਿਲ੍ਹੇ ਵਿੱਚ ਕਿਸਾਨਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਪੰਧੇਰ ਨੇ ਦੋਸ਼ ਲਾਇਆ ਹੈ ਕਿ ਡੱਲੇਵਾਲ ਨੂੰ ਲੁਧਿਆਣਾ ਡੀਐਮਸੀ ਵਿੱਚ ਮਿਲਣ ਲਈ ਕਿਸਾਨ ਆ ਰਹੇ ਹਨ, ਪਰ ਉਨ੍ਹਾਂ ਨੂੰ ਮਿਲਣ ਨਹੀਂ ਦਿੱਤਾ ਜਾ ਰਿਹਾ। ਦੱਸ ਦਈਏ ਕਿ ਮਰਨ ਵਰਤ ਦੀ ਸ਼ੁਰੂਆਤ ਦੇ ਨਾਲ ਹੀ ਸ਼ੰਭੂ ਤੇ ਖਨੌਰੀ ਬਾਰਡਰ 'ਤੇ ਕਿਸਾਨਾਂ ਦਾ ਇਕੱਠ ਵਧਦਾ ਜਾ ਰਿਹਾ ਹੈ। ਕਿਸਾਨ ਮਜ਼ਦੂਰ ਸੰਘਰਸ਼ ਮੋਰਚਾ ਦੇ ਆਗੂ ਸਰਵਣ ਸਿੰਘ ਪੰਧੇਰ ਨੇ ਕੱਲ੍ਹ ਹਜ਼ਾਰਾਂ ਕਿਸਾਨਾਂ ਨੂੰ ਖਨੌਰੀ ਸਰਹੱਦ 'ਤੇ ਭੇਜਿਆ। ਇਸ ਤੋਂ ਇਲਾਵਾ ਆਉਣ ਵਾਲੇ ਦਿਨਾਂ ਵਿੱਚ ਮਾਝਾ ਜ਼ੋਨ ਦੇ ਕਈ ਜ਼ਿਲ੍ਹਿਆਂ ਤੋਂ ਕਿਸਾਨ ਖਨੌਰੀ ਤੇ ਸ਼ੰਭੂ ਬਾਰਡਰ 'ਤੇ ਪਹੁੰਚ ਰਹੇ ਹਨ। ਕਿਸਾਨ ਆਗੂਆਂ ਨੇ ਪਹਿਲਾਂ ਹੀ ਐਲਾਨ ਕੀਤਾ ਹੈ ਕਿ ਜੇਕਰ 10 ਦਿਨਾਂ ਵਿੱਚ ਮਾਮਲਾ ਹੱਲ ਨਾ ਹੋਇਆ ਤਾਂ ਉਹ 6 ਦਸੰਬਰ ਨੂੰ ਦਿੱਲੀ ਵੱਲ ਮਾਰਚ ਕਰਨਗੇ। ਕਿਸਾਨ ਜਥੇਬੰਦੀਆਂ ਨੇ ਕਿਹਾ ਹੈ ਕਿ ਕਿਸਾਨਾਂ ਨੂੰ ਟਰੈਕਟਰ-ਟਰਾਲੀਆਂ ਲਿਜਾਣ ਦੇ ਨਾਂ 'ਤੇ ਵਾਰ-ਵਾਰ ਬਦਨਾਮ ਕੀਤਾ ਜਾਂਦਾ ਹੈ। ਇਸ ਵਾਰ ਕਿਸਾਨਾਂ ਨੇ ਬਿਨਾਂ ਟਰੈਕਟਰ-ਟਰਾਲੀਆਂ ਤੋਂ ਦਿੱਲੀ ਜਾਣ ਦਾ ਐਲਾਨ ਕੀਤਾ ਹੈ। ਖਨੌਰੀ ਸਰਹੱਦ ਉਪਰ ਗੈਰ-ਸਿਆਸੀ ਸਾਂਝੇ ਕਿਸਾਨ ਮੋਰਚੇ ਦੇ ਬੈਨਰ ਹੇਠ ਕਿਸਾਨਾਂ ਦੀਆਂ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।



## ਅਕਾਲੀ ਲੀਡਰਾਂ ਦੀ ਪੇਸ਼ੀ ਤੋਂ ਪਹਿਲਾਂ ਅਕਾਲ ਤਖ਼ਤ ਦੇ ਜਥੇਦਾਰ ਸਾਹਿਬ ਵੱਲੋਂ ਵੱਡਾ ਐਕਸ਼ਨ

**ਅੰਮ੍ਰਿਤਸਰ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਦੇਸ਼-ਵਿਦੇਸ਼ ਵਿੱਚ ਵੱਸਦੇ ਸਿੱਖ ਪੰਥ ਦੀਆਂ ਨਜ਼ਰਾਂ ਦੋ ਦਸੰਬਰ ਨੂੰ ਅਕਾਲੀ ਲੀਡਰਾਂ ਦੀ ਦੋ ਦਸੰਬਰ ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ੀ ਉਪਰ ਲੱਗੀਆਂ ਹਨ। ਇਸ ਮੌਕੇ ਪੰਥਕ ਸਿਆਸਤ ਬਾਰੇ ਵੱਡਾ ਫੈਸਲਾ ਹੋਣ ਦੀ ਉਮੀਦ ਹੈ। ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਪੇਸ਼ੀ ਤੋਂ ਪਹਿਲਾਂ ਹੀ ਅਕਾਲੀ ਲੀਡਰਾਂ ਨੂੰ ਤਾੜਨਾ ਭਰਿਆ ਪੱਤਰ ਲਿਖਿਆ ਹੈ। ਜਥੇਦਾਰ ਨੇ ਸਪਸ਼ਟ ਕੀਤਾ ਹੈ ਕਿ ਕਿਸੇ ਵੀ ਕਿਸਮ ਦਾ ਰੌਲਾ-ਰੱਪਾ ਪਾ ਕੇ ਪਵਿੱਤਰ ਅਸਥਾਨ ਦੀ ਮਾਣ ਮਰਿਆਦਾ ਨੂੰ ਢਾਹ ਲਾਉਣ ਦਾ ਯਤਨ ਕੀਤਾ ਗਿਆ ਤਾਂ ਇਸ ਦੀ ਜ਼ਿੰਮੇਵਾਰੀ ਉਨ੍ਹਾਂ ਦੀ ਖ਼ੁਦ ਦੀ ਹੋਵੇਗੀ। ਦਰਅਸਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਤੇ ਹੋਰ ਅਕਾਲੀ ਆਗੂਆਂ ਖ਼ਿਲਾਫ਼ ਦੋ ਦਸੰਬਰ ਨੂੰ ਹੋਣ ਵਾਲੀ ਕਾਰਵਾਈ ਤੋਂ ਪਹਿਲਾਂ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਸਮੂਹ ਅਕਾਲੀ ਲੀਡਰਾਂ ਨੂੰ ਸੁਚੇਤ ਕੀਤਾ ਗਿਆ ਹੈ ਕਿ ਉਹ ਇਸ ਮੌਕੇ ਧਾਰਮਿਕ ਅਸਥਾਨ ਦੀ ਮਰਿਆਦਾ ਨੂੰ ਬਰਕਰਾਰ ਰੱਖਣ। ਇਸ ਸਬੰਧੀ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਨਿੱਜੀ ਸਹਾਇਕ ਜਸਪਾਲ ਸਿੰਘ ਵੱਲੋਂ ਭੇਜੇ ਗਏ ਪੱਤਰ ਰਾਹੀਂ ਪੇਸ਼ ਹੋਣ ਵਾਲੇ ਸਮੂਹ ਅਕਾਲੀ ਆਗੂਆਂ ਨੂੰ ਸੁਚੇਤ ਕੀਤਾ ਗਿਆ ਹੈ ਕਿ 2 ਦਸੰਬਰ ਨੂੰ ਬਾਅਦ ਦੁਪਹਿਰ 1 ਵਜੇ ਅਕਾਲ ਤਖ਼ਤ ਵਿਖੇ ਪੇਸ਼ ਹੋਣ ਸਮੇਂ ਜੇ ਉਨ੍ਹਾਂ ਦੇ ਹਮਾਇਤੀਆਂ ਵੱਲੋਂ ਕਿਸੇ ਵੀ ਕਿਸਮ ਦਾ ਰੌਲਾ-ਰੱਪਾ ਪਾ ਕੇ ਪਵਿੱਤਰ ਅਸਥਾਨ ਦੀ ਮਾਣ ਮਰਿਆਦਾ ਨੂੰ ਢਾਹ ਲਾਉਣ ਦਾ ਯਤਨ ਕੀਤਾ ਗਿਆ ਤਾਂ ਇਸ ਦੀ ਜ਼ਿੰਮੇਵਾਰੀ ਉਨ੍ਹਾਂ ਦੀ ਖ਼ੁਦ ਦੀ ਹੋਵੇਗੀ। ਇਸ ਸਬੰਧੀ ਭੇਜੇ ਗਏ ਪੱਤਰ ਵਿੱਚ 17 ਅਕਾਲੀ ਸਾਬਕਾ ਮੰਤਰੀਆਂ ਦੇ ਨਾਂ ਸ਼ਾਮਲ ਹਨ, ਜਿਨ੍ਹਾਂ ਨੂੰ ਸੂਚਿਤ ਕੀਤਾ ਗਿਆ ਹੈ ਕਿ ਸਾਲ 2007 ਤੋਂ 2017 ਤੱਕ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਹੁੰਦਿਆਂ ਕੁਝ ਬੱਜਰ ਗੁਨਾਹ ਹੋਏ ਹਨ, ਜਿਸ ਨਾਲ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਠੇਸ ਪੁੱਜੀ ਤੇ ਸਿੱਖ ਸੰਸਥਾਵਾਂ ਦਾ ਮਾਣ-ਸਨਮਾਨ ਘਟਿਆ ਹੈ। ਇਸ ਨਾਲ ਸਿੱਖਾਂ ਦੀ ਰਾਜਸੀ ਜਮਾਤ ਸ਼੍ਰੋਮਣੀ ਅਕਾਲੀ ਦਲ ਵੀ ਕਮਜ਼ੋਰ ਹੋਇਆ ਹੈ। ਇਸ ਸਬੰਧ ਵਿੱਚ ਉਨ੍ਹਾਂ ਦਾ ਸਪੱਸ਼ਟੀਕਰਨ ਅਕਾਲ ਤਖ਼ਤ 'ਤੇ ਪੁੱਜਾ ਹੈ। ਇਸ ਸਬੰਧ ਵਿੱਚ ਜਥੇਦਾਰ ਵੱਲੋਂ ਆਦੇਸ਼ ਕੀਤਾ ਗਿਆ ਹੈ ਕਿ ਉਹ ਹੋਈਆਂ ਭੁੱਲਾਂ ਵਾਸਤੇ ਦੋ ਦਸੰਬਰ ਨੂੰ ਅਕਾਲ ਤਖ਼ਤ ਵਿਖੇ ਪੇਸ਼ ਹੋਣ। ਇਸ ਪੱਤਰ ਵਿੱਚ ਸਾਬਕਾ ਮੰਤਰੀ ਡਾ. ਉਪਿੰਦਰਜੀਤ ਕੌਰ, ਆਦੇਸ਼ ਪ੍ਰਤਾਪ ਸਿੰਘ ਕੈਰੋਂ, ਗੁਲਜ਼ਾਰ ਸਿੰਘ ਰਣੀਕੇ, ਪਰਮਿੰਦਰ ਸਿੰਘ, ਸੁੱਚਾ ਸਿੰਘ ਲੰਗਾਹ, ਜਨਮੇਜਾ ਸਿੰਘ, ਹੀਰਾ ਸਿੰਘ, ਸਰਵਣ ਸਿੰਘ ਫਿਲੌਰ, ਸੋਹਨ ਸਿੰਘ, ਡਾ. ਦਲਜੀਤ ਸਿੰਘ ਚੀਮਾ, ਸਿਕੰਦਰ ਸਿੰਘ ਮਲੂਕਾ, ਬੀਬੀ ਜਗੀਰ ਕੌਰ, ਬਿਕਰਮ ਸਿੰਘ ਮਜੀਠੀਆ, ਮਨਪ੍ਰੀਤ ਸਿੰਘ ਬਾਦਲ, ਸ਼ਰਨਜੀਤ ਸਿੰਘ, ਸੁਰਜੀਤ ਸਿੰਘ ਤੇ ਮਹੇਸ਼ ਇੰਦਰ ਸਿੰਘ ਦੇ ਨਾਂ ਸ਼ਾਮਲ ਹਨ। ਇਸ ਤੋਂ ਇਲਾਵਾ ਸੁਖਬੀਰ ਬਾਦਲ ਨੂੰ ਵੱਖਰੇ ਤੌਰ 'ਤੇ ਪੱਤਰ ਵੀ ਭੇਜਿਆ ਗਿਆ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ ਦੀ ਤਤਕਾਲੀ ਕੋਰ ਕਮੇਟੀ ਤੇ ਸਾਲ 2015 ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤਰਿੰਗ ਕਮੇਟੀ ਨੂੰ ਵੀ ਪੇਸ਼ ਹੋਣ ਵਾਸਤੇ ਆਦੇਸ਼ ਦਿੱਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਮੌਜੂਦਾ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਆਪਣੇ ਸਮੁੱਚੇ ਸਕੱਤਰਾਂ ਨਾਲ ਅਕਾਲ ਤਖ਼ਤ ਵਿਖੇ ਉਸ ਦਿਨ ਹਾਜ਼ਰ ਰਹਿਣ ਵਾਸਤੇ ਵੀ ਕਿਹਾ ਗਿਆ ਹੈ। ਇਸ ਤੋਂ ਇਲਾਵਾ ਅਕਾਲ ਤਖ਼ਤ ਦੇ ਤਤਕਾਲੀ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸਾਬਕਾ ਜਥੇਦਾਰ ਗਿਆਨੀ ਗੁਰਮੁੱਖ ਸਿੰਘ ਤੇ ਸਾਬਕਾ ਜਥੇਦਾਰ ਗਿਆਨੀ ਇਕਬਾਲ ਸਿੰਘ ਕੋਲੋਂ ਵੀ ਸਪੱਸ਼ਟੀਕਰਨ ਮੰਗੇ ਗਏ ਹਨ।



## ਸੁਖਬੀਰ ਬਾਦਲ ਨੇ ਜਥੇਦਾਰਾਂ 'ਤੇ ਹੋ ਰਹੀਆਂ ਟਿੱਪਣੀਆਂ ਦੀ ਕੀਤੀ ਨਿੰਦਾ, ਕਿਹਾ- ਚਲਾਇਆ ਜਾ ਰਿਹਾ ਘਟੀਆ ਪ੍ਰਾਪੇਗੰਡਾ, ਨਹੀਂ ਕਰਾਂਗੇ ਬਰਦਾਸ਼ਤ

**ਚੰਡੀਗੜ੍ਹ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ੁਰੂ ਹੋਏ ਵਿਵਾਦ ਦੇ ਸਬੰਧ ਵਿੱਚ 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੁਖਬੀਰ ਬਾਦਲ ਤੇ 2007 ਤੋਂ 2017 ਤੱਕ ਦੇ ਮੰਤਰੀਆਂ ਨੂੰ ਸਜ਼ਾ ਸੁਣਾਈ ਜਾ ਸਕਦੀ ਹੈ। ਇਸ ਤੋਂ ਪਹਿਲਾਂ ਸੋਸ਼ਲ ਮੀਡੀਆ 'ਤੇ ਕਈ ਚਰਚਾਵਾਂ ਚੱਲ ਰਹੀਆਂ ਸਨ। ਹੁਣ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਸ ਸਬੰਧੀ ਆਪਣਾ ਬਿਆਨ ਸਾਂਝਾ ਕੀਤਾ ਹੈ। ਬਾਦਲ ਨੇ ਕਿਹਾ ਹੈ ਕਿ ਸੋਸ਼ਲ ਮੀਡੀਆ 'ਤੇ ਫੈਲਾਈ ਜਾ ਰਹੀ ਕਿਸੇ ਵੀ ਤਰ੍ਹਾਂ ਦੀ ਅਫਵਾਹ 'ਤੇ ਧਿਆਨ ਨਾ ਦਿੱਤਾ ਜਾਵੇ। ਅਕਾਲੀ ਦਲ ਦਾ ਹਰ ਵਰਕਰ ਅਤੇ ਆਗੂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਹਮੇਸ਼ਾ ਸਮਰਪਿਤ ਰਹੇਗਾ। ਤੁਹਾਨੂੰ ਦੱਸ ਦੇਈਏ ਕਿ ਕੁਝ ਪੋਸਟਾਂ ਵਾਇਰਲ ਹੋ ਰਹੀਆਂ ਹਨ, ਜਿਸ ਵਿੱਚ ਜਥੇਦਾਰਾਂ ਦੇ ਖਿਲਾਫ ਗੱਲਾਂ ਲਿਖੀਆਂ ਗਈਆਂ ਹਨ। ਜਿਸ ਸਬੰਧੀ ਸੁਖਬੀਰ ਸਿੰਘ ਬਾਦਲ ਨੇ ਇਹ ਬਿਆਨ ਜਾਰੀ ਕੀਤਾ ਹੈ। ਸੁਖਬੀਰ ਬਾਦਲ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਅਕਾਲ ਤਖ਼ਤ ਮਹਾਨ ਹੈ, ਸਿੱਖ ਪੰਥ ਦੀ ਸ਼ਾਨ ਹੈ। ਮੇਰੇ ਧਿਆਨ ਵਿੱਚ ਆਇਆ ਹੈ ਕਿ ਬੀਤੇ ਕੁੱਝ ਦਿਨਾਂ ਤੋਂ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਸੋਸ਼ਲ ਮੀਡੀਆ ਦੀ ਦੁਰਵਰਤੋਂ ਕਰਦਿਆਂ ਜਾਅਲੀ ਅਕਾਉਂਟ ਬਣਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਤਿਕਾਰਯੋਗ ਸਿੰਘ ਸਾਹਿਬਾਨਾਂ ਖ਼ਿਲਾਫ਼ ਘਟੀਆ ਪ੍ਰਾਪੇਗੰਡਾ ਚਲਾਇਆ ਜਾ ਰਿਹਾ ਹੈ ਜੋ ਕਿ ਅਤਿ ਨਿੰਦਣਯੋਗ ਹੈ। ਇਸਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀ ਕੀਤਾ ਜਾ ਸਕਦਾ। ਸ਼੍ਰੋਮਣੀ ਅਕਾਲੀ ਦਲ ਦਾ ਹਰ ਆਗੂ ਅਤੇ ਵਰਕਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੈ। ਇਸ ਕਰਕੇ ਇਸ ਕੂੜ ਪ੍ਰਚਾਰ ਨੂੰ ਵੇਖ ਕੇ ਹਰ ਕੋਈ ਪ੍ਰੇਸ਼ਾਨ ਹੈ। ਅੱਜ ਸਾਨੂੰ ਪੰਥ ਦੋਖੀ ਤਾਕਤਾਂ ਤੋਂ ਪੂਰਨ ਤੌਰ 'ਤੇ ਸੁਚੇਤ ਹੋਣ ਦੀ ਲੋੜ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵ ਉੱਚਤਾ ਅੱਗੇ ਸੀਸ ਝੁਕਾਉਂਦੇ ਹੋਏ ਮੈਂ ਆਪਣੇ ਵੱਲੋਂ ਇਸ ਸਾਰੇ ਪ੍ਰਾਪੇਗੰਡੇ ਦੀ ਸਖ਼ਤ ਨਿਖੇਧੀ ਕਰਦੇ ਹਾਂ। ਦੱਸ ਦਈਏ ਕਿ 2 ਦਸੰਬਰ ਨੇੜੇ ਆਉਂਦਿਆਂ ਹੀ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਇਸ ਮਾਮਲੇ 'ਤੇ ਕਿਸੇ ਵੀ ਤਰ੍ਹਾਂ ਦੀ ਟਿੱਪਣੀ ਕਰਨ ਤੋਂ ਗੁਰੇਜ਼ ਕਰਨ ਦੀ ਸਲਾਹ ਦਿੱਤੀ ਹੈ ਜਿਸ ਨੂੰ ਸੁਧਾਰ ਲਹਿਰ ਨੇ ਸਵੀਕਾਰ ਕਰ ਲਿਆ ਹੈ। ਕਨਵੀਨਰ ਗੁਰਪ੍ਰਤਾਪ ਸਿੰਘ ਵਡਾਲਾ ਨੇ ਸੁਧਾਰ ਲਹਿਰ ਦੇ ਸਮੂਹ ਆਗੂਆਂ ਨੂੰ ਸਿੰਘ ਸਾਹਿਬਾਨ ਵੱਲੋਂ 2 ਦਸੰਬਰ ਨੂੰ ਸੁਣਾਏ ਜਾਣ ਵਾਲੇ ਫੈਸਲੇ ਤੋਂ ਪਹਿਲਾਂ ਅਤੇ ਬਾਅਦ ਵਿੱਚ ਬਿਆਨਬਾਜ਼ੀ ਕਰਨ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ। ਇਹ ਮੀਟਿੰਗ ਸੰਪਰਦਾਇਕ ਏਕਤਾ ਅਤੇ ਸੁਧਾਰਾਂ ਨੂੰ ਸਮਰਪਿਤ ਹੈ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |


ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

Love Maa Boli Punjabi

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI


ਧੰਨ ਧੰਨ ਸ਼੍ਰੀ ਗੁਰੂ ਤੇਗ ਬਹਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ
ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ
ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਧਮਤਾਨ ਸਾਹਿਬ ਵਿਖੇ
ਮਿਤੀ 4 ਦਸੰਬਰ 2024 ਤੋਂ 6 ਦਸੰਬਰ 2024 ਤੱਕ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਵਿਦਵਾਨ ਉਚੇਚੇ ਤੌਰ ਤੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
4 ਦਸੰਬਰ 2024 ਦਿਨ ਬੁੱਧਵਾਰ ਅਰੰਭ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 10-00 ਵਜੇ
5 ਦਸੰਬਰ 2024 ਦਿਨ ਵੀਰਵਾਰ ਨਗਰ ਕੀਰਤਨ ਅਰੰਭ ਸਵੇਰੇ 8-00 ਵਜੇ
6 ਦਸੰਬਰ 2024 ਦਿਨ ਸ਼ੁੱਕਰਵਾਰ ਭੋਗ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 9-00 ਵਜੇ
ਵਿਸ਼ੇਸ਼ ਬੇਨਤੀ
ਜਿਹਨਾਂ ਸੰਗਤਾਂ ਨੂੰ ਸਤਿਗੁਰ ਜੀ ਨੇ ਟਰੈਕਟਰ, ਟਰਾਲੀਆਂ, ਗੱਡੀਆਂ ਆਦਿ ਦੀ ਦਾਤ ਬਖ਼ਸ਼ੀ ਹੈ, ਉਹ ਨਗਰ ਕੀਰਤਨ ਵਿੱਚ ਆਪੋ ਆਪਣੇ ਸਾਧਨ ਲੈ ਕੇ ਸਮੂਲੀਅਤ ਕਰਨ ਜੀ।
ਨੋਟ : ਮੋਟਰਸਾਈਕਲ ਲੈ ਕੇ ਆਉਣ ਵਾਲੇ ਨੌਜਵਾਨ ਕਿਸੇ ਤਰ੍ਹਾਂ ਦੀ ਕਰਤਬ ਬਾਜੀ ਨਾ ਕਰਨ।
ਪ੍ਰੋਗਰਾਮ ਨਗਰ ਕੀਰਤਨ : ਮਿਤੀ 5 ਦਸੰਬਰ 2024, ਵੀਰਵਾਰ ਨੂੰ ਸਵੇਰੇ 8-00 ਵਜੇ ਗੁਰਦੁਆਰਾ ਧਮਤਾਨ ਸਾਹਿਬ ਤੋਂ ਅਰੰਭ ਹੋ ਕੇ ਲੌਨ, ਖਰਲ, ਪਿਪਲਥਾ, ਗੜ੍ਹੀ, ਦਾਤਾ ਸਿੰਘ ਵਾਲਾ, ਹੰਸਡੇਹਰ, ਢੰਢੋਲੀ, ਸ਼ੇਰਗੜ੍ਹ, ਖਨੌਰੀ, ਪਦਾਰਥ ਖੇੜਾ, ਰੇਵਰ, ਪਿਪਲਥਾ, ਢਾਬੀ ਟੇਕ ਸਿੰਘ ਅਤੇ ਰਸੀਦਾਂ ਹੁੰਦਾ ਹੋਇਆ ਗੁਰਦੁਆਰਾ ਧਮਤਾਨ ਸਾਹਿਬ ਵਿਖੇ ਪਹੁੰਚੇਗਾ। ਸਮਾਪਤੀ, ਗੁਰਦੁਆਰਾ ਧਮਤਾਨ ਸਾਹਿਬ ਵਿਖੇ ਸ਼ਾਮ 5-00 ਵਜੇ ਹੋਵੇਗੀ।
ਪ੍ਰੋਗਰਾਮ : 6 ਦਸੰਬਰ 2024 ਦਿਨ ਸ਼ੁੱਕਰਵਾਰ
ਸਵੇਰੇ 9-00 ਤੋਂ 10-00 ਵਜੇ ਤੱਕ
ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਜੱਥਾ
ਗੁ: ਧਮਤਾਨ ਸਾਹਿਬ
10-00 ਤੋਂ 10-30 ਵਜੇ ਤੱਕ
ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ
ਗੁ: ਧਮਤਾਨ ਸਾਹਿਬ
10-30 ਤੋਂ 11-00 ਵਜੇ ਤੱਕ
ਭਾਈ ਚਰਨਜੀਤ ਸਿੰਘ ਕਥਾਵਾਚਕ
ਗੁ: ਧਮਤਾਨ ਸਾਹਿਬ
11-00 ਤੋਂ 12-30 ਵਜੇ ਤੱਕ
ਭਾਈ ਗੁਰਮੀਤ ਸਿੰਘ ਕਵੀਸ਼ਰ
ਧਰਮ ਪ੍ਰਚਾਰ ਕਮੇਟੀ।
ਅੰਮ੍ਰਿਤ ਸੰਚਾਰ :
6 ਦਸੰਬਰ 2024,
ਦਿਨ ਸ਼ੁਕਰਵਾਰ ਸਮਾਂ 12 ਵਜੇ
ਅੰਮ੍ਰਿਤ ਸੰਚਾਰ ਸੰਬੰਧੀ
1. ਅੰਮ੍ਰਿਤ ਸੰਚਾਰ ਗੁਰਦੁਆਰਾ ਧਮਤਾਨ ਸਾਹਿਬ ਵਿਖੇ 12-00 ਵਜੇ ਹੋਵੇਗਾ।
2. ਅੰਮ੍ਰਿਤ ਅਭਿਲਾਖੀ ਕੇਸੀ ਇਸ਼ਨਾਨ ਕਰ ਕੇ ਆਉਣ ਜੀ।
3. ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ।
ਸਮੂਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਮੈਨੇਜਰ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਪਾਤਸ਼ਾਹੀ ਨੌਵੀਂ, ਧਮਤਾਨ ਸਾਹਿਬ (ਜੀਂਦ) ਹਰਿਆਣਾ
ਸੰਪਰਕ : ਭਾਈ ਹਰਵਿੰਦਰ ਸਿੰਘ ਦਨੌਲੀ (ਮੈਨੇਜਰ) 9991037375 ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ 9896166509 ਭਾਈ ਚਰਨਜੀਤ ਸਿੰਘ ਕਥਾਵਾਚਕ 9802947712 ਭਾਈ ਕਰਮਜੀਤ ਸਿੰਘ 7015967169 ਸ: ਸਤਿੰਦਰ ਸਿੰਘ ਮੰਟਾ ਰਸੀਦਾਂ ਮੈਂਬਰ ਸਾਹਿਬਾਨ 9354100003


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621




# ਸਫਰ - ਏ - ਦਸ਼ਮੇਸ਼ ਸਮਾਗਮਾਂ ਦਾ ਮੁੱਖ ਮਕਸਦ ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨਾ : ਜਥੇਦਾਰ ਦਾਦੂਵਾਲ

## ਨੌਜਵਾਨ ਪੀੜੀ ਨੂੰ ਚਾਅ ਹੁੰਦਾ ਨਗਰ ਕੀਰਤਨ ਦੇ ਵਿੱਚ ਸੇਵਾ ਭਾਵ ਨਿਭਾਉਣ ਦਾ

**ਹਰਿਆਣਾ** ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਉਲੀਕੇ ਜਾ ਰਹੇ ਸਫਰ ਏ ਦਸਮੇਸ਼ ਧਾਰਮਿਕ ਸਮਾਗਮਾਂ ਦੀ ਸੰਗਤਾਂ ਵੱਲੋਂ ਚਾਰੇ ਪਾਸੇ ਸਲਾਘਾ ਕੀਤੀ ਜਾ ਰਹੀ ਹੈ ਕਿਉਂਕਿ ਇਤਿਹਾਸ ਵਿੱਚ ਪਹਿਲੀ ਵਾਰ ਹਰਿਆਣਾ ਕਮੇਟੀ ਵੱਲੋਂ ਇਸ ਤਰਾਂ ਦੇ ਪ੍ਰੋਗਰਾਮ ਉਲੀਕੇ ਜਾਂ ਰਹੇ ਹਨ ।ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਇਨਾਂ ਪ੍ਰੋਗਰਾਮਾਂ ਦੀ ਅਗਵਾਈ ਕਰ ਰਹੇ ਹਨ ।ਗੁਰਦੁਆਰਾ ਨਾਢਾ ਸਾਹਿਬ ਦੇ ਮੁੱਖ ਗ੍ਰੰਥੀ ਗਿ: ਜਗਜੀਤ ਸਿੰਘ ਜੀ ਨੇ ਸੰਗਤ ਨੂੰ ਪ੍ਰੇਰਣ ਦਾ ਵਧੀਆ ਉਪਰਾਲਾ ਕੀਤਾ ਹੈ ।ਇਸ ਗੱਲ ਤੇ ਵੀ ਬੜਾ ਧਿਆਨ ਦੇਣਾ ਬਣਦਾ ਹੈ ਕਿ ਪ੍ਰੋਗਰਾਮ ਠੀਕ ਉਸੇ ਤਰ੍ਹਾਂ ਉਲੀਕੇ ਗਏ ਜਿਵੇਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਕਿਸੇ ਵੇਲੇ ਪਾਉਂਟਾ ਸਾਹਿਬ ਤੋਂ ਭੰਗਾਣੀ ਦਾ ਜੰਗ ਜਿੱਤ ਕੇ ਅਨੰਦਪੁਰ ਸਾਹਿਬ ਨੂੰ ਵਾਪਸ ਗਏ ਨੌਜਵਾਨ ਪੀੜੀ ਨੂੰ ਨਗਰ ਕੀਰਤਨ ਦੇ ਵਿੱਚ ਸੇਵਾ ਨਿਭਾਉਣ ਦਾ ਬਹੁਤ ਵੱਡਾ ਚਾਅ ਹੁੰਦਾ ਹੈ ।ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨ ਦਾ ਇਹ ਵਧੀਆ ਉਪਰਾਲਾ ਹੈ ।ਇੱਥੇ ਇਸ ਗੱਲ ਦਾ ਵੀ ਜ਼ਿਕਰ ਕਰਨਾ ਬਣਦਾ ਹੈ ਕਿ ਪਾਉਂਟਾ ਸਾਹਿਬ ਤੋਂ ਲੈ ਕੇ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਇਤਿਹਾਸਿਕ ਸਥਾਨਾਂ ਬਾਰੇ ਟਰਾਈ ਸਿਟੀ ਚੰਡੀਗੜ ਦੀਆਂ ਜਿਆਦਾਤਰ ਸੰਗਤਾਂ ਨੂੰ ਵੀ ਕੋਈ ਬਹੁਤੀ ਜਾਣਕਾਰੀ ਨਹੀਂ ਹੈ ।ਖਾਸ ਕਰ ਬਹੁ ਗਿਣਤੀ ਸੰਗਤਾਂ ਨੂੰ ਗੁਰਦੁਆਰਾ ਟੋਕਾ ਸਾਹਿਬ, ਗੁਰਦੁਆਰਾ ਮਾਣਕ ਟਬਰਾ ਸਾਹਿਬ ਬਾਰੇ ਕੋਈ ਬਹੁਤੀ ਜਾਣਕਾਰੀ ਨਹੀਂ ਹੈ ।ਸਫਰ ਏ ਦਸਮੇਸ਼ ਸਮਾਗਮ ਤੇ ਨਗਰ ਕੀਰਤਨ ਉਲੀਕਣ ਦਾ ਮੁੱਖ ਮਕਸਦ ਹੀ ਨੌਜਵਾਨ ਪੀੜੀ ਨੂੰ ਇਤਿਹਾਸ ਨਾਲ ਜੋੜਨਾ ਅਤੇ ਉਨਾਂ ਸੰਗਤਾਂ ਤੱਕ ਇਤਿਹਾਸ ਪਹੁੰਚਾਉਣਾ ਹੈ ਜਿਨਾਂ ਨੂੰ ਪਹਿਲਾਂ ਇਨਾਂ ਇਤਿਹਾਸਿਕ ਸਥਾਨਾ ਬਾਰੇ ਕੋਈ ਜਾਣਕਾਰੀ ਨਹੀਂ ਸੀ ਜਿਕਰਯੋਗ ਹੈ ਕੇ 30 ਨਵੰਬਰ ਤੋਂ ਲੈ ਕੇ 8 ਦਸੰਬਰ ਤੱਕ ਸਫਰ ਏ ਦਸ਼ਮੇਸ਼ ਪ੍ਰੋਗਰਾਮ ਸਮਾਗਮ ਗੁਰਦੁਆਰਾ ਪਾਉਂਟਾ ਸਾਹਿਬ ਤੋਂ ਲੈ ਕੇ ਗੁਰਦੁਆਰਾ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਸਥਾਨਾਂ ਤੇ ਉਲੀਕੇ ਗਏ ਹਨ ।ਜਿਨਾਂ ਵਿੱਚੋਂ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ 30 ਨਵੰਬਰ 2024 ਨੂੰ ਸ਼ਾਮ 6 ਵਜੇ ਤੋਂ ਲੈ ਕੇ ਰਾਤ 10 ਵਜੇ ਤੱਕ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।ਇਸੇ ਤਰੀਕੇ ਨਾਲ 1 ਦਸੰਬਰ 2024 ਨੂੰ ਗੁਰਦੁਆਰਾ ਕਪਾਲ ਮੋਚਨ ਸਾਹਿਬ ਯਮੁਨਾਨਗਰ,2 ਦਸੰਬਰ 2024 ਨੂੰ ਗੁਰਦੁਆਰਾ ਟੋਕਾ ਸਾਹਿਬ ਨਰਾਇਣਗੜ,3 ਦਸੰਬਰ ਨੂੰ ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ ਅਤੇ ਸਮਾਪਤੀ ਗੁਰਦੁਆਰਾ ਨਾਢਾ ਸਾਹਿਬ ਵਿਖੇ 8 ਦਸੰਬਰ ਨੂੰ ਹੋਵੇਗੀ ।ਸਾਰੇ ਇਤਿਹਾਸਿਕ ਸਥਾਨਾਂ ਵਿਖੇ ਸ਼ਾਮ ਦੇ ਦੀਵਾਨਾਂ ਦਾ ਸਮਾਂ ਸ਼ਾਮ 6 ਤੋਂ 10 ਦਾ ਰੱਖਿਆ ਗਿਆ ਹੈ ।ਸਾਰੇ ਸਮਾਗਮਾਂ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਥਾਵਾਚਕ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜ ਕੇ ਨਿਹਾਲ ਕਰਨਗੇ ।ਹਰਿਆਣਾ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੀ ਇਨਾਂ ਸਮਾਗਮਾਂ ਵਿੱਚ ਵੱਖ ਵੱਖ ਥਾਵਾਂ ਤੇ ਹਾਜ਼ਰੀ ਭਰਨਗੇ। ••

ਆਵਾਜ਼ਿ ਕੌਮ AWAZE QAUM International Newspaper & WEB TV


ਅਮ੍ਰਿਤ ਛਕੋ
ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬ੍ਰਹਮ ਗਿਆਨੀ ਬਾਪੂ ਖੁਸ਼ਾ ਸਿੰਘ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ
ਅਮ੍ਰਿਤ ਛਕੋ
ਸਲਾਨਾ ਗੁਰਮਤਿ ਸਮਾਗਮ
6 ਦਸੰਬਰ (21 ਮੱਘਰ) 2024 ਦਿਨ ਸ਼ੁਕਰਵਾਰ
ਸਮਾਂ : ਸਵੇਰੇ 10 ਵਜੇ
ਬ੍ਰਹਮ ਗਿਆਨੀ ਬਾਬਾ ਖੁਸ਼ਾ ਸਿੰਘ ਜੀ (ਬਾਪੂ ਖੁਸ਼ਾ ਜੀ)
ਗੁਰਵਿੰਦਰ ਸਿੰਘ ਲਹੋਰੀਏ ਦਾ ਕਵੀਸ਼ਰੀ ਜੱਥਾ
ਕਬੱਡੀ ਐਕਸ਼ਨ ਸਟਾਰ
ਛੋਟੇ ਸੁਪਰ ਸਟਾਰਾਂ ਦੀ ਕਬੱਡੀ ਸ਼ਾਮ:3:00 ਵਜੇ
ਮੋ: 94634-27380, 98777-07918,
ਆਵਾਜ਼ਿ ਕੌਮ AWAZE QAUM TV
ਲਾਈਵ ਪ੍ਰੋਗਰਾਮ ਸਾਰਾ ਦਿਨ ਚੱਲੇਗਾ
ਅਜੀਤ ਪੌਦ ਨਰਸਰੀ
ਜਾਰੀ ਕਰਤਾ: ਭਾਈ ਸਰਬਜੀਤ ਸਿੰਘ ਵੱਲੀਆਂ, ਜਿਲ੍ਹਾ ਪ੍ਰੈਸ ਸਕੱਤਰ, ਮੋ: 75278-45340


ਤੇਰੇ ਜਨ ਪਰਉਪਕਾਰੀ ਆਏ
ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ
ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ
ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।
ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473
ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਮਹੰਤ ਕਾਹਨ ਸਿੰਘ ਸੇਵਾਪੰਥੀ
ਸੰਤ ਰਣਜੀਤ ਸਿੰਘ ਸੇਵਾਪੰਥੀ
ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




### 30 ਨਵੰਬਰ ਬਰਸੀ 'ਤੇ ਵਿਸ਼ੇਸ਼

# ਬਾਬਾ ਗੁਰਮੁੱਖ ਸਿੰਘ ਕਾਰਸੇਵਾ ਵਾਲਿਆਂ ਨੂੰ ਯਾਦ ਕਰਦਿਆਂ

-ਭਗਵਾਨ ਸਿੰਘ ਜੌਹਲ
bhagwansinghjohal@gmail.com



**ਰੱਬੀ ਰੰਗ** ਵਿੱਚ ਰੰਗ-ਰਤੜੀਆਂ ਆਤਮਾਵਾਂ ਦੇ ਜੀਵਨ ਦਾ ਅੰਤਿਮ ਨਿਸ਼ਾਨਾ ਮਨੁੱਖਤਾ ਦੇ ਪਰਉਪਕਾਰ ਲਈ ਜੀਵਨ ਬਤੀਤ ਕਰਨਾ ਹੁੰਦਾ ਹੈ । ਬਾਬਾ ਗੁਰਮੁੱਖ ਸਿੰਘ ਕਾਰਸੇਵਾ ਵਾਲਿਆਂ ਦਾ ਜੀਵਨ ਇਸ ਗੱਲ ਦੀ ਪ੍ਰਤੱਖ ਉਦਾਹਰਣ ਹੈ । ਜਿਨ੍ਹਾਂ ਕਾਰਸੇਵਾ ਦੇ ਨਾਂਅ ਉੱਪਰ ਕਦਾਚਿਤ ਵੀ ਕਿਸੇ ਸ਼ਰਧਾਲੂ ਤੋਂ ਕੁਝ ਨਹੀਂ ਸੀ ਮੰਗਿਆ, ਉਨ੍ਹਾਂ ਵੱਲੋਂ ਕਾਰਸੇਵਾ ਸੇਵਾ ਦੇ ਖੇਤਰ ਵਿੱਚ ਕੀਤੇ ਕਾਰਜਾਂ ਤੋਂ

ਆਵਾਜ਼ਿ ਕੌਮ AWAZE QAUM
International Newspaper & WEB TV

ਪ੍ਰਭਾਵਿਤ ਹੋ ਕੇ ਸ਼ਰਧਾਲੂ ਸਵੈ-ਇੱਛਾ ਨਾਲ ਹੀ ਸੇਵਾ ਵਿੱਚ ਯੋਗਦਾਨ ਪਾਉਂਦੇ ਸਨ ।ਅਜੋਕੇ ਸਮੇਂ ਵਿੱਚ ਅਜਿਹੇ ਵਿਰਲੇ ਇਨਸਾਨ ਉਂਗਲਾਂ 'ਤੇ ਗਿਣਨ ਯੋਗ ਹੋਣਗੇ ।ਇਕ ਨਿਸ਼ਠਾਵਾਨ ਕਾਰਸੇਵਕ, ਬੇਲਾਗ, ਬੇਦਾਗ, ਰੱਬੀ ਰੂਹ ਬਾਬਾ ਗੁਰਮੁੱਖ ਸਿੰਘ ਦਾ ਜਨਮ 1849 ਈ: ਵਿੱਚ ਪਟਿਆਲਾ ਰਿਆਸਤ ਦੇ ਦਿਆਲਗੜ੍ਹ ਬੂੜੀਆ ਨਾਂਅ ਦੇ ਪਿੰਡ ਵਿੱਚ ਭਾਈ ਕਰਮ ਸਿੰਘ ਦੇ ਘਰ ਮਾਤਾ ਗੁਰਦੇਈ ਦੀ ਕੁੱਖ ਤੋਂ ਹੋਇਆ ।ਉਸ ਸਮੇਂ ਗੁਰੂ ਘਰਾਂ ਦੀਆਂ ਇਮਾਰਤਾਂ ਵਧੇਰੇ ਕਰਕੇ ਕੱਚੀਆਂ ਸਨ । ਸੰਗਤ ਲਈ ਸੁੱਖ ਸਹੂਲਤਾਂ ਦੀ ਘਾਟ ਵੀ ਤਕਰੀਬਨ ਹਰ ਗੁਰੂ ਘਰ ਵਿੱਚ ਹੀ ਸੀ । ਜਨਮ ਤੋਂ ਹੀ ਇਨ੍ਹਾਂ ਦੇ ਹਿਰਦੇ ਵਿੱਚ ਆਪਣੇ ਸਾਧੂ ਸੁਭਾਅ ਪਿਤਾ ਤੋਂ ਗੁਰਬਾਣੀ ਪੜ੍ਹਨ ਅਤੇ ਵਿਚਾਰਨ ਦੇ ਸੰਸਕਾਰ ਬਣਨੇ ਸ਼ੁਰੂ ਹੋ ਗਏ । ਜਵਾਨੀ ਦੇ ਦਿਨਾਂ ਵਿੱਚ ਆਪ ਨੇ ਪਟਿਆਲਾ ਰਿਆਸਤ ਦੇ ਫ਼ੀਲ ਖਾਨੇ ਦੀ ਨੌਕਰੀ ਕੀਤੀ, ਬਾਅਦ ਵਿੱਚ ਉਸ ਸਮੇਂ ਦੀ ਅੰਗ੍ਰੇਜ਼ੀ ਫੌਜ ਵਿੱਚ ਭਰਤੀ ਹੋ ਗਏ । ਪਰ ਇਨਸਾਨੀਅਤ ਦੀ ਸੇਵਾ ਤੇ ਪਰਉਪਕਾਰੀ ਸੁਭਾਅ ਕਾਰਨ ਫੌਜ ਵਿੱਚ ਮਨ ਨਾ ਲੱਗਾ ।ਉਥੋਂ ਅਸਤੀਫਾ ਦੇ ਕੇ ਪਟਿਆਲਾ ਤੋਂ ਕੁਝ ਦੂਰੀ 'ਤੇ ਇਕ ਬੀਆਵਾਨ ਥਾਂ 'ਤੇ ਪ੍ਰਭੂ ਦੇ ਚਿੰਤਨ ਵਿੱਚ ਜੁੱਟ ਗਏ । 12 ਸਾਲ ਤੱਕ ਗੁਰਬਾਣੀ ਸ਼ਬਦ ਦੀ ਅਰਾਧਨਾ ਕਰਨ ਤੋਂ ਪਿੱਛੋਂ ਮਨ ਪੂਰੀ ਤਰ੍ਹਾਂ ਸਾਧਿਆ ਗਿਆ । ਆਪਣੇ ਨਾਲ ਪਿਆਰ ਕਰਨ ਵਾਲੀਆਂ ਸਿੱਖ ਸੰਗਤਾਂ ਨਾਲ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੀ ਯਾਤਰਾ ਕੀਤੀ ।1903 ਈ: ਵਿੱਚ ਅੰਮ੍ਰਿਤਸਰ ਜਾ ਕੇ ਸ੍ਰੀ ਹਰਿਮੰਦਰ ਸਾਹਿਬ ਦੇ ਮਲਵਈ ਬੁੰਗੇ ਵਿੱਚ ਜਾ ਆਸਣ ਲਾਇਆ । ਉਥੇ ਹੀ ਸ੍ਰੀ ਦਰਬਾਰ ਸਾਹਿਬ ਦੇ ਉੱਘੇ ਕੀਰਤਨੀਏ ਭਾਈ ਸ਼ਾਮ ਸਿੰਘ ਦੀ ਸੰਗਤ ਮਿਲੀ । ਇਨ੍ਹਾਂ ਦੇ ਨਿੱਜੀ ਜੀਵਨ ਤੋਂ ਅਜਿਹੀ ਸਿੱਖਿਆ ਮਿਲੀ, ਜਿਸ ਨਾਲ ਅਕਾਲ ਪੁਰਖ ਵਾਹਿਗੁਰੂ ਦੀ ਬੰਦਗੀ ਤੋਂ ਇਲਾਵਾ ਆਪਣੇ ਜੀਵਨ ਦਾ ਨਿਸ਼ਾਨਾ ਕੇਵਲ ਗੁਰੂ ਘਰ ਦੀ ਨਿਸ਼ਕਾਮ ਸੇਵਾ ਬਣ ਗਿਆ ।

ਅੰਮ੍ਰਿਤ ਵੇਲੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ ਸਰੋਵਰ ਦੀਆਂ ਪੌੜੀਆਂ ਦੀ ਸਫ਼ਾਈ ਤੋਂ ਨਿੱਤ ਦਾ ਜੀਵਨ ਆਰੰਭ ਹੁੰਦਾ ਸੀ । 1914 ਈ: ਵਿੱਚ ਕਾਰਸੇਵਾ ਨੂੰ ਆਪਣੇ ਜੀਵਨ ਦਾ ਅਹਿਮ ਅੰਗ ਸਮਝ ਕੇ ਸੇਵਾ ਆਰੰਭੀ ।ਸਭ ਤੋਂ ਪਹਿਲਾਂ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪੰਜਾਂ ਸਰੋਵਰਾਂ ਵਿੱਚੋਂ ਸੰਤੋਖਸਰ ਸਾਹਿਬ ਦੇ ਸਰੋਵਰ ਦੀ ਕਾਰਸੇਵਾ ਸ਼ੁਰੂ ਕੀਤੀ । ਫਿਰ ਲਗਾਤਾਰ ਇਹ ਸਿਲਸਿਲਾ ਚੱਲਦਾ ਰਿਹਾ । 1923 ਤੋਂ 1928 ਤੱਕ ਆਪ ਨੇ ਸ੍ਰੀ ਦਰਬਾਰ ਸਾਹਿਬ ਤਰਨਤਾਰਨ ਸਾਹਿਬ ਦੇ ਸਰੋਵਰ ਦੀ ਸਫ਼ਾਈ, ਪੌੜੀਆਂ ਬਨਾਉਣ ਅਤੇ ਪਵਿੱਤਰ ਸਰੋਵਰ ਲਈ ਨਿਰੰਤਰ ਜਲ ਦੀ ਤਾਜ਼ਾ ਸਪਲਾਈ ਲਈ ਹੰਸਲੀ ਦੀ ਸੇਵਾ ਆਰੰਭੀ । ਇਸ ਸ਼ਲਾਘਾਯੋਗ ਕਾਰਜ ਦੀ ਹਰ ਪਾਸੇ ਖੂਬ ਪ੍ਰਸ਼ੰਸਾ ਹੋਈ । ਇਸ ਤੋਂ ਪਿੱਛੋਂ ਇਨ੍ਹਾਂ ਉਦਾਸੀ ਮਹਾਂਪੁਰਸ਼ ਸੰਤ ਪ੍ਰੀਤਮ ਦਾਸ ਅਤੇ ਸੰਤ ਸੰਤੋਖ ਦਾਸ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ ਅੰਮ੍ਰਿਤ ਸਰੋਵਰ ਲਈ ਜਲ ਪਹੁੰਚਾਉਣ ਵਾਲੀ ਹੰਸਲੀ ਦਾ ਨਵ-ਨਿਰਮਾਣ ਕਰਵਾਇਆ ।ਅੰਮ੍ਰਿਤਸਰ ਤੋਂ ਬਾਅਦ ਵਿੱਚ ਸ੍ਰੀ ਮੁਕਤਸਰ ਸਾਹਿਬ ਦੇ ਗੁਰਧਾਮ ਦਾ ਨਵ-ਨਿਰਮਾਣ ਕਰਵਾਇਆ, ਫਿਰ ਸ੍ਰੀ ਖਡੂਰ ਸਾਹਿਬ ਦੇ ਗੁਰਦੁਆਰਾ ਤਪਿਆਣਾ ਸਾਹਿਬ ਦੀ ਇਮਾਰਤ ਦੀ ਨਵ-ਉਸਾਰੀ ਕਰਵਾਈ, ਨਾਲ ਹੀ ਪਵਿੱਤਰ ਸਰੋਵਰ ਵੀ ਤਿਆਰ ਕਰਵਾਇਆ ।ਇਸ ਤੋਂ ਬਾਅਦ ਬਾਬਾ ਬਕਾਲਾ ਸਾਹਿਬ ਦੇ ਪਵਿੱਤਰ ਸਰੋਵਰ ਦੀਆਂ ਪੌੜੀਆਂ ਤੋਂ ਇਲਾਵਾ ਪਰਿਕਰਮਾ ਨੂੰ ਵੀ ਪੱਕੇ ਫਰਸ਼ ਵਿੱਚ ਬਦਲਿਆ ।ਇਹ ਸਾਰੇ ਕਾਰਜ ਦੇਸ਼ ਦੀ ਆਜ਼ਾਦੀ ਤੋਂ ਪਹਿਲਾਂ ਹੀ ਹੋਏ ।ਉਦੋਂ ਤੱਕ ਆਵਾਜਾਈ, ਸੜਕਾਂ, ਮੋਟਰ-ਗੱਡੀਆਂ ਦੀਆਂ ਸਹੂਲਤਾਂ ਵੀ ਨਾ-ਮਾਤਰ ਹੀ ਹੁੰਦੀਆਂ ਸਨ ।ਸੰਗਤ ਵਿੱਚੋਂ ਮਾਇਕ ਸਹਾਇਤਾ ਵੀ ਬਹੁਤ ਘੱਟ ਆਉਂਦੀ ਸੀ ।

ਆਜ਼ਾਦੀ ਮਿਲਣ ਤੋਂ ਥੋੜ੍ਹਾ ਸਮਾਂ ਪਹਿਲਾਂ ਆਪ ਨੇ ਸ੍ਰੀ ਨਨਕਾਣਾ ਸਾਹਿਬ ਵਿਖੇ ਗੁਰਦੁਆਰਾ ਬਲ-ਲੀਲਾ ਅਤੇ ਗੁਰਦੁਆਰਾ ਕਿਆਰਾ ਸਾਹਿਬ ਦੀਆਂ ਇਮਾਰਤਾਂ ਦੀ ਨਵਉਸਾਰੀ ਕਰਵਾਈ ।1947 ਈ: ਵਿੱਚ ਜਦੋਂ ਆਪ ਗੁਰੂ ਨਾਨਕ ਸਾਹਿਬ ਦੇ ਜਨਮ-ਅਸਥਾਨ ਦੀ ਨਵੀਂ ਇਮਾਰਤ ਦੀ ਤਿਆਰੀ ਦੀ ਯੋਜਨਾ ਉਲੀਕ ਰਹੇ ਸਨ ਤਾਂ ਬਦਕਿਸਮਤੀ ਨਾਲ ਪੰਜਾਬ ਦੋ ਟੋਟਿਆਂ ਵਿੱਚ ਵੰਡਿਆ ਗਿਆ । ਸ੍ਰੀ ਨਨਕਾਣਾ ਸਾਹਿਬ ਦੇ ਗੁਰਦੁਆਰਾ ਜਨਮ ਅਸਥਾਨ ਦੀ ਇਮਾਰਤ ਦੀ ਸੇਵਾ ਦੇ ਨਵ-ਨਿਰਮਾਣ ਦੀ ਸੇਵਾ ਨਾ ਕਰਵਾਉਣ ਦੀ ਹਿਰਦੇ ਵੇਦਕ ਘਟਨਾ ਦਾ ਦੁੱਖ, ਦੇਸ਼ ਦੀ ਵੰਡ ਦਾ ਦੁੱਖ, ਭਰੇ-ਭਕੁੰਨੇ ਘਰਾਂ ਨੂੰ ਛੱਡ ਕੇ ਸ਼ਰਨਾਰਥੀ ਬਣ ਜਾਣ ਦੀਆਂ ਅਸਹਿ ਘਟਨਾਵਾਂ ਨੇ ਬਾਬਾ ਜੀ ਦੇ ਦਇਆ, ਨਿਮਰਤਾ ਅਤੇ ਪਰਉਪਕਾਰੀ ਮਨ 'ਤੇ ਡੂੰਘੀ ਸੱਟ ਮਾਰੀ ।

ਜਦੋਂ ਆਪ ਦੇਸ਼ ਦੀ ਵੰਡ ਤੋਂ ਬਾਅਦ ਅੰਮ੍ਰਿਤਸਰ ਦੀ ਪਵਿੱਤਰ ਧਰਤੀ 'ਤੇ ਪੁੱਜੇ ਤਾਂ ਸ਼ਰਨਾਰਥੀਆਂ ਦਾ ਹੜ੍ਹ ਵੇਖ ਕੇ ਦਇਆ ਨਾਲ ਭਰਿਆ ਮਨ ਪਸੀਜਿਆ ਗਿਆ, ਭੁੱਖੇ ਭਾਣੇ ਸ਼ਰਨਾਰਥੀਆਂ ਲਈ ਲੰਗਰ ਦੀ ਸੇਵਾ ਆਰੰਭ ਕਰ ਦਿੱਤੀ ।ਨਾਲ ਹੀ ਸੋਚ ਰਹੇ ਸਨ ਧੰਨ ਗੁਰੂ ਰਾਮਦਾਸ ਜੀ ਦੇ ਇਸ ਪਾਵਨ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ ਨੂੰ ਹੋਰ ਖੁੱਲ੍ਹਾ ਕੀਤਾ ਜਾਵੇ ।30 ਨਵੰਬਰ, 1947 ਨੂੰ ਪੰਜਾਬ ਦੇ ਹੋਏ ਦੋ ਟੋਟਿਆਂ ਦੇ ਗ਼ਮ ਅਤੇ ਵਿਛੜੇ ਗੁਰਧਾਮਾਂ ਦੇ ਨਾ ਸਹਾਰੇ ਜਾ ਸਕਣ ਦੇ ਦੁੱਖ ਦੀ ਚੀਸ ਦੌਰਾਨ ਉਨ੍ਹਾਂ ਨੂੰ ਸਦੀਵੀ ਬੁਲਾਵਾ ਆ ਗਿਆ ।ਉਨ੍ਹਾਂ ਦਾ ਸਸਕਾਰ ਅਪਰਬਾਰੀ ਦੁਆਬ ਨਹਿਰ ਦੇ ਕਿਨਾਰੇ ਉਥੇ ਹੀ ਕੀਤਾ ਗਿਆ, ਜਿਥੇ ਉਹ ਆਪਣੀ ਕੁਟੀਆ ਵਿੱਚ ਬਿਰਾਜਦੇ ਸਨ ।ਆਪ ਸੱਚਮੁੱਚ ਹੀ ਸੇਵਾ ਦੀ ਮੂਰਤੀ ਬਣ ਕੇ ਜੀਵੇ । ਅੱਜ ਤਕਰੀਬਨ ਹਰੇਕ ਕਾਰ ਸੇਵਕ ਉਨ੍ਹਾਂ ਨੂੰ ਆਪਣਾ ਪ੍ਰੇਰਨਾ-ਸਰੋਤ ਮੰਨਦਾ ਹੈ । ਅਨੇਕਾਂ ਕਾਰਸੇਵਾਂ ਕਰਨ ਵਾਲੀਆਂ ਹਸਤੀਆਂ ਅੱਜ ਉਨ੍ਹਾਂ ਦੀ ਵਿਦਾਈ ਵਾਲੇ ਦਿਨ ਉਨ੍ਹਾਂ ਦੀ ਯਾਦ ਵਿੱਚ ਜੁੜ ਰਹੀਆਂ ਹਨ।





ਗੁਰੂ ਕਾਸ਼ੀ ਯੂਨੀਵਰਸਿਟੀ "ਏਸ਼ੀਅਨ ਅਫਰੀਕਨ ਲੀਡਰਸ਼ਿਪ" ਅਵਾਰਡ ਨਾਲ ਸਨਮਾਨਿਤ

# ਜੀ.ਕੇ.ਯੂ. ਗਿਆਨ ਅਤੇ ਖੋਜ ਦਾ ਚਾਨਣ ਮੁਨਾਰਾ- ਗੁਰਲਾਭ ਸਿੰਘ ਸਿੱਧੂ

**ਤਲਵੰਡੀ ਸਾਬੋ, 29 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਵਿੱਦਿਆ ਦੇ ਪ੍ਰਚਾਰ-ਪਸਾਰ ਤੇ ਖੋਜ ਦੇ ਖੇਤਰ ਵਿੱਚ ਲੰਮੇ ਸਮੇਂ ਤੋਂ ਕਾਰਜਸ਼ੀਲ ਗੁਰੂ ਕਾਸ਼ੀ ਯੂਨੀਵਰਸਿਟੀ ਨੂੰ ਨਵੀਂ ਦਿੱਲੀ ਵਿਖੇ ਹੋਈ ਹਾਈ ਲੈਵਲ ਡਿਪਲੋਮੈਟਿਕ ਮੀਟ ਵਿੱਚ ਏਸ਼ੀਅਨ-ਅਫਰੀਕਨ ਚੈਂਬਰ ਆਫ਼ ਕਾਮਰਸ ਤੇ ਇੰਡਸਟਰੀ ਵੱਲੋਂ 'ਏਸ਼ੀਅਨ ਅਫਰੀਕਨ ਲੀਡਰਸ਼ਿਪ' ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇਹ ਅਵਾਰਡ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਹਾਸਿਲ ਕੀਤਾ। ਇਸ ਸ਼ਾਨਮੱਤੀ ਪ੍ਰਾਪਤੀ ਤੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸ. ਸਿੱਧੂ ਨੇ ਕਿਹਾ ਕਿ ਵਰਸਿਟੀ ਵਿੱਦਿਆ ਅਤੇ ਗਿਆਨ ਦੇ ਖੇਤਰ ਵਿੱਚ ਚਾਨਣ ਮੁਨਾਰੇ ਦਾ ਕੰਮ ਕਰ ਰਹੀ ਹੈ। ਜੀ.ਕੇ.ਯੂ. ਆਪਣੀ ਸਥਾਪਨਾ ਤੋਂ ਹੀ ਇਲਾਕੇ ਵਿੱਚ ਵਿੱਦਿਆ ਅਤੇ ਗਿਆਨ ਦੇ ਪ੍ਰਕਾਸ਼ ਨੂੰ ਘਰ-ਘਰ ਪਹੁੰਚਾਉਣ ਅਤੇ ਸਮਾਜ ਵਿੱਚੋਂ ਅਨਪੜ੍ਹਤਾ ਦੇ ਹਨੇਰੇ ਨੂੰ ਦੂਰ ਕਰਨ ਲਈ




ਆਵਾਜ਼ਿ ਕੌਮ AWAZE QAUM International Newspaper & WEB TV

ਹਰ ਸੰਭਵ ਉਪਰਾਲਾ ਕਰ ਰਹੀ ਹੈ। ਇਸ ਨੇ ਵਿੱਦਿਆ ਦੇ ਖੇਤਰ ਵਿੱਚ ਆ ਰਹੇ ਬਦਲਾਵਾਂ, ਸਮੇਂ ਅਤੇ ਬਾਜ਼ਾਰ ਦੀ ਲੋੜ ਅਨੁਸਾਰ ਭਾਰਤ ਸਰਕਾਰ ਵੱਲੋਂ ਲਿਆਂਦੀ ਗਈ ਨਵੀਂ ਸਿੱਖਿਆ ਨੀਤੀ-2020 ਨੂੰ ਲਾਗੂ ਕੀਤਾ ਹੈ। ਦੇਸ਼ ਤੇ ਸਮਾਜ ਦੇ ਵਿਕਾਸ ਤੇ ਖੁਸ਼ਹਾਲੀ ਲਈ ਇਸ ਵੱਲੋਂ ਸਿੱਖਿਆ ਦੇ ਹਰ ਵਿਭਾਗ ਵਿੱਚ ਨਵੀਆਂ ਕਾਢਾਂ ਨੂੰ ਹੁਲਾਰਾ ਦਿੱਤਾ ਜਾ ਰਿਹਾ ਹੈ ਜਿਸ ਨੂੰ ਵੇਖਦੇ ਹੋਏ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਵੱਲੋਂ 'ਵਰਸਿਟੀ ਨੂੰ ਕੈਟੇਗਰੀ-1 ਅਤੇ ਨੈਕ ਏ++ ਦਾ ਦਰਜਾ ਹਾਸਿਲ ਹੋਇਆ ਹੈ। ਉਨ੍ਹਾਂ ਦੱਸਿਆ ਕਿ ਵਿੱਦਿਆ ਦੇ ਨਾਲ ਨਾਲ 'ਵਰਸਿਟੀ ਖੇਡਾਂ ਦੇ ਖੇਤਰ ਵਿੱਚ ਵੀ ਮੱਲ੍ਹਾਂ ਮਾਰ ਰਹੀ ਹੈ।ਵਰਸਿਟੀ ਦੇ ਖਿਡਾਰੀਆਂ ਨੇ ਅੰਤਰ-ਰਾਸ਼ਟਰੀ ਅਤੇ ਰਾਸ਼ਟਰੀ ਪੱਧਰ 'ਤੇ ਕਈ ਤਮਗੇ ਪ੍ਰਾਪਤ ਕੀਤੇ ਹਨ। ਇਸ ਸਨਮਾਨ ਦੀ ਪ੍ਰਾਪਤੀ ਤੇ ਉਹ ਹੋਰ ਤਨਦੇਹੀ ਨਾਲ ਵਿੱਦਿਆ, ਖੋਜ ਅਤੇ ਖੇਡਾਂ ਦੇ ਖੇਤਰ ਵਿੱਚ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਤਕਨੀਕ ਦੇ ਇਸ ਯੁੱਗ ਵਿੱਚ ਸਮੂਹਿਕ ਵਿਕਾਸ ਅਤੇ ਤਰੱਕੀ ਲਈ ਖੋਜ ਕਾਰਜਾਂ, ਨਵੀਆਂ ਕਾਢਾਂ, ਨਵੀਨਤਮ ਵਿਚਾਰਾਂ ਦਾ ਹੋਣਾ ਜ਼ਰੂਰੀ ਹੈ। ਇਸ ਮੌਕੇ ਡਾ. ਪੀਯੂਸ਼ ਵਰਮਾ ਕਾਰਜਕਾਰੀ ਉਪ ਕੁਲਪਤੀ ਨੇ 'ਵਰਸਿਟੀ ਪਰਿਵਾਰ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ 'ਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਤੌਰ ਤੇ ਖੇਤੀ ਅਤੇ ਕੰਪਿਊਟਰ ਦੇ ਖੇਤਰ ਵਿੱਚ ਨਵੀਆਂ ਕਾਢਾਂ ਅਤੇ ਪ੍ਰਾਪਤੀਆਂ ਹਾਸਿਲ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਪ੍ਰਾਪਤੀਆਂ ਕਾਰਨ ਕਈ ਖੋਜ ਪ੍ਰਜੈਕਟਾਂ ਲਈ ਯੂਨੀਵਰਸਿਟੀ ਨੂੰ ਭਾਰਤ ਸਰਕਾਰ ਵੱਲੋਂ ਕਈ ਗ੍ਰਾਂਟਾਂ ਵੀ ਹਾਸਿਲ ਹੋਈਆਂ ਹਨ।ਉਨ੍ਹਾਂ ਦੱਸਿਆ ਕਿ ਵਰਸਿਟੀ ਵੱਲੋਂ ਦਿੱਤੀ ਜਾ ਰਹੀ ਉੱਚੇਰੀ ਤੇ ਮਿਆਰੀ ਸਿੱਖਿਆ ਕਾਰਨ ਕਈ ਅਫਰੀਕਨ ਦੇਸ਼ਾਂ ਦੇ ਵਿਦਿਆਰਥੀਆਂ ਸਮੇਤ 26 ਤੋਂ ਵੱਧ ਦੇਸ਼ਾਂ ਦੇ ਵਿਦਿਆਰਥੀ ਸਿੱਖਿਆ ਹਾਸਿਲ ਕਰ ਰਹੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਨਵੇਂ ਪੇਟੇਂਟ ਲਈ ਵੀ ਪ੍ਰੋਤਸਾਹਿਤ ਕੀਤਾ।ਉਨ੍ਹਾਂ ਦੱਸਿਆ ਕਿ 'ਵਰਸਿਟੀ ਸਵੈ ਉਦਯੋਗ ਸਥਾਪਿਤ ਕਰਨ, ਬਾਜ਼ਾਰ ਤੇ ਉਦਯੋਗਾਂ ਦੀ ਲੋੜ ਅਨੁਸਾਰ ਨਵੇਂ ਕੋਰਸ ਚਲਾ ਰਹੀ ਤੇ ਸਮੇਂ ਦੀ ਮੰਗ ਅਨੁਸਾਰ ਨਵੇਂ ਸਿਲੇਬਸ ਤਿਆਰ ਕੀਤੇ ਜਾ ਰਹੇ ਹਨ।




# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ ਅੱਜ 30 ਨਵੰਬਰ ਨੂੰ

## ਦੁਪਹਿਰ 1 ਵਜ਼ੇ ਵਿਸ਼ਾਲ ਨਗਰ ਕੀਰਤਨ ਸ਼ਾਮ 4 ਵਜੇ ਤੋਂ ਰਾਤ 11 ਵਜ਼ੇ ਤੱਕ ਗੁਰਮਤਿ ਸਮਾਗਮ

**ਜੰਡਿਆਲਾ ਗੁਰੂ 29 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਤਾ ਗੱਦੀ ਨੂੰ ਸਮਰਪਿਤ ਸਾਲਾਨਾ ਗੁਰਮਤਿ ਸਮਾਗਮ 30 ਨਵੰਬਰ, ਦਿਨ ਸ਼ਨੀਵਾਰ ਨੂੰ ਸਵੇਰ ਤੋਂ ਆਰੰਭ ਹੋਣਗੇ ਜਿਸ ਵਿਚ ਟੀਊਸ਼ਨ ਸੈਂਟਰ, ਸ. ਗੁਰਪਿੰਦਰ ਸਿੰਘ ਮਾਨ ਦੇ ਗ੍ਰਹਿ ਵਿਖੇ ਗਲੀ ਨੰ.7, ਸਰਦਾਰ ਐਵੀਨਿਓ, ਮਜੀਠਾ ਰੋਡ, ਅੰਮ੍ਰਿਤਸਰ ਵਿਖੇ ਸਰਦਾਰ ਐਵੀਨਿਊ ਅਤੇ ਤੁੰਗ ਬਾਲਾ ਮਜੀਠਾ ਰੋਡ ਅਤੇ ਇਲਾਕੇ ਦੀਆਂ ਸਮੁਚੀਆਂ ਸੰਗਤਾਂ ਦੇ ਸਹਿਯੋਗ ਨਾਲ ਮੇਨ ਬਜ਼ਾਰ ਤੁੰਗ ਬਾਲਾ ਵਿਖੇ ਅੱਜ 30 ਨਵੰਬਰ ਨੂੰ ਸਵੇਰੇ 11 ਵਜ਼ੇ ਤਿੰਨ ਰੋਜ਼ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਅਤੇ ਦਿਨ ਦੇ ਦੀਵਾਨ ਸਜਾਏ ਜਾਣਗੇ ਜਿਸ ਵਿਚ ਦਿਨ ਦੇ ਦੀਵਾਨ ਦੀ ਸਮਾਪਤੀ ਤੋਂ ਉਪਰੰਤ 01 ਵਜ਼ੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ਅਤੇ ਸ਼ਾਮ ਨੂੰ ਖੁੱਲੇ ਪੰਡਾਲ ਵਿੱਚ 4 ਵਜ਼ੇ ਨਗਰ ਕੀਰਤਨ ਪਹੁੰਚੇਗਾ ਅਤੇ ਉਪਰੰਤ ਧਾਰਮਿਕ ਦੀਵਾਨਾਂ ਦੀ ਆਰੰਭਤਾ ਹੋਵੇਗੀ ਅਤੇ ਰਾਤ 11 ਵਜ਼ੇ ਦੀਵਾਨਾਂ ਦੀ ਪੂਰਨ ਸਮਾਪਤੀ ਹੋਵੇਗੀ ਇਸ ਸਮਾਗਮ ਵਿੱਚ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਸਿੰਘ ਸਾਹਿਬਾਨ,ਸੰਤ ਮਹਾਂਪੁਰਖ ਅਤੇ ਪੰਥ ਪ੍ਰਸਿੱਧ ਰਾਗੀ ਜੱਥੇ ਪ੍ਰਚਾਰਕ ਪਹੁੰਚ ਰਹੇ ਹਨ ਜੋ ਸੰਗਤਾਂ ਨੂੰ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਕੀਰਤਨ,ਗੁਰੂ ਇਤਿਹਾਸ ਰਾਹੀਂ ਸੰਗਤਾਂ ਨਾਲ ਵੀਚਾਰਾਂ ਦੀ ਸਾਂਝ ਪਾਉਣਗੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਅਤੇ ਸੰਗਤਾਂ ਨੂੰ ਬੇਨਤੀ ਕਰਦਿਆਂ ਹੋਇਆਂ ਸੁਰਜੀਤ ਸਿੰਘ ਛੀਨਾ 98153-84031, ਕਾਬਲ ਸਿੰਘ 98557-07181 ਸੁਖਬੀਰ ਸਿੰਘ ਮਾਨ 80545-51492 ਨੇ ਕਿਹਾ ਕਿ ਵੱਧ ਤੋਂ ਵੱਧ ਸੰਗਤਾਂ ਸਮਾਗਮ ਵਿੱਚ ਪਹੁੰਚ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਅਤੇ ਆਪਣਾ ਜੀਵਨ ਸਫ਼ਲ ਬਣਾਓ।

ਆਵਾਜ਼ਿ ਕੌਮ AWAZE QAUM International Newspaper & WEB TV


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)







# ਮਹਾਨ ਗੁਰਮਤਿ ਸਮਾਗਮ

**ਅਕਾਲ ਚਲਾਣਾ ਭਾਈ ਮਰਦਾਨਾ ਸਾਹਿਬ ਜੀ ਅਤੇ ਜਨਮ ਦਿਹਾੜਾ ਬਾਬਾ ਗੁਰਦਿੱਤਾ ਸਾਹਿਬ ਜੀ ਅਤੇ ਜਨਮ ਦਿਹਾੜਾ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।**

☛ **ਸ਼ਨਿੱਚਰਵਾਰ 30 ਨਵੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।**

☛ ਐਤਵਾਰ 1 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਰਜਿੰਦਰ ਸਿੰਘ ਨਾਨਕਸਰ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**



ਰੰਘਰੇਟਾ ਗੁਰੂ ਕਾ ਬੇਟਾ
ੴ ਸਤਿਗੁਰ ਪ੍ਰਸਾਦਿ ॥
ਰੰਘਰੇਟਾ ਗੁਰੂ ਕਾ ਬੇਟਾ
ਤਿਲਕ ਜੰਞੂ ਦੇ ਰਾਖੇ ਹਿੰਦ ਦੀ ਚਾਦਰ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਦੇ 350 ਸਾਲ ਸ਼ਹੀਦੀ ਸਤਾਬਦੀ ਸਮਾਗਮ ਨੂੰ ਸਮਰਪਿਤ
ਅਤੇ ਗੁਰੂ ਸਾਹਿਬ ਜੀ ਦੇ ਨਾਲ ਸ਼ਹੀਦੀ ਪ੍ਰਾਪਤ ਕਰਨ ਵਾਲੇ ਸਿੱਖ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ ਮਹਾਨ ਸਹਾਦਤ ਨੂੰ ਸਮਰਪਿਤ ਅਮਰ ਸ਼ਹੀਦ ਸ਼੍ਰੋਮਣੀ ਜਰਨੈਲ ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ) ਦੇ ਦਿੱਲੀ (ਚਾਂਦਨੀ ਚੌਂਕ) ਤੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ (ਪਾਵਨ ਸੀਸ ) ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੇ ਮਹਾਨ ਦਿਨ ਨੂੰ ਯਾਦ ਕਰਦਿਆਂ
ਸਮੁੱਚੀਆਂ ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ
ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਪੰਜ ਪਿਆਰਿਆਂ ਦੀ
ਅਗਵਾਈ ਵਿੱਚ ਨਿਸ਼ਾਨ ਸਾਹਿਬ ਅਤੇ ਨਗਾਰਿਆਂ ਦੀ ਗੂੰਜ ਵਿੱਚ
ਮਿਤੀ 6-12-24 ਦਿਨ ਸ਼ੁੱਕਰਵਾਰ ਨੂੰ
ਮਹਾਨ ਸੀਸ ਭੇਟਾ ਵਿਸ਼ਾਲ ਨਗਰ ਕੀਰਤਨ
ਆਪ ਸਭ ਸੰਗਤਾਂ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਇਸ ਮਹਾਨ ਪਰ ਉਪਕਾਰ ਵਾਲੇ ਦਿਨ ਨੂੰ ਯਾਦ ਕਰਦਿਆਂ ਵੱਧ ਤੋਂ ਵੱਧ ਸੰਗਤਾਂ ਸੀਸ ਭੇਟ ਯਾਤਰਾ ਦੇ ਵਿਸ਼ਾਲ ਨਗਰ ਕੀਰਤਨ ਵਿੱਚ ਆਪੋ ਆਪਣੀਆਂ ਗੱਡੀਆਂ ਲੈ ਕੇ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ ।
ਯਾਤਰਾ ਦਾ ਰੂਟ ਵੇਰਵਾ:-
ਆਵਾਜ਼ਿ ਕੌਮ AWAZE QAUM International Newspaper & WEB TV
ਮਿਤੀ 6-12-24 ਦਿਨ ਸ਼ੁੱਕਰਵਾਰ ਨੂੰ
ਗੁ: ਸੀਸ ਗੰਜ ਸਾਹਿਬ ਦਿੱਲੀ ਤੋਂ ਸਵੇਰੇ 8:00 ਵਜੇ ਆਰੰਭ ਹੋਵੇਗਾ ।
ਗੁ: ਸ਼੍ਰੀ ਨਾਨਕ ਪਿਆਉ ਦੇ ਰਸਤੇ ਸੋਨੀਪਤ, ਪਾਣੀਪਤ, ਕਰਨਾਲ ਬਾਈਪਾਸ, ਗ ਲੰਗਰ ਮਾਤਾ ਸਾਹਿਬ ਦੇਵਾਂ ਜੀ।
ਨਾਨਕਸਰ ਕਰਨਾਲ ਦੇ ਰਸਤੇ ਵਿਸ਼ਰਾਮ ਗੁ: ਸੀਸ ਗੰਜ ਸਾਹਿਬ ਤਰਾਵੜੀ ਵਿਖੇ ਹੋਵੇਗਾ ।
ਮਿਤੀ 7-12-24 ਦਿਨ ਸ਼ਨੀਵਾਰ ਨੂੰ
ਗੁ: ਸੀਸ ਗੰਜ ਸਾਹਿਬ ਤੋਂ ਤਰਾਵੜੀ ਤੋਂ ਆਰੰਭ ਹੋ ਕੇ ਵਾਇਆ ਕੁਰਕਸ਼ੇਤਰ ਵਿਖੇ, ਗੁ: ਮੰਜੀ ਸਾਹਿਬ ਪਾਤਿਸ਼ਾਹੀ ਛੇਵੀਂ ਤੇ ਪਿੱਪਲੀ ਸੰਪਰਦਾ ਨੀਲ ਧਾਰੀ ਤੋਂ ਸ਼ਾਹਬਾਦ ਦੇ ਰਸਤੇ ਗੁ: ਮੰਜੀ ਸਾਹਿਬ ਪਾਤਿਸ਼ਾਹੀ ਛੇਵੀਂ ਅੰਬਾਲਾ ਤੋਂ ਹੁੰਦਾ ਹੋਇਆ ਰਾਤ ਦਾ ਵਿਸ਼ਰਾਮ ਗੁ: ਨਾਭਾ ਸਾਹਿਬ ਜੀਰਕਪੁਰ ਵਿਖੇ ਹੋਵੇਗਾ ।
ਮਿਤੀ 8-12-24 ਦਿਨ ਐਤਵਾਰ ਨੂੰ
ਗੁ: ਨਾਭਾ ਸਾਹਿਬ ਜੀਰਕਪੁਰ ਤੋਂ ਆਰੰਭ ਹੋ ਕੇ ਏਅਰਪੋਰਟ ਰੋਡ ਤੋਂ ਆਈਸਰ ਕੰਪਨੀ ਤੋਂ ਹੁੰਦਾ ਹੋਇਆ ਫੇਜ਼ 11 ਵਿਖੇ ਗੁ: ਸਿੰਘ ਸਭਾ ਤੋਂ ਗੁ: ਬਾਬਾ ਨਾਮਦੇਵ ਜੀ ਫੇਜ਼ 10 ਤੋਂ ਗੁ: ਸਿੰਘ ਸ਼ਹੀਦਾਂ ਸੁਹਾਣਾਂ ਤੋਂ ਗੁ ਅੰਬ ਸਾਹਿਬ ਫੇਜ਼ 8 ਤੋਂ ਗੁ: ਸਿੰਘ ਸਭਾ ਤੋਂ ਗੁ ਰਵੀਦਾਸ ਟੈਂਪਲ ਫੇਜ਼ 7 ਤੋਂ ਗੁ ਸਾਚਾ ਧੰਨ ਫੇਜ ਤਬੀ 1 ਤੇ ਹੁੰਦਾ ਹੋਇਆ ਗੁ ਰਾਮਗੜੀਆਂ ਸਾਹਿਬ 3 ਬੀ 1 ਤੋਂ ਹੁੰਦਾ ਹੋਇਆ ਗੁ: ਬਾਬਾ ਜੀਵਨ ਸਿੰਘ ਫੇਜ 3 ਏ ਖੈਰ ਲਾਂਡਰਾ ਰਸਤੇ ਹੁੰਦਾ ਹੋਇਆ ਰਾਤ ਵਿਸ਼ਰਾਮ ਸ੍ਰੀ ਫਤਹਿਗੜ ਸਾਹਿਬ ਸਰਹੰਦ ਵਿਖੇ ਹੋਵੇਗਾ ।
ਮਿਤੀ 9-12-24 ਦਿਨ ਸੋਮਵਾਰ ਨੂੰ
ਗੁ: ਫਤਿਹਗੜ ਸਾਹਿਬ ਤੋਂ ਅਰੰਭ ਹੋ ਕੇ ਚਾਇਆ ਮੋਰਿੰਡਾਂ ਹੁੰਦਾ ਹੋਇਆ ਗੁ ਕੀਤਵਾਲੀ ਸਾਹਿਬ ਤੇ ਹੁੰਦਾ ਹੋਇਆ ਗੁ ਸ੍ਰੀ ਚਮਕੌਰ ਸਾਹਿਬ ਹੁੰਦਾ ਹੋਇਆ ਗੁ: ਸ਼ਹੀਦ ਬਾਬਾ ਦੀਪ ਸਿੰਘ ਸੇਲਖੀਆਂ, ਗੁ: ਭੱਠਾ ਸਾਹਿਬ ਪਾਤਿਸ਼ਾਹੀ ਦਸਵੀਂ ਤੋਂ ਗੁ ਸਦਾਬਰਤ ਸਾਹਿਬ ਤੋਂ ਸਾਹੀ ਟਿੱਬੀ ਤੋਂ ਗੁ: ਨਿਰਮੋਹਗੜ੍ਹ ਦੇ ਰਸਤੇ ਗੁ: ਕੀਰਤਪੁਰ ਸਾਹਿਬ ਰੋਪੜ ਵਿਖੇ ਰਾਤ ਦਾ ਵਿਸ਼ਰਾਮ
ਮਿਤੀ 10-12-24 ਦਿਨ ਮੰਗਲਵਾਰ ਨੂੰ
ਸਵੇਰੇ 7:00 ਵਜੇ ਗੁ: ਬਿਬਾਣਗੜ੍ਹ ਸਾਹਿਬ ਅਰੰਭ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਮੂਹ ਸੰਗਤਾਂ ਨਗਰ ਕੀਰਤਨ ਨੂੰ ਜੀ ਆਇਆ ਕਰਨ ਤੇ ਵਿਸ਼ਾਲ ਨਗਰ ਕੀਰਤਨ ਰਾਹੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਸੰਗਤਾਂ ਵੱਲੋਂ
ਗੁ: ਸੀਸ ਗੰਜ਼ ਸਾਹਿਬ (ਸ੍ਰੀ ਅਨੰਦਪੁਰ ਸਾਹਿਬ) ਵਿਖੇ ਕੀਰਤਨ ਦਰਬਾਰ ਹੋਵੇਗਾ
ਅਤੇ ਨਗਰ ਕੀਰਤਨ ਸਮਾਪਤੀ ਦੀ ਅਰਦਾਸ ਕੀਤੀ ਜਾਵੇਗੀ ।
ਜਥੇਦਾਰ ਬਾਬਾ ਮੇਜਰ ਸਿੰਘ ਸੋਢੀ
ਮੁੱਖੀ ਦਸਮੇਸ਼ ਤਰਨਾ ਦਲ ਪੰਜਵਾਂ ਨਿਸ਼ਾਨ ਮਿਸਲ
1300 ਘੋੜ ਸਵਾਰ ਸ਼ਹੀਦ ਬਾਬਾ ਬੀਰ ਸਿੰਘ ਰੰਘਰੇਟਾ
ਸ੍ਰੀ ਅੰਮ੍ਰਿਤਸਰ ਸਾਹਿਬ
ਮਹਿਤਾ ਚੌਂਕ
ਭਾਈ ਸੁਖਦੇਵ ਸਿੰਘ ਜੀ
ਮੁੱਖ ਬੁਲਾਰੇ ਦਮਦਮੀ ਟਕਸਾਲ





ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਤਿਕਾਰਯੋਗ

# ਸੰਤਸਰੂਪ ਮਾਤਾ ਬਲਵੀਰ ਕੌਰ ਜੀ ਦੀ ਦੂਜੀ ਸਲਾਨਾ ਬਰਸੀ ਸਮੇਂ 'ਮਹਾਨ ਯਾਦਗਾਰੀ ਸਮਾਗਮ'

☛ ਪਾਕਿਸਤਾਨ ਦੀਆਂ ਸਿੱਖ ਸੰਗਤਾਂ ਵੱਲੋਂ ਜਥੇਦਾਰ ਦਾਦੂਵਾਲ ਜੀ ਨੂੰ ਯਾਦਗਾਰੀ ਸਿੱਕਾ ਭੇਂਟ ਕੀਤਾ ਗਿਆ ☛ ਇੱਕ ਸ਼ਹੀਦ ਪਰਿਵਾਰ ਦੀ ਬੇਟੀ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਮਾਨ ਸਤਿਕਾਰਯੋਗ ਮਾਤਾ ਜੀ ਦੀ ਯਾਦ ਵਿੱਚ ਭੇਂਟ ਕੀਤਾ ਗਿਆ














(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਤਿਕਾਰਯੋਗ ਸੰਤਸਰੂਪ ਮਾਤਾ ਬਲਵੀਰ ਕੌਰ ਜੀ ਦੀ ਦੂਜੀ ਸਲਾਨਾ ਬਰਸੀ ਸਮੇਂ ਵਿਸ਼ੇਸ਼ ਅੱਜ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਹਰਿਆਣਾ ਵਿਖੇ "ਮਹਾਨ ਯਾਦਗਾਰੀ ਸਮਾਗਮ" ਹੋਇਆ ਜਿਸ ਵਿੱਚ ਧੁਰਕੀ ਬਾਣੀ ਦੇ ਸ਼੍ਰੀ ਅਖੰਡ ਪਾਠ ਸਾਹਿਬ ਕਥਾ ਕੀਰਤਨ ਕੀਤੇ ਗਏ ਪੰਥ ਪ੍ਰਸਿੱਧ ਸੰਤ ਮਹਾਂਪੁਰਸ਼ ਧਾਰਮਿਕ ਰਾਜਨੀਤਿਕ ਆਗੂ ਸਾਹਿਬਾਨਾਂ ਨੇ ਹਾਜ਼ਰੀ ਭਰੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ,ਸੀਨੀਅਰ ਮੀਤ ਪ੍ਰਧਾਨ,ਜਰਨਲ ਸਕੱਤਰ,ਅੰਤ੍ਰਿੰਗ ਮੈਂਬਰ,ਸੀਨੀਅਰ ਮੈਂਬਰ ਸਾਹਿਬਾਨ,ਸਾਬਕਾ ਮੈਂਬਰ ਸਾਹਿਬਾਨ ਇਸ ਸਮੇਂ ਹਾਜ਼ਰ ਸਨ ਠਾਠਾ ਮਾਰਦੇ ਪੰਥਕ ਇਕੱਠ ਵਿੱਚ ਪੰਥਕ ਭਾਵਨਾਵਾਂ ਨੂੰ ਮੁੱਖ ਰੱਖਦੇ ਸ਼੍ਰੋਮਣੀ ਅਕਾਲੀ ਦਲ (ਆਜ਼ਾਦ) ਦਾ ਐਲਾਨ ਜਥੇਦਾਰ ਦਾਦੂਵਾਲ ਜੀ ਵੱਲੋਂ ਕੀਤਾ ਗਿਆ ਜਿਸ ਵਿੱਚ ਸੰਗਤਾਂ ਵਿੱਚੋਂ ਪੰਜ ਪਿਆਰਿਆਂ ਦੀ ਚੋਣ ਕੀਤੀ ਗਈ ਜੋ 15 ਦਿਨਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਪ੍ਰਧਾਨ ਦਾ ਐਲਾਨ ਕਰਨਗੇ ਇਸ ਸਮੇਂ ਪਾਕਿਸਤਾਨ ਦੀਆਂ ਸਿੱਖ ਸੰਗਤਾਂ ਵੱਲੋਂ ਜਥੇਦਾਰ ਦਾਦੂਵਾਲ ਜੀ ਨੂੰ ਯਾਦਗਾਰੀ ਸਿੱਕਾ ਭੇਂਟ ਕੀਤਾ ਗਿਆ ਇੱਕ ਸ਼ਹੀਦ ਪਰਿਵਾਰ ਦੀ ਬੇਟੀ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਮਾਨ ਸਤਿਕਾਰਯੋਗ ਮਾਤਾ ਜੀ ਦੀ ਯਾਦ ਵਿੱਚ ਭੇਂਟ ਕੀਤਾ ਗਿਆ ਪੰਥ ਪ੍ਰਸਿੱਧ ਵਿਦਵਾਨ ਗਿਆਨੀ ਦਿੱਤ ਸਿੰਘ ਜੀ ਦੀ ਯਾਦ ਵਿੱਚ ਉਨਾਂ ਦੇ ਨਗਰ ਨੰਦਪੁਰ ਕਲੌੜ ਵਿਖੇ ਬਣ ਰਹੀ ਲਾਇਬ੍ਰੇਰੀ ਨੂੰ 2 ਲੱਖ ਰੁਪਏ ਦਾ ਚੈੱਕ ਭੇਂਟ ਕੀਤਾ ਗਿਆ ਹਰਿਆਣਾ ਪੰਜਾਬ ਚੋਂ ਵੱਡੀ ਗਿਣਤੀ ਚ ਪੰਥ ਦਰਦੀ ਸ਼ਖਸ਼ੀਅਤਾਂ ਅਤੇ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ ਗੁਰੂ ਕਾ ਲੰਗਰ ਅਤੁੱਟ ਵਰਤਿਆ ਚੜਦੀ ਕਲਾ ਟਾਈਮ ਟੀਵੀ ਸਹਿਤ ਅਨੇਕਾਂ ਚੈਨਲਾਂ ਵਲੋਂ ਸਾਰਾ ਪ੍ਰੋਗਰਾਮ ਲਾਈਵ ਟੈਲੀਕਾਸਟ ਕੀਤਾ ਗਿਆ ਜਥੇਦਾਰ ਦਾਦੂਵਾਲ ਜੀ ਵੱਲੋਂ ਆਈਆਂ ਸ਼ਖਸੀਅਤਾਂ ਸੰਤ ਮਹਾਂਪੁਰਸ਼ਾਂ ਪੰਥਕ ਧਾਰਮਿਕ ਰਾਜਨੀਤਿਕ ਆਗੂ ਸ਼ਖਸ਼ੀਅਤਾਂ ਨੂੰ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ••

ਆਵਾਜ਼ਿ ਕੌਮ AWAZE QAUM International Newspaper & WEB TV












ਆਵਾਜ਼ਿ ਕੌਮ AWAZE QAUM International Newspaper & WEB TV

## ਪੰਥਕ ਇਕੱਠ ਗੁਰਦੁਆਰਾ ਦਾਦੂ ਸਾਹਿਬ ਵਿਖੇ

# ਪੰਥਕ ਆਗੂਆਂ ਨੇ ਕੀਤਾ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦਾ ਐਲਾਨ

**ਸਮੂੰਹ ਸੰਗਤਾਂ ਸੰਤ ਮਹਾਂਪੁਰਸ਼ਾਂ ਪੰਥਕ ਆਗੂਆਂ ਦੀ ਹਾਜ਼ਰੀ ਜੈਕਾਰਿਆਂ ਦੀ ਗੂੰਜ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ,ਧਰਮ ਪ੍ਰਚਾਰ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਪੰਥਕ ਆਗੂਆਂ ਸੰਤ ਮਹਾਂਪੁਰਸ਼ਾਂ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆ ਰਹੀਆਂ ਚੋਣਾਂ ਨੂੰ ਇੱਕ ਪਲੇਟਫਾਰਮ ਤੇ ਲੜਨ ਅਤੇ ਸਿੱਖ ਸੰਗਤਾਂ ਨੂੰ ਦਰਪੇਸ਼ ਮੁਸ਼ਿਕਲਾਂ ਦੇ ਹੱਲ ਲਈ ਸ਼੍ਰੋਮਣੀ ਅਕਾਲੀ ਦਲ (ਆਜ਼ਾਦ) ਦਾ ਐਲਾਨ ਕੀਤਾ ਗਿਆ**

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਸਤਿਕਾਰਯੋਗ ਸੰਤਸਰੂਪ ਮਾਤਾ ਬਲਵੀਰ ਕੌਰ ਜੀ ਦੀ ਦੂਜੀ ਸਲਾਨਾ ਯਾਦ ਨੂੰ ਮਨਾਉਂਦੇ ਹੋਏ ਉਨਾਂ ਦੇ ਮੁੱਖ ਅਸਥਾਨ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਹਰਿਆਣਾ ਵਿਖੇ ਇੱਕ ਯਾਦਗਾਰੀ ਪੰਥਕ ਇਕੱਠ ਹੋਇਆ ਜਿਸ ਵਿੱਚ ਸਮੂੰਹ ਸੰਗਤਾਂ ਸੰਤ ਮਹਾਂਪੁਰਸ਼ਾਂ ਪੰਥਕ ਆਗੂਆਂ ਦੀ ਹਾਜ਼ਰੀ ਜੈਕਾਰਿਆਂ ਦੀ ਗੂੰਜ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ,ਧਰਮ ਪ੍ਰਚਾਰ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਪੰਥਕ ਆਗੂਆਂ ਸੰਤ ਮਹਾਂਪੁਰਸ਼ਾਂ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆ ਰਹੀਆਂ ਚੋਣਾਂ ਨੂੰ ਇੱਕ ਪਲੇਟਫਾਰਮ ਤੇ ਲੜਨ ਅਤੇ ਸਿੱਖ ਸੰਗਤਾਂ ਨੂੰ ਦਰਪੇਸ਼ ਮੁਸ਼ਿਕਲਾਂ ਦੇ ਹੱਲ ਲਈ ਸ਼੍ਰੋਮਣੀ ਅਕਾਲੀ ਦਲ (ਆਜ਼ਾਦ) ਦਾ ਐਲਾਨ ਕੀਤਾ ਗਿਆ ਜਿਸ ਵਿੱਚ ਪੰਥਕ ਇਕੱਠ ਵੱਲੋਂ ਪੰਚ ਪ੍ਰਧਾਨੀ ਮਰਿਆਦਾ ਨੂੰ ਮੁੱਖ ਰੱਖਦੇ ਹੋਏ ਪੰਜ ਸਿੱਖ ਆਗੂਆਂ ਭਾਈ ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ,ਭਾਈ ਸਵਰਨ ਸਿੰਘ ਰਤੀਆ,ਭਾਈ ਉਮਰਾਓ ਸਿੰਘ ਛੀਨਾ ਕੈਂਥਲ,ਭਾਈ ਸਵਰਨ ਸਿੰਘ ਬੁੰਗਾ ਟਿੱਬਾ ਪੰਚਕੂਲਾ ਅਤੇ ਭਾਈ ਮਲਕੀਤ ਸਿੰਘ ਪੰਨੀਵਾਲਾ ਸਿਰਸਾ ਦੀ ਜ਼ਿੰਮੇਵਾਰੀ ਲਗਾਈ ਗਈ ਕੇ ਉਹ ਸਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜ ਕੇ ਅਰਦਾਸ ਕਰਨ ਉਪਰੰਤ 15 ਦਿਨਾਂ ਵਿੱਚ ਸਿੱਖ ਸੰਗਤਾਂ ਸੰਤ ਮਹਾਂਪੁਰਸ਼ਾਂ ਪੰਥਕ ਜਥੇਬੰਦੀਆਂ ਦਾ ਰਾਏ ਮਸ਼ਵਰਾ ਲੈ ਕੇ ਪ੍ਰਧਾਨ ਦਾ ਐਲਾਨ ਕਰਨਗੇ ਉਸ ਤੋਂ ਬਾਅਦ ਸਮੁੱਚੇ ਅਹੁਦੇਦਾਰਾਂ ਅਤੇ 40 ਵਾਰਡਾਂ ਦੇ ਉਮੀਦਵਾਰਾਂ ਦਾ ਐਲਾਨ ਕੀਤਾ ਜਾਏਗਾ ਯਾਦਗਾਰੀ ਸਮਾਗਮ ਪੰਥਕ ਇਕੱਠ ਵਿੱਚ ਪ੍ਰਸਿੱਧ ਕੀਰਤਨੀਏ ਭਾਈ ਕਾਰਜ ਸਿੰਘ ਦਮਦਮੀ ਟਕਸਾਲ ਹਜ਼ੂਰੀ ਰਾਗੀ ਸੱਚਖੰਡ ਸ੍ਰੀਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ,ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਹਰਿਆਣਾ ਕਮੇਟੀ ਦੇ ਮੁੱਖ ਪ੍ਰਚਾਰਕ ਭਾਈ ਰਣਜੀਤ ਸਿੰਘ ਨੇ ਰਸਭਿੰਨਾ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਸਮਾਪਤੀ ਦੀ ਅਰਦਾਸ ਅਤੇ ਹੁਕਮਨਾਮੇ ਦੀ ਸੇਵਾ ਸਿੰਘ ਸਾਹਿਬ ਗਿ: ਜਗਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਨਾਢਾ ਸਾਹਿਬ ਪੰਚਕੂਲਾ ਵੱਲੋਂ ਨਿਭਾਈ ਗਈ ਪੰਥਕ ਇਕੱਠ ਨੂੰ ਸੰਬੋਧਨ ਕਰਨ ਵਾਲੇ ਬੁਲਾਰਿਆਂ ਵਿੱਚ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ



ਅਸੰਧ,ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ,ਪੰਥਕ ਬੁਲਾਰੇ ਭਾਈ ਮੋਹਕਮ ਸਿੰਘ ਦਮਦਮੀ ਟਕਸਾਲ,ਪ੍ਰਸਿੱਧ ਵਿਦਵਾਨ ਡਾ: ਸੁਰਿੰਦਰ ਸਿੰਘ ਗਿੱਲ ਯੂਐਸਏ ਨੇ ਸਤਿਕਾਰਯੋਗ ਮਾਤਾ ਜੀ ਦੇ ਗੁਰਮੁੱਖ ਜੀਵਨ ਪਰਥਾਏ ਵਿਚਾਰ ਸਾਂਝੇ ਕੀਤੇ ਅਤੇ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੀ ਸ਼ੁਰੂਆਤ ਤੇ ਸਭ ਨੂੰ ਵਧਾਈ ਦਿੱਤੀ ਇਸ ਸਮੇਂ ਪਾਕਿਸਤਾਨ ਦੀਆਂ ਸਿੱਖ ਸੰਗਤਾਂ ਵੱਲੋਂ ਭੇਜੇ ਗਏ ਗੁਰੂ ਨਾਨਕ ਦੇਵ ਸਾਹਿਬ ਯਾਦਗਾਰੀ ਸਿੱਕੇ ਦੀ ਭੇਂਟ ਜਥੇਦਾਰ ਦਾਦੂਵਾਲ ਜੀ ਨੂੰ ਡਾ: ਸੁਰਿੰਦਰ ਸਿੰਘ ਗਿੱਲ ਯੂਐਸਏ ਵੱਲੋਂ ਕੀਤੀ ਗਈ ਸੰਤ ਮੋਹਨ ਸਿੰਘ ਮਤਵਾਲਾ ਪਬਲਿਕ ਸਕੂਲ ਤਿਲੋਕੇਵਾਲਾ ਅਤੇ ਸ੍ਰੀ ਚੈਤਨਿੰਆ ਟੈਕਨੋ ਸਕੂਲ ਕਾਲਿਆਂਵਾਲੀ ਮੰਡੀ ਵੱਲੋਂ ਪ੍ਰਿੰਸੀਪਲ ਤੇ ਸਟਾਫ ਨੇ ਜਥੇਦਾਰ ਦਾਦੂਵਾਲ ਜੀ ਨੂੰ ਸਿਰਪਾਓ ਸ੍ਰੀ ਸਾਹਿਬ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ ਯਾਦਗਾਰੀ ਪੰਥਕ ਇਕੱਠ ਵਿੱਚ ਸਤਿਕਾਰਯੋਗ ਮਹਾਂਪੁਰਸ਼ ਸੰਤ ਰਜਿੰਦਰ ਸਿੰਘ ਇਸਰਾਣਾ ਸਾਹਿਬ,ਸੰਤ ਅਮਰੀਕ ਸਿੰਘ ਕਾਰ ਸੇਵਾ ਹੀਰਾ ਬਾਗ ਪਟਿਆਲਾ,ਸੰਤ ਦਿਲਬਾਗ ਸਿੰਘ ਕਾਰ ਸੇਵਾ ਸ੍ਰੀ ਅਨੰਦਪੁਰ ਸਾਹਿਬ,ਸੰਤ ਪਵਿੱਤਰ ਸਿੰਘ ਖਨੌਰੀ,ਸੰਤ ਬਰਿੰਦਰ ਸਿੰਘ ਜਗਮਾਲਵਾਲੀ,ਸੰਤ ਕਾਹਨ ਸਿੰਘ ਸੇਵਾਪੰਥੀ ਗੋਨਿਆਣਾ ਮੰਡੀ,ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਪੰਥਕ ਸੇਵਾ ਲਹਿਰ ਦਾਦੂ ਸਾਹਿਬ,ਬਾਬਾ ਜੀਵਨ ਸਿੰਘ ਚੁਨਾਗਰਾ,ਬਾਬਾ ਜਗਤਾਰ ਸਿੰਘ ਕਾਰ ਸੇਵਾ ਸਿਰਸਾ ਜਥੇਦਾਰ ਬਾਬਾ ਨਿੰਦਰ ਸਿੰਘ,ਬਾਬਾ ਬਿੱਕਰ ਸਿੰਘ ਕਾਰ ਸੇਵਾ ਕੇਵਲ,ਬਾਬਾ ਗੁਰਪਾਲ ਸਿੰਘ ਚੋਰਮਾਰ,ਬਾਬਾ ਸਰਬਜੀਤ ਸਿੰਘ ਨਿਹੰਗ ਸਿੰਘ ਤਲਵੰਡੀ ਸਾਬੋ,ਨਾਮਧਾਰੀ ਬਾਬਾ ਉਦੇ ਸਿੰਘ ਵੱਲੋਂ ਨਾਮਧਾਰੀ ਪੂਰਨ ਸਿੰਘ ਬੁੱਢੀਮਾੜੀ,ਨਾਮਧਾਰੀ ਗੁਰਦੀਪ ਸਿੰਘ,ਨਾਮਧਾਰੀ ਠਾਕੁਰ ਦਲੀਪ ਸਿੰਘ ਵੱਲੋਂ ਨਾਮਧਾਰੀ ਜਸਵੀਰ ਸਿੰਘ ਸਿਰਸਾ,ਬਾਬਾ ਸਤਨਾਮ ਸਿੰਘ ਗੁਰਦੁਆਰਾ 34 ਸਿੰਘ ਸ਼ਹੀਦਾਂ ਸ਼ਾਹਪੁਰ ਬੇਲਾ ਰੋਪੜ,ਬਾਬਾ ਅਰਜਨ ਸਿੰਘ ਲਹਿਰੀ,ਬਾਬਾ ਸੁਖਪਾਲ ਸਿੰਘ ਤਖ਼ਤਮੱਲ,ਬਾਬਾ ਪ੍ਰਤਾਪ ਸਿੰਘ ਕਿੰਗਰਾ,ਬਾਬਾ ਬਲਵਿੰਦਰ ਸਿੰਘ ਡੱਬਵਾਲੀ,ਪ੍ਰਸਿੱਧ ਸੂਫੀ ਗਾਇਕ ਸ਼ਮਸ਼ੇਰ ਸਿੰਘ ਲਹਿਰੀ,ਡਾਕਟਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਪੰਜਾਬ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਯਾਦਗਾਰੀ ਸਮਾਗਮ ਦੀ ਹਾਜ਼ਰੀ ਭਰੀ ਯਾਦਗਾਰੀ ਸਮਾਗਮ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸੁਦਰਸ਼ਨ ਸਿੰਘ ਅੰਬਾਲਾ,ਜਨਰਲ ਸਕੱਤਰ ਸੁਖਵਿੰਦਰ ਸਿੰਘ ਮੰਡੇਬਰ,ਅੰਤ੍ਰਿੰਗ ਜਗਸੀਰ ਸਿੰਘ ਮਾਂਗੇਆਣਾ,ਅੰਤ੍ਰਿੰਗ ਮੈਂਬਰ ਬੀਬੀ ਪਰਮਿੰਦਰ ਕੌਰ ਜੀਂਦ,ਮੈਂਬਰ ਹਰਬੰਸ ਸਿੰਘ ਕੜਕੌਲੀ ਯਮੁਨਾਨਗਰ,ਮੈਂਬਰ ਅਮਰਜੀਤ ਸਿੰਘ ਡਡਿਆਣਾ ਯਮੁਨਾਨਗਰ,ਮੈਂਬਰ ਸਵਰਨ ਸਿੰਘ ਬੁੰਗਾ ਟਿੱਬੀ ਪੰਚਕੂਲਾ,ਮੈਂਬਰ ਗੁਰਮੀਤ ਸਿੰਘ ਮੀਤਾ ਪਿੰਜੌਰ,ਮੈਂਬਰ ਹਰਪਾਲ ਸਿੰਘ ਅੰਬਾਲਾ,ਮੈਂਬਰ ਇੰਦਰਜੀਤ ਸਿੰਘ ਸਾਹਾ ਅੰਬਾਲਾ,ਮੈਂਬਰ ਬੇਅੰਤ ਸਿੰਘ ਨਲਵੀ,ਮੈਂਬਰ ਕਾਬਲ ਸਿੰਘ ਕੈਂਥਲ,ਮੈਂਬਰ ਮਹਿੰਦਰ ਸਿੰਘ ਫਤਿਹਾਬਾਦ,ਮੈਂਬਰ ਸੁਰਿੰਦਰ ਸਿੰਘ ਵੈਦਵਾਲਾ ਸਿਰਸਾ,ਮੈਂਬਰ ਪ੍ਰਕਾਸ਼ ਸਿੰਘ ਸਾਹੂਵਾਲਾ ਸਿਰਸਾ,ਮੈਂਬਰ ਮਾਲਕ ਸਿੰਘ ਕੰਗ ਸਿਰਸਾ,ਮੈਂਬਰ ਪਰਮਜੀਤ ਸਿੰਘ ਮਾਖਾ ਸਿਰਸਾ,ਮੈਂਬਰ ਮਲਕੀਤ ਸਿੰਘ ਪੰਨੀਵਾਲਾ ਸਿਰਸਾ,ਮੈਂਬਰ ਗੁਰਪਾਲ ਸਿੰਘ ਗੋਰਾ ਐਲਨਾਬਾਦ ਸਿਰਸਾ,ਸਾਬਕਾ ਮੀਤ ਪ੍ਰਧਾਨ ਸਵਰਨ ਸਿੰਘ ਰਤੀਆ,ਸਾਬਕਾ ਮੈਂਬਰ ਬੀਬੀ ਬਲਜਿੰਦਰ ਕੌਰ ਚੀਕਾ ਕੈਂਥਲ,ਸਾਬਕਾ ਮੈਂਬਰ ਸੋਹਣ ਸਿੰਘ ਗਰੇਵਾਲ ਸਿਰਸਾ,ਸਾਬਕਾ ਮੈਂਬਰ ਤਜਿੰਦਰਪਾਲ ਸਿੰਘ ਨਾਰਨੌਲ,ਸਾਬਕਾ ਅੰਤ੍ਰਿੰਗ ਮੈਂਬਰ ਜਥੇਦਾਰ ਬਲਦੇਵ ਸਿੰਘ ਖਾਲਸਾ ਟੋਹਾਣਾ,ਸਾਬਕਾ ਮੈਂਬਰ ਗਿ: ਸਾਹਿਬ ਸਿੰਘ ਚੱਕੂ,ਜਥੇਦਾਰ ਹਰਨੇਕ ਸਿੰਘ ਗਿਆਨਾ,ਜਥੇਦਾਰ ਜਸਵੰਤ ਸਿੰਘ ਸਿਉਨਾ,ਜਥੇਦਾਰ ਉਮਰਾਓ ਸਿੰਘ ਛੀਨਾ, ਡਾ:ਪ੍ਰਭਲੀਨ ਸਿੰਘ ਓਐਸਡੀ ਹਰਿਆਣਾ ਸਰਕਾਰ,ਓਕਾਂਰ ਸਿੰਘ ਬਰਾੜ ਸਾਬਕਾ ਓਐਸਡੀ ਮੁੱਖ ਮੰਤਰੀ ਪੰਜਾਬ,ਮੁਖਵਿੰਦਰ ਸਿੰਘ ਛੀਨਾ ਸਾਬਕਾ ਏਡੀਜੀਪੀ ਪੰਜਾਬ,ਐਡਵੋਕੇਟ ਛਿੰਦਰਪਾਲ ਸਿੰਘ ਬਰਾੜ ਸਾਬਕਾ ਐਡੀਸ਼ਨਲ ਐਡਵੋਕੇਟ ਜਨਰਲ ਪੰਜਾਬ,ਸਾਬਕਾ ਵਿਧਾਇਕ ਬਲਕੌਰ ਸਿੰਘ ਕਾਲਾਂਵਾਲੀ,ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ,ਨਿਰਮਲ ਸਿੰਘ ਮੱਲੜੀ,ਗਿ:ਸੂਬਾ ਸਿੰਘ ਤਰਾਵੜੀ,ਗਿ:ਸਰਬਜੀਤ ਸਿੰਘ ਝੀਂਡਾ,ਗਿ: ਮਨਜੀਤ ਸਿੰਘ ਗੜ੍ਹੀ,ਭਾਈ ਬਲਵੰਤ ਸਿੰਘ ਗੋਪਾਲਾ,ਭਾਈ ਸਿਕੰਦਰ ਸਿੰਘ ਵਰਾਣਾ ਵੀ ਹਾਜ਼ਰ ਸਨ ਸਟੇਜ ਦਾ ਸੰਚਾਲਨ ਭਾਈ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ ਨੇ ਕੀਤਾ। ••

ਆਵਾਜ਼ਿ ਕੌਮ AWAZE QAUM International Newspaper & WEB TV

### ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 17ਵੀਂ ਸਲਾਨਾ ਬਰਸੀ ਸਮਾਗਮ

# ਗੁਰਦੁਆਰਾ ਬਾਬੇ ਕੇ ਹੋਕਮੀ ਸੋਹੋ ਹਿਲ ਯੂ.ਕੇ ਵਿਖੇ 26 ਨਵੰਬਰ ਤੋਂ ਸ਼ੁਰੂ




**ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :—** ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 17ਵੀਂ ਸਲਾਨਾ ਬਰਸੀ ਸਮਾਗਮ ਗੁਰਦੁਆਰਾ ਬਾਬੇ ਕੇ ਹੋਕਮੀ ਸੋਹੋ ਹਿਲ ਯੂ.ਕੇ ਵਿਖੇ 23 ਨਵੰਬਰ ਤੋਂ ਇਕ ਦਸੰਬਰ ਤੱਕ ਚੱਲ ਰਹੇ ਹਨ। ਸਮਾਗਮਾਂ ਦੌਰਾਨ ਅੱਜ ਦੀ ਹਾਜ਼ਰੀ ਵਿਚ ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ, ਸੰਤ ਬਾਬਾ ਹਰਜੀਤ ਸਿੰਘ ਮਹਿਤਾ ਚੌਕ ਵਾਲੇ, ਬਾਬਾ ਮਨਪ੍ਰੀਤ ਸਿੰਘ ਅਲੀਪੁਰ ਵਾਲੇ, ਭਾਈ ਜ਼ਸ਼ਨਪ੍ਰੀਤ ਸਿੰਘ, ਭਾਈ ਨਿਰਮਲ ਸਿੰਘ ਰਬਾਬੀ ਨੇ ਪਹਿਲੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਜੋ ਕਿ 25 ਨਵੰਬਰ ਤੋਂ 27 ਨਵੰਬਰ ਤੱਕ ਚੱਲ ਰਹੀ ਹੈ, ਵਿਚ ਹਾਜ਼ਰੀ ਭਰੀ ਅਤੇ 5 ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਅਤੇ ਦੂਸਰਾ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕਰਵਾਈ। ਇਸ ਮੌਕੇ ਤੇ ਜ਼ਸਵਿੰਦਰ ਸਿੰਘ ਕਾਲਾ ਨੇ ਦੱਸਿਆ ਕਿ ਪਹਿਲਾ ਸ੍ਰੀ ਆਖੰਡ ਪਾਠ ਸਾਹਿਬ ਜੀ 25 ਨਵੰਬਰ ਤੋਂ ਸ਼ੁਰੂ ਹੋਏ ਅਤੇ 27 ਨਵੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਅਤੇ ਦੂਸਰੀ ਲੜੀ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ 27 ਨਵੰਬਰ ਤੋਂ 29 ਨਵੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਅਤੇ ਤੀਸਰੀ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ 29 ਨਵੰਬਰ ਤੋਂ ਆਰੰਭ ਹੋਵੇਗੀ ਅਤੇ ਇਕ ਦਸੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਸ੍ਰੀ ਜ਼ਸਵਿੰਦਰ ਸਿੰਘ ਕਾਲਾ ਅਤੇ ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੇ ਦੱਸਿਆ ਕਿ ਹਰ ਸਾਲ ਅਸੀਂ ਸੰਤ ਬਾਬਾ ਨਾਹਰ ਸਿੰਘ ਜੀ ਦੀ ਬਰਸੀ ਮਨਾਉਂਦੇ ਹਾਂ ਅਤੇ ਇਸ ਵਾਰ ਵੀ 17ਵੀਂ ਬਰਸੀ ਮਨਾ ਰਹੇ ਹਾਂ। ਇਸ ਮੌਕੇ ਤੇ ਸੁਖਮਿੰਦਰ ਸਿੰਘ ਮੁਖੀ ਰਾਗੀ, ਪਾਠੀ ਜੁਝਾਰ ਸਿੰਘ, ਹਰਪ੍ਰੀਤ ਸਿੰਘ ਜੱਡੂ, ਰਛਪਾਲ ਸਿੰਘ, ਹਰਪਾਲ ਸਿੰਘ, ਅਮਤੋਜ਼ ਸਿੰਘ ਸੱਗੂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਮੀਤ ਸਿੰਘ ਸੈਂਭੀ, ਬਲਕਾਰ ਸਿੰਘ ਗੋਪੀ, ਅਮਰੀਕ ਸਿੰਘ ਮੀਤਾ, ਨਰਿੰਦਰ ਸਿੰਘ ਧੰਜਲ ਆਦਿ ਸਿੰਘਾਂ ਦੀਆਂ ਸੰਗਤਾਂ ਦੀ ਦੇਖ—ਰੇਖ ਲਈ ਡਿਊਟੀਆਂ ਲਾਈਆਂ ਗਈਆਂ। ਇਸ ਮੌਕੇ ਤੇ ਲੰਗਰ ਦੀ ਸੇਵਾ ਬੀਬੀ ਨਿੰਦਰ ਕੌਰ, ਬੀਬੀ ਜ਼ਸਬੀਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਨਰਿੰਦਰ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਲੰਗਰਾਂ ਵਿਚ ਸੇਵਾ ਕਰ ਰਹੀਆਂ ਹਨ ਅਤੇ ਹਰ ਰੋਜ਼ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾ ਰਿਹਾ ਹੈ। ਸਟੇਜ਼ ਦੀ ਸੇਵਾ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।

### ਪੱਤਰਕਾਰ ਭਾਈਚਾਰੇ, ਕਿਸਾਨ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਵੱਲੋਂ ਪੁਲਸੀਆ ਧੱਕੇਸ਼ਾਹੀ ਖ਼ਿਲਾਫ਼ ਅਵਾਜ਼ ਉਠਾਉਣ ਲਈ ਗੁਰਨਾਮ ਸਿੱਧੂ ਦੀ ਹਮਾਇਤ ਦਾ ਐਲਾਨ

# ਮਾਮਲਾ ਫਿਰੋਜ਼ਪੁਰ ਵਿੱਚ ਵਧੇ ਨਸ਼ਿਆਂ ਤੇ ਲੁੱਟਾਂ ਖੋਹਾਂ ਦਾ ਮੈਂ ਸੱਚ ਬੋਲਿਆ ਤੇ ਬੋਲਦਾ ਰਹਾਂਗਾ : ਗੁਰਨਾਮ ਸਿੱਧੂ



**ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :—** ਸਰਹੱਦੀ ਜ਼ਿਲ੍ਹੇ ਫ਼ਿਰੋਜ਼ਪੁਰ ਵਿੱਚ ਆਪਣੀ ਚਰਮ ਸੀਮਾ ਤੱਕ ਪਹੁੰਚ ਚੁੱਕੇ ਨਸ਼ਿਆਂ ਦੇ ਧੰਦੇ, ਨਸ਼ਿਆਂ ਕਾਰਨ ਅਣਿਆਈ ਮੌਤੇ ਮਰ ਰਹੀ ਨੌਜਵਾਨ ਪੀੜ੍ਹੀ ਅਤੇ ਨਿੱਤ ਦਿਹਾੜੇ ਵਾਪਰ ਰਹੀਆਂ ਲੁੱਟਾਂ ਖੋਹਾਂ ਤੇ ਝਪਟਮਾਰੀ ਦੀਆਂ ਵਾਰਦਾਤਾਂ ਖਿਲਾਫ ਕਾਨੂੰਨੀ ਕਾਰਵਾਈ ਕਰਨ ਤੋਂ ਅਸਮਰਥ ਜਾਪ ਰਹੀ ਪੰਜਾਬ ਪੁਲਿਸ ਨੂੰ ਜਾਗਰੂਕ ਕਰਨ ਲਈ ਆਵਾਜ਼ ਉਠਾ ਰਹੇ ਸਮਾਜ ਸੁਧਾਰਕਾਂ ਨੂੰ ਪੁਲਿਸ ਦੇ ਖੁਫ਼ੀਆ ਤੰਤਰ ਵੱਲੋਂ ਟਾਰਗੇਟ ਕੀਤੇ ਜਾਣ ਦੀ ਪੱਤਰਕਾਰ ਭਾਈਚਾਰੇ, ਕਿਸਾਨ, ਧਾਰਮਿਕ ਤੇ ਸਮਾਜਿਕ ਜੱਥੇਬੰਦੀਆਂ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਹੱਕ ਸੱਚ ਲਈ ਲੜਨ ਅਤੇ ਸਮਾਜ ਸੇਵੀਆਂ ਦੇ ਨਾਲ ਖੜ੍ਹਨ ਦਾ ਐਲਾਨ ਕੀਤਾ ਹੈ। ਉੱਧਰ ਪੱਤਰਾਕਾਰਾਂ ਨਾਲ ਗੱਲਬਾਤ ਕਰਦਿਆਂ ਸਤਲੁਜ ਪ੍ਰੈਸ ਕਲੱਬ ਫਿਰੋਜ਼ਪੁਰ ਦੇ ਪ੍ਰਧਾਨ ਅਤੇ ਨੈਸ਼ਨਲ ਯੂਥ ਅਵਾਰਡੀ ਗੁਰਨਾਮ ਸਿੰਘ ਸਿੱਧੂ ਨੇ ਕਿਹਾ ਕਿ ਫਿਰੋਜ਼ਪੁਰ ਸਰਹੱਦੀ ਜ਼ਿਲ੍ਹਾ ਹੋਣ ਕਾਰਨ ਸਰਹੱਦ ਪਾਰ ਤੋਂ ਪੰਜਾਬ ਤੇ ਬਾਹਰੀ ਸੂਬਿਆਂ ਵਿੱਚ ਨਸ਼ੇ ਤੇ ਹਥਿਆਰ ਇਸੇ ਰਸਤੇ ਸਪਲਾਈ ਹੋ ਰਹੇ ਹਨ ਅਤੇ ਸਰਹੱਦ ਨਾਲ ਲੱਗਦੇ ਪਿੰਡਾਂ ਦੇ ਬਹੁਤਾਤ ਨੌਜਵਾਨ ਇਥੋਂ ਤੱਕ ਕਿ ਮਹਿਲਾਵਾਂ ਵੀ ਨਸ਼ਿਆਂ ਦੀ ਸਪਲਾਈ ਕਰਨ ਦੇ ਧੰਦੇ ਵਿੱਚ ਲੱਗੇ ਹੋਏ ਹਨ। ਇੱਥੇ ਹੀ ਬੱਸ ਫਿਰੋਜ਼ਪੁਰ ਸ਼ਹਿਰੀ ਖੇਤਰ ਵਿੱਚ ਵੀ ਅਨੇਕਾਂ ਅਜਿਹੀਆਂ ਬਸਤੀਆਂ ਹਨ, ਜਿਥੇ ਹਰ ਘਰ ਵਿੱਚ ਨਸ਼ੇ ਵਿਕ ਤੇ ਸਪਲਾਈ ਹੋ ਰਹੇ ਹਨ ਪਰ ਫਿਰੋਜ਼ਪੁਰ ਪੁਲਿਸ ਨਿੱਕੀਆਂ ਨਿੱਕੀਆਂ ਕਾਰਵਾਈ ਕਰ ਆਪਣਾ ਦਾਮਨ ਸਾਫ਼ ਕਰਨ ਦੀਆਂ ਕੋਸ਼ਿਸ਼ਾਂ ਕਰਦੀ ਰਹਿੰਦੀ ਹੈ ਜਦੋਂ ਕਿ ਨਸ਼ਿਆਂ ਦੇ ਵੱਡੇ ਸੁਦਾਗਰ ਪੁਲਿਸ ਦੀ ਫਰਾਖਦਿਲੀ ਨਾਲ ਸ਼ਰੇਆਮ ਆਪਣੇ ਧੰਦੇ ਨੂੰ ਚਲਾ ਰਹੇ ਹਨ। ਉਨ੍ਹਾਂ ਕਿਹਾ ਕਿ ਬੇਸ਼ੱਕ ਡੀਜੀਪੀ ਪੰਜਾਬ ਦੀਆਂ ਹਦਾਇਤਾਂ ਤੇ ਫਿਰੋਜ਼ਪੁਰ ਪੁਲਿਸ ਨਸ਼ਿਆਂ ਦੇ ਗੜ੍ਹ ਬਣ ਚੁੱਕੀਆਂ ਬਸਤੀਆਂ ਵਿੱਚ ਵਾਰ ਵਾਰ ਸਰਚ ਅਪ੍ਰੇਸ਼ਨ ਚਲਾਉਂਦੀ ਹੈ ਪਰ ਛਿੱਟ ਪੁੱਟ ਰਿਕਵਰੀ ਤੋਂ ਇਲਾਵਾ ਕਦੇ ਪੁਲਿਸ ਦੇ ਹੱਥ ਕੁੱਝ ਖਾਸ ਨਹੀਂ ਲੱਗਿਆ। ਤਕੜੇ ਲਾਮ ਲਸ਼ਕਰ ਨਾਲ ਚਲਾਏ ਜਾਂਦੇ ਇਹਨਾਂ ਅਪ੍ਰੇਸ਼ਨਾਂ ਦੌਰਾਨ ਪੁਲਿਸ ਦੇ ਹੱਥ ਖਾਲੀ ਰਹਿਣ ਦੇ ਕਾਰਨ ਕਿਸੇ ਨੂੰ ਦੱਸਣ ਦੀ ਲੋੜ ਨਹੀਂ, ਪੁਲਿਸ ਅਧਿਕਾਰੀ ਭਲੀ ਭਾਂਤ ਜਾਣਦੇ ਹਨ। ਫਿਰੋਜ਼ਪੁਰ ਵਿੱਚ ਵਾਪਰਦੀਆਂ ਲੁੱਟਾਂ ਖੋਹਾਂ ਤੇ ਝਪਟਮਾਰੀ ਦੀਆਂ ਹਜ਼ਾਰਾਂ ਦਰਖਾਸਤਾਂ ਨਿਆਂ ਦੀ ਉਡੀਕ ਵਿੱਚ ਪੁਲਿਸ ਥਾਣਿਆਂ ਤੇ ਉੱਚ ਅਧਿਕਾਰੀਆਂ ਦੀਆਂ ਮੇਜ਼ਾਂ ਤੇ ਧੂੜ ਚੱਟ ਰਹੀਆਂ ਹਨ ਅਤੇ ਪੀੜਤ ਵਿਚਾਰੇ ਥਾਣਿਆਂ, ਪੁਲਿਸ ਅਧਿਕਾਰੀਆਂ ਦੇ ਦਫ਼ਤਰਾਂ ਦੇ ਚੱਕਰ ਕੱਟ ਕੱਟ ਬੇਵੱਸ ਹੋਏ ਥੱਕ ਹਾਰ ਕੇ ਘਰ ਬੈਠਣ ਲਈ ਮਜਬੂਰ ਹੋ ਜਾਂਦੇ ਹਨ। ਸਤਲੁਜ ਪ੍ਰੈਸ ਕਲੱਬ ਪ੍ਰਧਾਨ ਗੁਰਨਾਮ ਸਿੱਧੂ ਨੇ ਕਿਹਾ ਕਿ ਉਨ੍ਹਾਂ ਵੱਲੋਂ ਸੋਸ਼ਲ ਮੀਡੀਆ ਤੇ ਪੁਲਿਸ ਵੱਲੋਂ ਸ਼ਰੇਆਮ ਵਿਕ ਰਹੇ ਨਸ਼ਿਆਂ ਤੇ ਲੁਟੇਰਿਆਂ ਖਿਲਾਫ ਸਖ਼ਤ ਕਾਰਵਾਈ ਕਰਨ ਲਈ ਅਪਣਾਏ ਜਾ ਰਹੇ ਗੈਰ ਜਿੰਮੇਵਾਰਾਨਾ ਵਤੀਰੇ ਖਿਲਾਫ਼ ਆਵਾਜ਼ ਉਠਾਈ ਸੀ, ਜਿਸ ਤੋਂ ਚਿੜ੍ਹੇ ਪੁਲਿਸ ਪ੍ਰਸ਼ਾਸਨ ਵੱਲੋਂ ਉਨ੍ਹਾਂ ਨੂੰ ਖੁਫ਼ੀਆ ਤੰਤਰ ਤੇ ਪੁਲਿਸ ਅਧਿਕਾਰੀਆਂ ਕੋਲੋਂ ਟਾਰਗੇਟ ਕਰਵਾਉਣਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਖ਼ਦਸ਼ਾ ਜ਼ਾਹਰ ਕੀਤਾ ਕਿ ਹੋ ਸਕਦਾ ਹੈ ਕਿ ਪੁਲਿਸ ਉਨ੍ਹਾਂ ਖ਼ਿਲਾਫ਼ ਝੂਠੇ ਕੇਸ ਵੀ ਦਰਜ ਕਰ ਦੇਵੇ। ਉਹਨਾਂ ਸਪਸ਼ਟ ਕੀਤਾ ਹੈ ਉਨ੍ਹਾਂ ਜੋ ਵੀ ਬੋਲਿਆ ਹੈ ਉਹ ਚਿੱਟੇ ਦਿਨ ਵਾਂਗ ਸਾਫ਼ ਹੈ ਜਦੋਂ ਕਿ ਪੁਲਿਸ ਨੂੰ ਆਪਣੇ ਅਕਸ ਨੂੰ ਸਾਫ਼ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਉਹਨਾਂ ਸੱਚ ਬੋਲਿਆ ਹੈ ਅਤੇ ਭਵਿੱਖ ਵਿੱਚ ਵੀ ਸੱਚ ਦਾ ਹੋਕਾ ਦਿੰਦੇ ਰਹਿਣਗੇ। ਗੁਰਨਾਮ ਸਿੱਧੂ ਨੇ ਉਨ੍ਹਾਂ ਵੱਲੋਂ ਫਿਰੋਜ਼ਪੁਰ ਤੇ ਇਥੋਂ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਬਾਹਰ ਕੱਢਣ ਅਤੇ ਲੁੱਟਾਂ ਖੋਹਾਂ ਖਿਲਾਫ ਆਵਾਜ਼ ਬੁਲੰਦ ਕਰਨ ਬਦਲੇ ਸੰਭਾਵੀ ਪੁਲਸੀਆ ਧੱਕੇਸ਼ਾਹੀ ਵਿਰੁੱਧ ਲੜਾਈ ਜਾਰੀ ਰੱਖਣ ਲਈ ਉਨ੍ਹਾਂ ਦਾ ਸਾਥ ਦੇਣ ਲਈ ਪੱਤਰਕਾਰ ਭਾਈਚਾਰੇ, ਕਿਸਾਨ, ਧਾਰਮਿਕ ਤੇ ਸਮਾਜਿਕ ਜੱਥੇਬੰਦੀਆਂ ਤੇ ਨਿਆਂ ਪਸੰਦ ਸ਼ਹਿਰ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਸਾਨੂੰ ਸਭ ਨੂੰ ਮਿਲ ਕੇ ਸਮਾਜ ਨੂੰ ਖੋਰਾ ਲਾ ਰਹੀਆਂ ਸਮਾਜਿਕ ਬੁਰਾਈਆਂ ਖ਼ਿਲਾਫ਼ ਇਕਜੁੱਟ ਹੋਣ ਦਾ ਤਾਂ ਹੀ ਅਸੀਂ ਸਮਾਜ ਤੇ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਸੰਭਾਲ ਸਕਾਂਗੇ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਏ ਕੁਇੰਜ ਮੁਕਾਬਲੇ



**ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :—** ਫ਼ਿਰੋਜ਼ਪੁਰ ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਸਕੂਲ ਵਿੱਚ ਰਾਸ਼ਟਰੀ ਸੰਵਿਧਾਨ ਦਿਵਸ ਮੌਕੇ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਨੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ: ਭੀਮ ਰਾਓ ਅੰਬੇਡਕਰ ਬਾਰੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਸੰਵਿਧਾਨ ਦੇ ਹਰ ਪਹਿਲੂ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਇਸ ਮੌਕੇ ਕੁਇਜ਼ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਸਕੂਲ ਦੇ ਚਾਰੇ ਹਾਊਸਾਂ ਆਰਕੀਮੀਡੀਜ਼, ਗੈਲੀਲੀਓ, ਆਈਨਸਟਾਈਨ ਅਤੇ ਨਿਊਟਨ ਦੇ ਬੱਚਿਆਂ ਨੇ ਭਾਗ ਲਿਆ। ਇਸ ਮੁਕਾਬਲੇ ਨੂੰ ਪੰਜ ਰਾਊਂਡਾਂ ਵਿੱਚ ਵੰਡਿਆ ਗਿਆ ਸੀ, ਜਿਸ ਵਿੱਚ ਭਾਰਤੀ ਸੰਵਿਧਾਨ ਨਾਲ ਸਬੰਧਤ ਵੱਖ—ਵੱਖ ਤਰ੍ਹਾਂ ਦੇ ਸਵਾਲ ਪੁੱਛੇ ਗਏ ਸਨ ਅਤੇ ਇਨ੍ਹਾਂ ਮੁਕਾਬਲਿਆਂ ਵਿੱਚ ਆਰਕੀਮੀਡੀਜ਼ ਨੇ ਵਧੀਆ ਪ੍ਰਦਰਸ਼ਨ ਕੀਤਾ ਅਤੇ ਜੇਤੂ ਬਣਿਆ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਜੇਤੂ ਟੀਮ ਨੂੰ ਵਧਾਈ ਦਿੱਤੀ ਅਤੇ ਇਸ ਤਰ੍ਹਾਂ ਅੱਗੇ ਵਧਦੇ ਰਹਿਣ ਲਈ ਪ੍ਰੇਰਿਤ ਕੀਤਾ, ਉਨ੍ਹਾਂ ਵਿਦਿਆਰਥੀਆਂ ਨੂੰ ਭਾਰਤੀ ਸੰਵਿਧਾਨ ਦੇ ਕੁਝ ਵਿਸ਼ੇਸ਼ ਪਹਿਲੂਆਂ ਅਤੇ ਇਸ ਵਿੱਚ ਡਾ: ਭੀਮ ਰਾਓ ਅੰਬੇਡਕਰ ਦੇ ਯੋਗਦਾਨ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਦੌਰਾਨ ਸਕੂਲ ਦੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਵੀ ਹਾਜ਼ਰ ਸਨ, ਉਨ੍ਹਾਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਇਸ ਮੁਕਾਬਲੇ ਦੇ ਸਫਲਤਾਪੂਰਵਕ ਆਯੋਜਨ ਅਤੇ ਜੇਤੂ ਟੀਮ ਨੂੰ ਵਧਾਈ ਦਿੱਤੀ।

# ਟੀ.ਬੀ.ਐਸ ਸਕੂਲ ਵਿਚ ਕਰਵਾਏ ਮੁਕਾਬਲੇ




**ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :—** ਇਲਾਕੇ ਵਿਚ ਸਿੱਖਿਆ ਦਾ ਚਾਨਣਾ ਮੁਨਾਰਾ ਕਰ ਰਹੇ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਸਕੂਲ ਵਿੱਚ ਕੁਐਸਟ ਓਲੰਪੀਆਡ 2024 ਪ੍ਰੀ—ਜੂਨੀਅਰ ਅਤੇ ਜੂਨੀਅਰ ਸਕੂਲ ਪ੍ਰੀਖਿਆਵਾਂ ਚੱਲ ਰਹੀਆਂ ਹਨ, ਓਲੰਪੀਆਡ ਪ੍ਰੀਖਿਆਵਾਂ ਸੁੰਦਰ ਲਿਖਾਈ, ਪੇਂਟਿੰਗ, ਗਣਿਤ, ਅੰਗਰੇਜ਼ੀ ਅਤੇ ਵਿਗਿਆਨ ਵਰਗੇ ਵਿਸ਼ਿਆਂ ਤੇ ਆਧਾਰਿਤ ਹੁੰਦੀਆਂ ਹਨ। ਪ੍ਰਿੰਸੀਪਲ ਰੇਖਾ ਪਾਸੀ ਨੇ ਦੱਸਿਆ ਕਿ ਇਨ੍ਹਾਂ ਪ੍ਰੀਖਿਆਵਾਂ ਦਾ ਮਕਸਦ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਕਾਬਲੀਅਤ ਨੂੰ ਪਛਾਣਨਾ ਅਤੇ ਉਨ੍ਹਾਂ ਨੂੰ ਉਤਸ਼ਾਹਿਤ ਕਰਨਾ ਹੈ। ਇਨ੍ਹਾਂ ਇਮਤਿਹਾਨਾਂ ਰਾਹੀਂ ਵਿਦਿਆਰਥੀਆਂ ਨੂੰ ਗਲੋਬਲ ਪਲੇਟਫਾਰਮ ਤੇ ਆਪਣੀ ਬੌਧਿਕ ਕਾਬਲੀਅਤ ਦਾ ਪ੍ਰਦਰਸ਼ਨ ਕਰਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰੀਖਿਆਵਾਂ ਵਿਦਿਆਰਥੀਆਂ ਦੇ ਤਰਕਸ਼ੀਲ ਹੁਨਰ ਅਤੇ ਸਮੱਸਿਆ ਹੱਲ ਕਰਨ ਦੇ ਹੁਨਰ ਨੂੰ ਨਿਖਾਰਨ ਵਿੱਚ ਸਹਾਈ ਸਿੱਧ ਹੁੰਦੀਆਂ ਹਨ ਅਤੇ ਬੱਚਿਆਂ ਨੂੰ ਭਵਿੱਖ ਵਿੱਚ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਮਲ ਹੋਣ ਵਿੱਚ ਮਦਦ ਕਰਦੀਆਂ ਹਨ।

# ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਵਿਖੇ ਸਲਾਨਾ ਸਮਾਗਮ ਅੱਜ

**ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :—** ਲੰਗੇਆਣਾ ਕਲਾਂ ਵਿਖੇ ਸਲਾਨਾ ਸਮਾਗਮ ਅੱਜ ਦਮਦਮੀ ਟਕਸਾਲ ਦੇ ਵਿਦਿਅਕ ਅਸਥਾਨ ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਵਿਖੇ ਚੱਲ ਰਹੇ ਸਲਾਨਾ ਸਮਾਗਮ ਦੇ ਰਾਤਰੀ ਦੇ ਦੀਵਾਨ ਸਜਾਏ ਗਏ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਹਾਜ਼ਰੀ ਭਰੀ। 23 ਨਵੰਬਰ ਤੋਂ ਚੱਲ ਰਹੇ ਸਮਾਗਮ ਦੇ ਸਮਾਪਤੀ ਦੇ ਪ੍ਰੋਗਰਾਮ 30 ਨਵੰਬਰ ਦਿਨ ਸ਼ਨੀਵਾਰ ਨੂੰ ਹੋ ਰਹੇ ਹਨ। ਇਨ੍ਹਾਂ ਸਮਾਗਮਾਂ ਵਿਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਖਾਲਸਾ, ਪੰਥ ਪ੍ਰਸਿੱਧ ਵਿਦਵਾਨ ਬਾਬਾ ਬੰਤਾ ਸਿੰਘ ਮੁੰਡਾ ਪਿੰਡ, ਬਾਬਾ ਅਵਤਾਰ ਸਿੰਘ ਸਾਧਾਂਵਾਲੇ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਗੱਲਬਾਤ ਕਰਦਿਆਂ ਗੁਰਦੁਆਰਾ ਪ੍ਰਬੰਧਕਾਂ ਨੇ ਸੰਗਤਾਂ ਨੂੰ ਵੱਡੀ ਤਦਾਦ ਵਿਚ ਇਨ੍ਹਾਂ ਸਮਾਗਮਾਂ ਵਿਚ ਪਹੁੰਚ ਕੇ ਇਲਾਹੀ ਬਾਣੀ ਸਰਵਣ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦੌਰਾਨ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

ਇਨ੍ਹਾਂ ਸਮਾਗਮਾਂ ਦੌਰਾਨ ਹਰ ਰੋਜ਼ ਰਾਤ 7 ਵਜੇ ਤੋਂ 8:30 ਵਜੇ ਤੱਕ ਕੀਰਤਨ ਕੀਤਾ ਜਾਂਦਾ ਹੈ। ਅੱਜ ਦੀ ਹਾਜ਼ਰੀ ਵਿਚ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਐਡੀਸ਼ਨਲ ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਹਾਜ਼ਰੀ ਭਰੀ ਅਤੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਬਾਬਾ ਸਾਧੂ ਸਿੰਘ ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਕਲਾਂ ਦੇ ਮੁੱਖ ਸੇਵਾਦਾਰ ਬਾਬਾ ਗੁਰਦਿਆਲ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ, ਭਾਈ ਰਣਜੀਤ ਸਿੰਘ, ਗਿਆਨੀ ਬਲਵਿੰਦਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਜਨਮ ਅਸਥਾਨ ਰੋਡੇ, ਜਥੇਦਾਰ ਮਨਦੀਪ ਸਿੰਘ ਮੈਡੀਕਲ ਕਾਲਜ, ਕੁਲਵਿੰਦਰ ਸਿੰਘ ਕਿੰਦਰ, ਮਨਜਿੰਦਰ ਸਿੰਘ, ਗੁਰਮੀਤ ਸਿੰਘ, ਜ਼ਸਪ੍ਰੀਤ ਸਿੰਘ, ਕਰਮ ਸਿੰਘ ਅਖਾੜਾ, ਇੰਦਰਜੀਤ ਸਿੰਘ, ਸਰਬਜੀਤ ਸਿੰਘ ਹਾਜ਼ਰ ਸਨ। ਇਸ ਮੌਕੇ ਤੇ ਬਾਬਾ ਸਾਧੂ ਸਿੰਘ, ਬਾਬਾ ਗੁਰਦਿਆਲ ਸਿੰਘ, ਗਿਆਨੀ ਬਲਵਿੰਦਰ ਸਿੰਘ, ਭਾਈ ਰਣਜੀਤ ਸਿੰਘ ਨੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੂੰ ਸਨਮਾਨਿਤ ਕੀਤਾ।


### ਸਰਨਾ ਭਰਾਵਾਂ ਖਿਲਾਫ ਦਿੱਲੀ ਗੁਰਦੁਆਰਾ ਕਮੇਟੀ ਦੀ


# ਸ਼ਿਕਾਇਤ ਮਨਜੀਤ ਸਿੰਘ ਭੋਮਾ ਨੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸੌਂਪੀ





ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
DELHI SIKH GURDWARA MANAGEMENT COMMITTEE


ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
DELHI SIKH GURDWARA MANAGEMENT COMMITTEE






ਵਿਕਰਮ ਸਿੰਘ ਰੋਹਿਣੀ
VIKRAM SINGH ROHINI

ਨਵੀਂ ਦਿੱਲੀ, 29 ਨਵੰਬਰ: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਨਾ ਭਰਾਵਾਂ ਖਿਲਾਫ ਸ਼ਿਕਾਇਤ ਕਮੇਟੀ ਦੇ ਪੰਜਾਬ ਦੇ ਮੁੱਖ ਸੇਵਾਦਾਰ ਸਰਦਾਰ ਮਨਜੀਤ ਸਿੰਘ ਭੋਮਾ ਨੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸੌਂਪੀ। ਇਸ ਸ਼ਿਕਾਇਤ ਵਿਚ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਤੇ ਹੋਰ ਮੈਂਬਰਾਂ ਨੇ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਦੱਸਿਆ ਕਿ ਸਰਨਾ ਭਰਾ ਹਮੇਸ਼ਾ ਹੀ ਸ੍ਰੀ ਅਕਾਲ ਤਖਤ ਸਾਹਿਬ ਦੇ ਖਿਲਾਫ ਬਹੁਤ ਹੀ ਇਤਰਾਜ਼ਯੋਗ ਭਾਸ਼ਾ ਦੀ ਵਰਤੋਂ ਕਰਦੇ ਹਨ। ਉਹਨਾਂ ਦੱਸਿਆ ਕਿ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਹਰਵਿੰਦਰ ਸਿੰਘ ਸਰਨਾ ਨੇ ਤਾਂ ਵੀਡੀਓ ਪੋਸਟ ਕਰ ਕੇ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਹਰਪ੍ਰੀਤ ਸਿੰਘ ਅਸਤੀਫੇ ਦੇ ਬਾਅਦ ਗਿਆਨੀ ਰਘਬੀਰ ਸਿੰਘ 'ਤੇ ਯੂਨੀਅਨਬਾਜ਼ੀ ਕਰਨ ਦੇ ਦੋਸ਼ ਲਗਾਏ। ਉਥੇ ਹੀ ਨਿਊਜ਼ 18 'ਤੇ ਟੀ ਵੀ ਬਹਿਸ ਦੌਰਾਨ ਸਾਬਕਾ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਸਪਸ਼ਟ ਕਿਹਾ ਕਿ ਤੁਸੀਂ ਜਥੇਦਾਰ ਨੂੰ ਛੱਡੋ ਜਿਸਨੂੰ ਮਰਜ਼ੀ ਜਾ ਕੇ ਸ਼ਿਕਾਇਤ ਕਰੋ ਸਾਨੂੰ ਕੋਈ ਪਰਵਾਹ ਨਹੀਂ ਹੈ। ਉਹਨਾਂ ਕਿਹਾ ਕਿ ਦੋਵਾਂ ਭਰਾਵਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਤਲਬ ਕਰ ਕੇ ਮਿਸਾਲੀ ਸਜ਼ਾ ਲਗਾਉਣੀ ਬੇਹੱਦ ਜ਼ਰੂਰੀ ਹੈ। ਉਹਨਾਂ ਕਿਹਾ ਕਿ ਇਹਨਾਂ ਦੀ ਸ੍ਰੀ ਅਕਾਲ ਤਖਤ ਸਾਹਿਬ ਅਤੇ ਹੋਰ ਤਖ਼ਤਾਂ ਦੇ ਜਥੇਦਾਰਾਂ ਖਿਲਾਫ ਬਦਜ਼ੁਬਾਨੀ ਨਾਲ ਸਿੱਖ ਸਮਾਜ ਵਿਚ ਕੁੜਤਣ ਪੈਦਾ ਹੋਈ ਹੈ। ਅਜਿਹੇ ਵਿਚ ਇਹਨਾਂ ਨੂੰ ਸਜ਼ਾ ਦੇਣੀ ਹੋਰ ਵੀ ਜ਼ਰੂਰੀ ਹੋ ਜਾਂਦੀ ਹੈ। ਅੱਜ ਸਰਦਾਰ ਮਨਜੀਤ ਸਿੰਘ ਭੋਮਾ ਨੇ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਇਹ ਸ਼ਿਕਾਇਤ ਸ੍ਰੀ ਅਕਾਲ ਤਖਤ ਸਾਹਿਬ ਸਕੱਤਰੇਤ ਵਿਚ ਸੌਂਪੀ। ਇਸ ਵਿਚ ਮੰਗ ਕੀਤੀ ਗਈ ਹੈ ਕਿ ਦੋਵੇਂ ਸਰਨਾ ਭਰਾਵਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

**ਸਰਨਾ ਭਰਾਵਾਂ ਵੱਲੋਂ ਅਕਾਲ ਤਖਤ ਦੀ ਨਿਰਾਦਰੀ ਕਰਨਾ ਗੰਭੀਰ ਮਾਮਲਾ: ਹਰਮੀਤ ਸਿੰਘ ਕਾਲਕਾ, ਜਗਦੀਪ ਸਿੰਘ ਕਾਹਲੋਂ**

## ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਕਲਾਂ ਵਿਖੇ ਸੰਤਾਂ ਮਹਾਂਪੁਰਸ਼ਾਂ ਦੀ ਯਾਦ ਵਿਚ ਸਲਾਨਾ ਗੁਰਮਤਿ ਸਮਾਗਮ ਜ਼ੋ ਕਿ 23 ਨਵੰਬਰ ਤੋਂ 30 ਦਸੰਬਰ ਤੱਕ ਚੱਲ ਰਹੇ ਹਨ, ਅੱਜ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਅਡੀਸ਼ਨਲ ਮੁਖੀ ਗ੍ਰੰਥੀ ਜੀ ਨੇ ਭਰੀ ਹਾਜ਼ਰੀ



**ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :—** ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਕਲਾਂ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਸੇਵਕ ਭਾਈ ਮਰਦਾਨਾ ਜੀ ਦੇ 491ਵੇਂ ਸਚਖੰਡ ਗਮਨ ਦਿਹਾੜੇ ਨੂੰ ਸਮਰਪਿਤ ਸੱਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਸਤਵੀਂ ਬਰਸੀ ਅਤੇ ਗੁਰਮੁੱਖ ਪਿਆਰੇ ਭਾਈ ਵੀਰ ਸਿੰਘ ਜੀ ਦੀ 20ਵੀਂ ਬਰਸੀ ਦੇ ਸਬੰਧ ਵਿਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਇਲਾਕਾ ਨਿਵਾਸੀ, ਸਾਧ ਸੰਗਤ ਪਿੰਡ ਲੰਗੇਆਣਾ ਕਲਾਂ ਦੀ ਸਾਥ ਸੰਗਤ, ਐਨ.ਆਰ.ਆਈ ਪਿੰਡ ਲੰਗੇਆਣਾ ਕਲਾਂ ਦੇ ਸਹਿਯੋਗ ਨਾਲ ਇਹ ਸਲਾਨਾ ਗੁਰਮਤਿ ਸਮਾਗਮ 23 ਨਵੰਬਰ ਤੋਂ 30 ਨਵੰਬਰ ਤੱਕ ਕਰਵਾਏ ਜਾ ਰਹੇ ਹਨ, ਜਿਸ ਵਿਚ ਹਰ ਰੋਜ਼ ਰਾਤ 7 ਵਜੇ ਤੋਂ 8:30 ਵਜੇ ਤੱਕ ਕੀਰਤਨ ਕੀਤਾ ਜਾਂਦਾ ਹੈ। ਅੱਜ ਦੀ ਹਾਜ਼ਰੀ ਵਿਚ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਐਡੀਸ਼ਨਲ ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਹਾਜ਼ਰੀ ਭਰੀ ਅਤੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਬਾਬਾ ਸਾਧੂ ਸਿੰਘ ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਕਲਾਂ ਦੇ ਮੁੱਖ ਸੇਵਾਦਾਰ, ਬਾਬਾ ਗੁਰਦਿਆਲ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ, ਭਾਈ ਰਣਜੀਤ ਸਿੰਘ, ਗਿਆਨੀ ਬਲਵਿੰਦਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਜਨਮ ਅਸਥਾਨ ਰੋਡੇ, ਜਥੇਦਾਰ ਮਨਦੀਪ ਸਿੰਘ ਮੈਡੀਕਲ ਕਾਲਜ, ਕੁਲਵਿੰਦਰ ਸਿੰਘ ਕਿੰਦਰ, ਮਨਜਿੰਦਰ ਸਿੰਘ, ਗੁਰਮੀਤ ਸਿੰਘ, ਜ਼ਸਪ੍ਰੀਤ ਸਿੰਘ, ਕਰਮ ਸਿੰਘ ਅਖਾੜਾ, ਇੰਦਰਜੀਤ ਸਿੰਘ ਸਰਬਜੀਤ ਸਿੰਘ ਹਾਜ਼ਰ ਸਨ। ਇਸ ਮੌਕੇ ਤੇ ਬਾਬਾ ਸਾਧੂ ਸਿੰਘ, ਬਾਬਾ ਗੁਰਦਿਆਲ ਸਿੰਘ, ਗਿਆਨੀ ਬਲਵਿੰਦਰ ਸਿੰਘ, ਭਾਈ ਰਣਜੀਤ ਸਿੰਘ ਨੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਥਾਣਾ ਜੰਡਿਆਲਾ ਗੁਰੂ ਦੇ ਮੁਖੀ ਐਸ ਐਚ ਓ ਸ੍ਰ ਜਸਵਿੰਦਰ ਸਿੰਘ ਨੇ ਸੰਭਾਲਿਆ ਚਾਰਜ ਸ਼ਰਾਰਤੀ ਅਨਸਰਾਂ ਨੂੰ ਕੀਤੀ ਸਖ਼ਤ ਤਾੜਨਾ

ਜੰਡਿਆਲਾ ਗੁਰੂ 29 ਨਵੰਬਰ ( ਕੁਲਵੰਤ ਸਿੰਘ ਵਿਰਦੀ ) ਅੱਜ ਹਲਕਾ ਜੰਡਿਆਲਾ ਦੇ ਅਧੀਨ ਆਉਂਦੇ ਅਤੇ ਪੁਲਿਸ ਦਿਹਾਤੀ ਅੰਮ੍ਰਿਤਸਰ ਦੇ ਅਧੀਨ ਆਉਂਦੇ ਥਾਣਾ ਜੰਡਿਆਲਾ ਗੁਰੂ ਦੇ ਨਵੇਂ ਮੁਖੀ ਐਸ ਐੱਚ ਓ ਸ੍ਰ ਜਸਵਿੰਦਰ ਸਿੰਘ ਨੇ ਬਤੌਰ ਥਾਣਾ ਜੰਡਿਆਲਾ ਗੁਰੂ ਦਾ ਚਾਰਜ ਸੰਭਾਲਿਆ । ਗੱਲਬਾਤ ਦੌਰਾਨ ਉਹਨਾਂ ਕਿਹਾ ਕਿ ਜੰਡਿਆਲਾ ਗੁਰੂ ਦੀ ਅਮਨ ਸ਼ਾਂਤੀ ਲਈ ਉਹ ਪੂਰੇ ਵਚਨਬੱਧ ਹਨ ਅੱਗੇ ਉਨ੍ਹਾ ਸ਼ਹਿਰ ਵਾਸੀਆਂ ਅਤੇ ਇਲਾਕਾ ਵਾਸੀਆਂ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਬਿਨਾਂ ਕਿਸੇ ਡਰ ਖ਼ੌਫ਼ ਦੇ ਸ਼ਰਾਰਤੀ ਅਨਸਰਾਂ ਬਾਰੇ ਜਾਣਕਾਰੀ ਦੇਣ ਤਾਂ ਜੋ ਰਲਮਿਲ ਕੇ ਇਲਾਕੇ ਦੀ ਸੁਖ ਸ਼ਾਂਤੀ ਲਈ ਕੰਮ ਕਰੀਏ ਅੱਗੇ ਉਨ੍ਹਾ ਨੇ ਸ਼ਰਾਰਤੀ ਅਨਸਰਾਂ ਨੂੰ ਤਾੜਨਾ ਕਰਦਿਆਂ ਹੋਇਆਂ ਕਿਹਾ ਕਿ ਭੈੜੇ ਕੰਮ ਛੱਡ ਕੇ ਮੇਹਨਤ ਕਰਕੇ ਆਪਣੇ ਮਾਤਾ ਪਿਤਾ ਦੀ ਸੇਵਾ ਕਰਨ ਨਹੀਂ ਤਾਂ ਪੁਲਿਸ ਦੇ ਹੱਥ ਲੱਗਣ ਤੇ ਕੋਈ ਵੀ ਅਪੀਲ ਦਲੀਲ ਨਹੀਂ ਸੁਣੀ ਜਾਵੇਗੀ ਬਲਕਿ ਸਖਤ ਕਾਰਵਾਈ ਕੀਤੀ ਜਾਵੇਗੀ ਅਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ ।



ਆਵਾਜ਼ਿ ਕੌਮ AWAZE QAUM International Newspaper & WEB TV

## ਥਾਣਾ ਹਰਿਆਣਾ ਦੇ ਐਸਐਚਓ ਦਾ ਸਬ ਇੰਸਪੈਕਟਰ ਜਗਜੀਤ ਸਿੰਘ ਨੇ ਸੰਭਾਲਿਆ ਚਾਰਜ

**ਹੁਸ਼ਿਆਰਪੁਰ, 29 ਨਵੰਬਰ, (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਦੇ ਥਾਣਾ ਰਹਿਆਣਾ ਦੇ ਮੁੱਖ ਅਫਸਰ ਦੀ ਬਦਲੀ ਹੋਣ ਤੇ ਸਬ ਇੰਸਪੈਕਟਰ ਜਗਜੀਤ ਸਿੰਘ ਨੇ ਥਾਣਾ ਹਰਿਆਣਾ ਦਾ ਚਾਰਜ ਸੰਭਾਲ ਲਿਆ ਹੈ । ਨਵ -ਨਿਯੁਕਤ ਐਸ ਐਚ ਉ ਜਗਜੀਤ ਸਿੰਘ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਕਿਹਾ ਕਿ ਦੋ ਪਹੀਆ ਵਾਹਨਾ ਤੇ ਉੱਚੀ ਅਵਾਜ ਵਾਲੇ ਲੱਗੇ ਹੋਏ ਪ੍ਰੇਸ਼ਰ ਹਾਰਨਾ ਕਾਰਨ ਆਮ ਲੋਕਾ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਉੱਥੇ ਉੱਚੀ ਅਵਾਜ ਵਾਲੇ ਪਟਾਕੇ ਮਾਰਦੇ ਮੋਟਰ ਸਾਇਕਲ ਵਾਲਿਆ ਨੂੰ ਵੀ ਬਖ਼ਿਸ਼ਆ ਨਹੀ ਜਾਵੇਗਾ । ਉਹਨਾ ਕਿਹਾ ਕਿ ਕਿਸੇ ਵੀ ਕਿਸਮ ਦਾ ਨਸ਼ਾ ਵੇਚਣ ਵਾਲੇ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀ ਜਾਵੇਗਾ । ਉਹਨਾ ਕਿਹਾ ਕਿ ਲਾਅ ਐਡ ਆਰਡਰ ਨੂੰ ਪੱਕੇ ਤੌਰ ਤੇ ਬਹਾਲ ਰੱਖਿਆ ਜਾਵੇਗਾ ਅਤੇ ਉਹਨਾ ਨਸ਼ੇ ਦੇ ਸੁਦਾਗਰਾ ਨੂੰ ਸ਼ਖ਼ਤ ਹਦਾਇਤ ਕਰਦਿਆ ਕਿਹਾ ਕਿ ਨਸ਼ਾ ਵੇਚਣ ਵਾਲੇ ਨੂੰ ਕਿਸੇ ਵੀ ਕੀਮਤ ਤੇ ਬਖ਼ਿਸ਼ਆ ਨਹੀ ਜਾਵੇਗਾ ਚਾਹੇ ਉਹ ਕਿੰਨੀ ਵੀ ਪਹੁੰਚ ਰੱਖਦਾ ਹੋਵੇ ਨਸ਼ੇ ਦੇ ਸੁਦਾਗਰਾ ਨੂੰ ਜੇਲ੍ਹ ਦੀਆ ਸਲਾਖਾ ਪਿੱਛੇ ਡੱਕਿਆ ਜਾਵੇਗਾ ! ਇੱਕ ਸਵਾਲ ਦੇ ਜਵਾਬ ਵਿੱਚ ਥਾਣਾ ਮੁਖੀ ਸਬ ਇੰਸਪੈਕਟਰ ਜਗਜੀਤ ਸਿੰਘ ਨੇ ਦੱਸਿਆ ਕਿ ਮੈਂ ਇਸ ਤੋਂ ਪਹਿਲਾਂ ਥਾਣਾ ਬੁੱਲੋਵਾਲ,ਥਾਣਾ ਸਿਟੀ, ਥਾਣਾ ਮੇਹਟੀਆਣਾ, ਥਾਣਾ ਚੱਬੇਵਾਲ ਵਿਖੇ ਆਪਣੀਆਂ ਸੇਵਾਵਾਂ ਨਿਭਾ ਚੁੱਕਾ ਹਾਂ !

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਦੇ ਸਰੋਵਰ ਦੀ ਕਾਰ ਸੇਵਾ ਸ਼ੁਰੂ

# ਆਰੰਭਤਾ ਸਮੇਂ ਗਿਆਨੀ ਰਘਬੀਰ ਸਿੰਘ ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਰਹੀਆਂ ਹਾਜ਼ਰ









**ਅੰਮ੍ਰਿਤਸਰ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਗੁਰਇਕਬਾਲ ਸਿੰਘ ਬੀਬੀ ਕੋਲਾਂ ਜੀ ਭਲਾਈ ਕੇਂਦਰ ਵਾਲਿਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਜੀ ਦੇ ਪਵਿੱਤਰ ਸਰੋਵਰ ਦੀ ਕਾਰ ਸੇਵਾ ਅੱਜ ਪੰਥਕ ਰਵਾਇਤ ਅਨੁਸਾਰ ਆਰੰਭ ਕੀਤੀ ਗਈ। ਇਸ ਕਾਰ ਸੇਵਾ ਦੀ ਆਰੰਭਤਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਿੰਘ, ਗ੍ਰੰਥੀ ਗਿਆਨੀ ਗੁਰਮਿੰਦਰ ਸਿੰਘ, ਗਿਆਨੀ ਬਲਜੀਤ ਸਿੰਘ, ਗਿਆਨੀ ਕੇਵਲ ਸਿੰਘ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਅਤੇ ਭਾਈ ਗੁਰਇਕਬਾਲ ਸਿੰਘ ਨੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਟੱਪ ਲਗਾ ਕੇ ਕੀਤੀ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਵਿਖੇ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਰੂਪ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਲਿਆ।

ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੀਆਂ ਸੇਵਾਵਾਂ ਵਿਚ ਹਿੱਸਾ ਲੈਣਾ ਵੱਡੇ ਭਾਗਾਂ ਦੀ ਨਿਸ਼ਾਨੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਦੇ ਪਾਵਨ ਸਰੋਵਰ ਦੀ ਇਸ ਤੋਂ ਪਹਿਲਾਂ 2016 ਵਿਚ ਸੇਵਾ ਕਰਵਾਈ ਗਈ ਸੀ ਅਤੇ ਸੰਗਤਾਂ ਦੀ ਮੰਗ ਅਨੁਸਾਰ ਸ਼੍ਰੋਮਣੀ ਕਮੇਟੀ ਨੇ ਇਸ ਦੀ ਮੁੜ ਸੇਵਾ ਕਰਵਾਉਣ ਲਈ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਾਲਿਆਂ ਨੂੰ ਜ਼ੁੰਮੇਵਾਰੀ ਸੌਂਪੀ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਇਸ ਸੇਵਾ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਤੇ ਆਪਣਾ ਜੀਵਨ ਸਫਲਾ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੁਰਇਕਬਾਲ ਸਿੰਘ ਨੂੰ ਸੌਂਪੀ ਗਈ ਸੇਵਾ

ਇਸੇ ਦੌਰਾਨ ਭਾਈ ਗੁਰਇਕਬਾਲ ਸਿੰਘ ਨੇ ਇਸ ਕਾਰਜ ਦੀ ਸੇਵਾ ਲਈ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਵੱਡੀ ਬਖ਼ਸ਼ਿਸ਼ ਹੈ ਕਿ ਇਹ ਸੇਵਾ ਸਾਡੀ ਝੋਲੀ ਪਈ ਹੈ। ਉਨ੍ਹਾਂ ਕਿਹਾ ਕਿ ਗੁਰੂ-ਘਰ ਦੀ ਸੇਵਾ ਕਿਸੇ ਕਰਮਾਂ-ਭਾਗਾਂ ਵਾਲੇ ਮਨੁੱਖ ਨੂੰ ਹੀ ਮਿਲਦੀ ਹੈ। ਇਸ ਦੇ ਨਾਲ ਹੀ ਉਨ੍ਹਾਂ ਸੰਗਤ ਨੂੰ ਵੀ ਬੇਨਤੀ ਕੀਤੀ ਕਿ ਉਹ ਇਸ ਕਾਰ ਸੇਵਾ ਵਿੱਚ ਵੱਧ ਤੋਂ ਵੱਧ ਹਾਜ਼ਰੀਆਂ ਭਰਨ। ਇਸ ਮੌਕੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਰਾਮ ਸਿੰਘ, ਸ. ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਮਨਜੀਤ ਸਿੰਘ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸਕੱਤਰ ਸ. ਪ੍ਰਤਾਪ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ, ਬਾਬਾ ਹਰੀ ਸਿੰਘ ਹਰੀਕੇ ਪੱਤਣ, ਬਾਬਾ ਨਾਹਰ ਸਿੰਘ ਸਾਧ ਜੀ, ਬਾਬਾ ਰਮਨ ਸਿੰਘ, ਬਾਬਾ ਅਮਰ ਸਿੰਘ, ਡਾ. ਧਰਮਜੀਤ ਸਿੰਘ, ਸ. ਤੇਜਿੰਦਰ ਸਿੰਘ, ਸ. ਗੁਰਦੀਪ ਸਿੰਘ ਸਲੂਜਾ, ਵਧੀਕ ਮੈਨੇਜਰ ਸ. ਜਸਪਾਲ ਸਿੰਘ ਢੱਡੇ, ਸ. ਬਿਕਰਮਜੀਤ ਸਿੰਘ ਝੰਗੀ, ਸ. ਜੁਗਰਾਜ ਸਿੰਘ, ਸ. ਲਖਬੀਰ ਸਿੰਘ, ਭਾਈ ਗੁਰਵਿੰਦਰ ਸਿੰਘ ਗ੍ਰੰਥੀ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਪ੍ਰਤਾਪ ਸਿੰਘ, ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਸ. ਜਗਮੋਹਨ ਸਿੰਘ ਨੂੰ ਪੱਤਰ

**ਸ. ਜਗਮੋਹਨ ਸਿੰਘ ਜੀ,**

**ਵਾਹਿਗੁਰੂ ਜੀ ਕਾ ਖ਼ਾਲਸਾ।। ਵਾਹਿਗੁਰੂ ਜੀ ਕੀ ਫ਼ਤਿਹ।।**


**ਸਤਿਕਾਰਯੋਗ ਜੀਓ,**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਹਿਬ ਨੂੰ ਆਪ ਵੱਲੋਂ ਲਿਖੇ ਪੱਤਰ (ਮਿਤੀ 27 ਨਵੰਬਰ 2024) ਰਾਹੀਂ ਤੁਸੀਂ ਅੰਮ੍ਰਿਤਸਰ ਸ਼ਹਿਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿਵਾਉਣ ਸਬੰਧੀ ਕੁਝ ਮੰਗਾਂ ਜੋ ਪੰਜਾਬ ਸਰਕਾਰ ਪਾਸ ਰੱਖੀਆਂ ਹਨ ਉਨ੍ਹਾਂ ਦਾ ਹਵਾਲਾ ਦਿੰਦਿਆਂ, ਇਹ ਮੰਗਾਂ ਹੁਣ ਤੱਕ ਪੂਰੀਆਂ ਨਾ ਹੋਣ ਕਾਰਨ, ਮਿਤੀ 30 ਨਵੰਬਰ 2024 ਨੂੰ ਸ੍ਰੀ ਦਰਬਾਰ ਸਾਹਿਬ ਦੇ ਪਰਵੇਸ਼ ਦੁਆਰ ਦੇ ਬਾਹਰ ਘੰਟਾ ਘਰ ਵਾਲੇ ਪਾਸੇ ਵਰਤ ਰੱਖ ਕੇ ਰੋਸ਼ ਪ੍ਰਦਰਸ਼ਨ ਕਰਨ ਦੀ ਗੱਲ ਆਖੀ ਹੈ। ਆਪ ਦਾ ਪੱਤਰ ਪ੍ਰਧਾਨ ਸਾਹਿਬ ਦੇ ਦ੍ਰਿਸ਼ਟੀਗੋਚਰ ਕੀਤਾ ਗਿਆ ਹੈ। ਭਾਵੇਂ ਕਿ ਤੁਹਾਡੇ ਪੱਤਰ ਵਿੱਚ ਦਰਜ ਜੋ ਮੰਗਾਂ ਪੰਜਾਬ ਸਰਕਾਰ ਪਾਸ ਉਠਾਈਆਂ ਹਨ ਪ੍ਰਧਾਨ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਉਨ੍ਹਾਂ ਨਾਲ ਪੂਰੀ ਤਰ੍ਹਾਂ ਸਹਿਮਤ ਹਨ, ਪਰੰਤੂ ਇਹ ਨੋਟ ਕੀਤਾ ਜਾਵੇ ਕਿ ਸਿੱਖ ਰਵਾਇਤ ਅਤੇ ਸਿਧਾਂਤ ਅਨੁਸਾਰ ਵਰਤ ਰੱਖਣਾ ਗੁਰਮਤਿ ਦੇ ਉਲਟ ਹੈ। ਇਸ ਲਈ ਸਿੱਖਾਂ ਦੇ ਕੇਂਦਰੀ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਅਜਿਹੀ ਮਨਮਤਿ ਦੀ ਇਜ਼ਾਜ਼ਤ ਨਹੀਂ ਦਿੱਤੀ ਜਾ ਸਕਦੀ। ਗੁਰੂ ਘਰ ਵਿਖੇ ਇੱਕ ਸ਼ਰਧਾਲੂ ਸਿੱਖ ਵਜੋਂ ਅਰਦਾਸ ਬੇਨਤੀ ਕਰਨ ਲਈ ਆਪ ਜੀ ਦਾ ਹਾਰਦਿਕ ਸਵਾਗਤ ਹੈ ਅਤੇ ਰਹੇਗਾ।

ਧੰਨਵਾਦ ਸਹਿਤ,

**-ਪ੍ਰਤਾਪ ਸਿੰਘ, ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।**

ਆਵਾਜ਼ਿ ਕੌਮ AWAZE QAUM International Newspaper & WEB TV



SGPC reply to your communication to SGPC, President — Yandex 360

November 29, 2024 7:27 PM
From: «SGPC Official» <info@sgpc.net>
To: jsrajubjp@gmail.com

ਸ. ਜਗਮੋਹਨ ਸਿੰਘ ਜੀ,

ਵਾਹਿਗੁਰੂ ਜੀ ਕਾ ਖ਼ਾਲਸਾ।। ਵਾਹਿਗੁਰੂ ਜੀ ਕੀ ਫ਼ਤਿਹ।।

ਸਤਿਕਾਰਯੋਗ ਜੀਓ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਹਿਬ ਨੂੰ ਆਪ ਵੱਲੋਂ ਲਿਖੇ ਪੱਤਰ (ਮਿਤੀ 27 ਨਵੰਬਰ 2024) ਰਾਹੀਂ ਤੁਸੀਂ ਅੰਮ੍ਰਿਤਸਰ ਸ਼ਹਿਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿਵਾਉਣ ਸਬੰਧੀ ਕੁਝ ਮੰਗਾਂ ਜੋ ਪੰਜਾਬ ਸਰਕਾਰ ਪਾਸ ਰੱਖੀਆਂ ਹਨ ਉਨ੍ਹਾਂ ਦਾ ਹਵਾਲਾ ਦਿੰਦਿਆਂ, ਇਹ ਮੰਗਾਂ ਹੁਣ ਤੱਕ ਪੂਰੀਆਂ ਨਾ ਹੋਣ ਕਾਰਨ, ਮਿਤੀ 30 ਨਵੰਬਰ 2024 ਨੂੰ ਸ੍ਰੀ ਦਰਬਾਰ ਸਾਹਿਬ ਦੇ ਪਰਵੇਸ਼ ਦੁਆਰ ਦੇ ਬਾਹਰ ਘੰਟਾ ਘਰ ਵਾਲੇ ਪਾਸੇ ਵਰਤ ਰੱਖ ਕੇ ਰੋਸ਼ ਪ੍ਰਦਰਸ਼ਨ ਕਰਨ ਦੀ ਗੱਲ ਆਖੀ ਹੈ। ਆਪ ਦਾ ਪੱਤਰ ਪ੍ਰਧਾਨ ਸਾਹਿਬ ਦੇ ਦ੍ਰਿਸ਼ਟੀਗੋਚਰ ਕੀਤਾ ਗਿਆ ਹੈ। ਭਾਵੇਂ ਕਿ ਤੁਹਾਡੇ ਪੱਤਰ ਵਿੱਚ ਦਰਜ ਜੋ ਮੰਗਾਂ ਪੰਜਾਬ ਸਰਕਾਰ ਪਾਸ ਉਠਾਈਆਂ ਹਨ ਪ੍ਰਧਾਨ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਉਨ੍ਹਾਂ ਨਾਲ ਪੂਰੀ ਤਰ੍ਹਾਂ ਸਹਿਮਤ ਹਨ, ਪਰੰਤੂ ਇਹ ਨੋਟ ਕੀਤਾ ਜਾਵੇ ਕਿ ਸਿੱਖ ਰਵਾਇਤ ਅਤੇ ਸਿਧਾਂਤ ਅਨੁਸਾਰ ਵਰਤ ਰੱਖਣਾ ਗੁਰਮਤਿ ਦੇ ਉਲਟ ਹੈ। ਇਸ ਲਈ ਸਿੱਖਾਂ ਦੇ ਕੇਂਦਰੀ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਅਜਿਹੀ ਮਨਮਤਿ ਦੀ ਇਜ਼ਾਜ਼ਤ ਨਹੀਂ ਦਿੱਤੀ ਜਾ ਸਕਦੀ। ਗੁਰੂ ਘਰ ਵਿਖੇ ਇੱਕ ਸ਼ਰਧਾਲੂ ਸਿੱਖ ਵਜੋਂ ਅਰਦਾਸ ਬੇਨਤੀ ਕਰਨ ਲਈ ਆਪ ਜੀ ਦਾ ਹਾਰਦਿਕ ਸਵਾਗਤ ਹੈ ਅਤੇ ਰਹੇਗਾ।

ਧੰਨਵਾਦ ਸਹਿਤ,

ਪ੍ਰਤਾਪ ਸਿੰਘ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ।

Shiromani Gurdwara Parbandhak Committee,
Teja Singh Samundri Hall, Sri Harmandir Sahib
Complex, Amritsar, Punjab (INDIA) Pin - 143006

### ਚੌਥੇ ਥੰਮ ਨੂੰ ਡੇਗਣ ਦੀਆਂ ਕੋਸ਼ਿਸ਼ਾਂ ਬਰਦਾਸ਼ਤ ਨਹੀਂ ਹੋਣਗੀਆਂ

# ਪੱਤਰਕਾਰਾਂ ਨੇ ਲਿਆ ਫ਼ੈਸਲਾ, ਜਲਦ ਵਿੱਢਿਆ ਜਾਵੇਗਾ ਸੰਘਰਸ਼




**ਫ਼ਿਰੋਜ਼ਪੁਰ, 29 ਨਵੰਬਰ (ਮਨੋਹਰ ਲਾਲ) :—** ਫ਼ਿਰੋਜ਼ਪੁਰ ਅੰਦਰ ਲਗਾਤਾਰ ਵੱਧ ਰਹੀਆਂ ਵਾਰਦਾਤਾਂ, ਲੁੱਟਾਂ-ਖੋਹਾਂ, ਚੋਰੀਆਂ, ਨਸ਼ੇ ਅਤੇ ਜ਼ਿਲ੍ਹਾ ਪੁਲਸ ਕੋਲ ਪੈਂਡਿੰਗ ਪਈਆਂ ਦਰਖ਼ਾਸਤਾਂ ਦਾ ਨਿਪਟਾਰਾ ਨਾ ਹੋਣ ਖ਼ਿਲਾਫ਼ ਆਵਾਜ਼ ਚੁੱਕਣ ਤੋਂ ਬਾਅਦ ਪੁਲਸ ਵੱਲੋਂ ਪੱਤਰਕਾਰਾਂ ਖ਼ਿਲਾਫ਼ ਕਰਵਾਈਆਂ ਕਰਨ ਲਈ ਹਿਲਜੁੱਲ ਕਰਨ ਖ਼ਿਲਾਫ਼ ਅੱਜ ਇਥੇ ਸਤਲੁਜ ਪ੍ਰੈੱਸ ਕਲੱਬ ਫ਼ਿਰੋਜ਼ਪੁਰ ਵਿਚ ਪੱਤਰਕਾਰਾਂ ਦੀ ਹੰਗਾਮੀ ਮੀਟਿੰਗ ਹੋਈ ਜਿਸ ਵਿੱਚ ਉਕਤ ਕਾਰਵਾਈ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਗਈ। ਗੱਲਬਾਤ ਕਰਦੇ ਹੋਏ ਪ੍ਰਧਾਨ ਗੁਰਨਾਮ ਸਿੱਧੂ, ਚੇਅਰਮੈਨ ਵਿਜੇ ਸ਼ਰਮਾ, ਜਨਰਲ ਸਕੱਤਰ ਜਤਿੰਦਰ ਪਿੰਕਲ ਨੇ ਸਾਂਝੇ ਰੂਪੋਂ ਚ ਕਿਹਾ ਕਿ ਇੱਕ ਨਿੱਜੀ ਚੈਨਲ ਉਪਰ ਪੁਲਸ ਖ਼ਿਲਾਫ਼ ਅਵਾਜ਼ ਬੁਲੰਦ ਕਰਨ ਤੋਂ ਬਾਅਦ ਜ਼ਿਲ੍ਹਾ ਪੁਲਸ ਬੁਖਲਾਹਟ ਵਿੱਚ ਆ ਗਈ ਹੈ। ਚੈਨਲ ਉਪਰ ਬੋਲੇ ਗਏ ਸੱਚ ਦੇ ਉਲਟ ਪ੍ਰਧਾਨ ਗੁਰਨਾਮ ਸਿੱਧੂ ਅਤੇ ਸੁਖਵਿੰਦਰ ਸੁੱਖ ਨੂੰ ਟਾਰਗਿਟ ਕੀਤਾ ਜਾ ਰਿਹਾ ਹੈ। ਓਹਨਾ ਕਿਹਾ ਕਿ ਤਿੰਨ ਦਿਨ ਤੋਂ ਪੁਲਸ ਦਾ ਖੁਫੀਆ ਵਿਭਾਗ ਇਸ ਤਰ੍ਹਾਂ ਤਹਿਕੀਕਾਤ ਕਰ ਰਿਹਾ ਹੈ ਜਿਵੇਂ ਕਿਸੇ ਨਾਮੀ ਗੈਂਗਸਟਰ ਦੀ ਕੀਤੀ ਜਾਂਦੀ ਹੈ। ਪੱਤਰਕਾਰਾਂ ਨੇ ਕਿਹਾ ਕਿ ਕਾਸ਼* ਖੁਫੀਆ ਵਿਭਾਗ ਅਜਿਹੀ ਕਾਰਵਾਈ ਫ਼ਿਰੋਜ਼ਪੁਰ ਅੰਦਰ ਸ਼ਾਂਤੀ ਲਿਆਉਣ ਲਈ ਕਰੇ ਤਾਂ ਕਿਸੇ ਨੂੰ ਬੋਲਣਾ ਹੀ ਨਾ ਪਵੇ।

ਸਤਲੁਜ ਪ੍ਰੈੱਸ ਕਲੱਬ ਦੇ ਨੁਮਾਇੰਦਿਆਂ ਨੇ ਕਿਹਾ ਕਿ ਪੁਲਸ ਦੀਆਂ ਅਜਿਹੀਆਂ ਹਰਕਤਾਂ ਬਰਦਾਰਸ਼ਤ ਨਹੀਂ ਕੀਤੀਆਂ ਜਾਣਗੀਆਂ। ਓਹਨਾ ਕਿਹਾ ਕਿ ਅਗਰ ਕਿਸੇ ਸਾਥੀ ਉੱਤੇ ਝੂਠੇ ਪਰਚੇ ਜਾਂ ਕਿਸੇ ਮਾਮਲੇ ਚ ਫਸਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਸਮੂਹ ਜਥੇਬੰਦੀਆਂ ਨੂੰ ਨਾਲ ਲੈਕੇ ਸੜਕਾਂ ਜਾਮ ਕਰ ਦਿੱਤੀਆਂ ਜਾਣਗੀਆਂ। ਓਹਨਾ ਕਿਹਾ ਕਿ ਚੌਥੇ ਥੰਮ ਉੱਤੇ ਅਜਿਹੇ ਵਾਰ ਕਦੇ ਵੀ ਸਹਿਣ ਨਹੀ ਕੀਤੇ ਜਾਣਗੇ। ਪੁਲਸ ਆਪਣੀਆਂ ਕਮਜ਼ੋਰੀਆਂ ਲੁਕਾਉਣ ਲਈ ਪੱਤਰਕਾਰਾਂ ਉੱਤੇ ਹੀ ਹਮਲੇ ਕਰਨ ਲਈ ਕਾਹਲੇ ਪਈ ਹੋਈ ਹੈ। ਪ੍ਰਧਾਨ ਨੇ ਕਿਹਾ ਕਿ ਸਾਡੇ ਪੱਤਰਕਾਰ ਸਾਥੀਆਂ ਦੇ ਕਿੰਨੇ ਹੀ ਮਾਮਲੇ ਪੁਲਸ ਕੋਲ ਪਿਛਲੇ ਕਈ ਮਹੀਨਿਆਂ ਦੇ ਪੈਂਡਿੰਗ ਪਏ ਹਨ ਪਰ ਪੁਲਸ ਕੋਈ ਵੀ ਕਾਰਵਾਈ ਅਮਲ ਵਿੱਚ ਨਹੀਂ ਲਿਆਉਣਾ ਚਾਹੁੰਦੀ। ਪੱਤਰਕਾਰਾਂ ਨੇ ਇਹ ਵੀ ਕਿਹਾ ਕਿ ਪੁਲਸ ਵਿਭਾਗ ਵਿਚ ਨਸ਼ਾ ਕਰਨ ਵਾਲੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਦੇ ਡੋਪ ਟੈਸਟ ਕਰਵਾਏ ਜਾਣ, ਜਿੰਨ੍ਹਾ ਦੀ ਜਾਂਚ ਮਾਣਯੋਗ ਹਾਈ ਕੋਰਟ ਦੇ ਕਿਸੇ ਰਿਟਾਇਰਡ ਜੱਜ ਸਾਹਿਬਾਨ ਤੋਂ ਕਰਵਾਏ ਜਾਣ।ਸਾਥੀਆਂ ਨੇ ਕਿਹਾ ਕਿ 4 ਦਸੰਬਰ ਨੂੰ ਜ਼ਿਲ੍ਹੇ ਦੀਆਂ ਪ੍ਰੈੱਸ ਕਲੱਬਾਂ ਦੀ ਮੀਟਿੰਗ ਸੱਦੀ ਜਾ ਰਹੀ ਹੈ ਜਿਸ ਵਿਚ ਸਲਾਹ ਮਸ਼ਵਰਾ ਕਰਨ ਉਪਰੰਤ ਵੱਡਾ ਸੰਘਰਸ਼ ਉਲੀਕਿਆ ਜਾਵੇਗਾ। ਇਸ ਮੌਕੇ ਤੇ ਵੱਖ ਵੱਖ ਅਦਾਰਿਆਂ ਨਾਲ ਸਬੰਧਤ ਪੱਤਰਕਾਰ ਸਾਥੀਆਂ ਨੇ ਭਾਗ ਲਿਆ।

### ਵਿਧਾਇਕ ਨਰਿੰਦਰ ਕੌਰ ਭਰਾਜ ਤੇ ਡੀ.ਸੀ. ਸੰਦੀਪ ਰਿਸ਼ੀ ਵੱਲੋਂ ਵਿਧਾਨ ਸਭਾ ਹਲਕਾ ਸੰਗਰੂਰ ਦੇ ਵਿਕਾਸ ਕਾਰਜਾਂ ਦੀ ਸਮੀਖਿਆ ਲਈ ਅਧਿਕਾਰੀਆਂ ਨਾਲ ਮੀਟਿੰਗ

# ਸੰਗਰੂਰ ਹਲਕੇ ਵਿੱਚ ਚੱਲ ਰਹੇ ਵਿਕਾਸ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇ: ਵਿਧਾਇਕ ਨਰਿੰਦਰ ਕੌਰ ਭਰਾਜ

**ਸੰਗਰੂਰ, ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਸੰਗਰੂਰ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਭਲਾਈ ਸਕੀਮਾਂ ਨੂੰ ਲਾਗੂ ਕਰਨ ਲਈ ਕੀਤੇ ਜਾ ਰਹੇ ਪ੍ਰਸ਼ਾਸਨਿਕ ਉਪਰਾਲਿਆਂ ਦੀ ਸਮੀਖਿਆ ਲਈ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਮੀਟਿੰਗ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਵੀ ਉਨ੍ਹਾਂ ਨਾਲ ਹਾਜ਼ਰ ਸਨ।ਮੀਟਿੰਗ ਦੀ ਸ਼ੁਰੂਆਤ ਵਿੱਚ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅਧਿਕਾਰੀਆਂ ਪਾਸੋਂ ਵੱਖ-ਵੱਖ ਸਕੀਮਾਂ ਅਧੀਨ ਚੱਲ ਰਹੇ ਪ੍ਰਾਜੈਕਟਾਂ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਵਿੱਚ ਉੱਚ ਪੱਧਰੀ ਗੁਣਵੱਤਾ ਲਿਆਉਣੀ ਯਕੀਨੀ ਬਣਾਈ ਜਾਵੇ।ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹਲਕੇ ਵਿੱਚ ਚੱਲ ਰਹੇ ਵਿਕਾਸ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਮੁਕੰਮਲ ਵੀ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨਾਗਰਿਕਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਵਿਭਾਗੀ ਪੱਧਰ ਉੱਤੇ ਕਿਸੇ ਵੀ ਤਰ੍ਹਾਂ ਦੀ ਢਿੱਲ ਮੱਠ ਨੂੰ ਪ੍ਰਵਾਨ ਨਹੀਂ ਕੀਤਾ ਜਾਵੇਗਾ ਅਤੇ ਅਣਗਿਹਲੀ ਵਰਤਣ ਵਾਲਿਆਂ ਖਿਲਾਫ ਕਾਰਵਾਈ ਕੀਤੀ ਜਾਵੇਗੀ। ਮੀਟਿੰਗ ਦੌਰਾਨ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਜਿਨ੍ਹਾਂ ਵਿਕਾਸ ਕਾਰਜਾਂ ਦੀ ਪ੍ਰਵਾਨਗੀ ਅਤੇ ਲੋੜੀਂਦੇ ਫੰਡ ਪਾਸ ਕਰਨ ਦੀ ਕਾਰਵਾਈ ਸਰਕਾਰ ਵੱਲੋਂ ਮੁਕੰਮਲ ਕੀਤੀ ਜਾ ਚੁੱਕੀ ਹੈ, ਉਨ੍ਹਾਂ ਦੀ ਟੈਂਡਰ ਕਾਲ ਕਰਨ ਸਬੰਧੀ ਪ੍ਰਕਿਰਿਆ ਜਲਦ ਤੋਂ ਜਲਦ ਖ਼ਤਮ ਕਰਕੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਜਾਵੇ। ਵਿਧਾਇਕ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਟੀਚਾ ਹੈ ਕਿ ਸੂਬੇ ਦੇ ਸ਼ਹਿਰਾਂ ਨੂੰ ਕੂੜਾ ਮੁਕਤ ਕੀਤਾ ਜਾਵੇ। ਇਸ ਲਈ ਉਨ੍ਹਾਂ ਅਧਿਕਾਰੀਆਂ ਨੂੰ ਸਖ਼ਤੀ ਨਾਲ ਨਿਰਦੇਸ਼ ਦਿੱਤੇ ਕਿ ਕਿਸੇ ਵੀ ਥਾਂ 'ਤੇ ਕੂੜੇ ਦੇ ਢੇਰ ਨਹੀਂ ਲੱਗੇ ਹੋਣੇ ਚਾਹੀਦੇ। ਇਸ ਲਈ ਡੋਰ ਟੂ ਡੋਰ ਕੂੜਾ ਇੱਕਤਰ ਕਰਨ ਵੱਲ ਵਿਸ਼ੇਸ਼ ਧਿਆਨ ਦਿੰਦੇ ਹੋਏ ਕੂੜੇ ਦਾ ਸਹੀ ਢੰਗ ਨਾਲ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ।ਉਨ੍ਹਾਂ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਰੋਜ਼ਾਨਾ ਆਪਣੇ ਖੇਤਰ ਅਧੀਨ ਸਾਫ਼-ਸਫ਼ਾਈ ਕਰਵਾਈ ਜਾਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸੀਵਰੇਜ਼ ਦੀ ਸਾਫ਼-ਸਫ਼ਾਈ ਵੀ ਸਮੇਂ ਸਮੇਂ 'ਤੇ ਲੋੜ ਅਨੁਸਾਰ ਕਰਵਾਈ ਜਾਵੇ ਤਾਂ ਜੋ ਸੀਵਰੇਜ ਦਾ ਗੰਦਾ ਪਾਣੀ ਓਵਰਫਲੋਅ ਹੋ ਕੇ ਸੜਕਾਂ ਅਤੇ ਗਲੀਆਂ ਵਿੱਚ ਨਾ ਆਵੇ। ਇਸ ਤੋਂ ਇਲਾਵਾ ਪੀਣ ਵਾਲਾ ਸਾਫ਼ ਪਾਣੀ ਵੀ ਸ਼ਹਿਰ ਵਾਸੀਆਂ ਨੂੰ ਮੁਹੱਈਆ ਕਰਵਾਇਆ ਜਾਵੇ। ਉਹਨਾਂ ਨੇ ਸਟਰੀਟ ਲਾਈਟਾਂ ਨੂੰ ਚਾਲੂ ਹਾਲਤ ਵਿੱਚ ਰੱਖਣ ਵੱਲ ਵਿਸ਼ੇਸ਼ ਧਿਆਨ ਦੇਣ ਲਈ ਕਿਹਾ। ਵਿਧਾਇਕ ਨੇ ਕਿਹਾ ਕਿ ਵਿਕਾਸ ਕਾਰਜਾਂ ਲਈ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀਂ ਹੈ। ਇਸ ਲਈ ਹੋਰ ਕਾਰਜਾਂ ਲਈ ਵੀ ਜੇਕਰ ਕਿਸੇ ਸ਼ਹਿਰੀ ਸਥਾਨਕ ਇਕਾਈਆਂ ਨੂੰ ਫੰਡਾਂ ਦੀ ਜ਼ਰੂਰਤ ਹੋਵੇ ਤਾਂ ਇਸਦੀ ਮੁਕੰਮਲ ਤਜਵੀਜ਼ ਤਿਆਰ ਕਰਕੇ ਸਬੰਧਤ ਵਿਭਾਗ ਦੇ ਮੁੱਖ ਦਫ਼ਤਰ ਨੂੰ ਭੇਜਣ ਦੇ ਨਾਲ-ਨਾਲ ਉਨ੍ਹਾਂ ਨੂੰ ਵੀ ਰਿਪੋਰਟ ਭੇਜੀ ਜਾਵੇ। ਇਸ ਮੌਕੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਵਿਕਾਸ ਕਾਰਜਾਂ ਨੂੰ ਨੇਪਰੇ ਚੜ੍ਹਾਉਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਜਾਬ ਸਰਕਾਰ ਦੀਆਂ ਨੀਤੀਆਂ ਅਤੇ ਭਲਾਈ ਸਕੀਮਾਂ ਨੂੰ ਅਸਲ ਲੋੜਵੰਦਾਂ ਤੱਕ ਪਹੁੰਚਾਉਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਇਸ ਮੌਕੇ ਏ.ਡੀ.ਸੀ. (ਜ) ਅਮਿਤ ਬੈਂਬੀ, ਏ.ਡੀ.ਸੀ. (ਵਿਕਾਸ) ਸੁਖਚੈਨ ਸਿੰਘ, ਐਸ.ਡੀ.ਐਮ. ਸੰਗਰੂਰ ਚਰਨਜੋਤ ਸਿੰਘ ਵਾਲੀਆ, ਮੁੱਖ ਮੰਤਰੀ ਫੀਲਡ ਅਫ਼ਸਰ ਆਦਿੱਤਿਆ ਸ਼ਰਮਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਯੂਨੀਅਨ ਸਿਟੀ ਕੈਲੀਫੋਰਨਿਆ ਦੇ ਪਹਿਲੇ ਸਿੱਖ ਮੇਅਰ ਦਾ ਬਾਬਾ ਹਰਨਾਮ ਸਿੰਘ ਖ਼ਾਲਸਾ ਜੀ ਵੱਲੋਂ ਸਨਮਾਨ

## ਮੇਅਰ ਗੈਰੀ ਸਿੰਘ ਵਲੋਂ ਟਕਸਾਲ ਮੁਖੀ ਨਾਲ ਕੀਤੀ ਗਈ ਵਿਸ਼ੇਸ਼ ਬੈਠਕ



**ਚੌਕ ਮਹਿਤਾ, 29 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੁੱਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਜੋ ਇਹਨੀਂ ਦਿਨੀ ਆਪਣੀ ਧਰਮ ਪ੍ਰਚਾਰ ਦੀ ਅਮੈਰੀਕਾ ਫੇਰੀ ਉੱਤੇ ਗਏ ਹਨ, ਵੱਲੋਂ ਕੈਲੀਫੋਰਨੀਆ ਸਟੇਟ ਦੀ ਯੂਨੀਅਨ ਸਿਟੀ ਦੇ ਸ਼ਹਿਰ ਦੇ ਪਹਿਲੇ ਸਿੱਖ ਮੇਅਰ ਸ: ਗੈਰੀ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਮੇਅਰ ਸ: ਗੈਰੀ ਸਿੰਘ ਬਾਬਾ ਹਰਨਾਮ ਸਿੰਘ ਖ਼ਾਲਸਾ ਜੀ ਨੂੰ ਵਿਸ਼ੇਸ਼ ਤੌਰ 'ਤੇ ਮਿਲਣ ਪੁੱਜੇ ਸਨ।ਜ਼ਿਕਰਯੋਗ ਹੈ ਕਿ ਯੂਨੀਅਨ ਸਿਟੀ ਵਿੱਚ 95 ਫ਼ੀਸਦੀ ਅਮਰੀਕੀ ਲੋਕਾਂ ਦੀ ਵਸੋਂ ਹੈ ਪਰ ਫਿਰ ਵੀ ਇੱਕ ਸਿੱਖ ਦਾ ਮੇਅਰ ਬਣਨਾ ਓਨਾ ਦੀ ਇੱਕ ਵਿਸ਼ੇਸ਼ ਪ੍ਰਾਪਤੀ ਹੈ। ਸ: ਗੈਰੀ ਸਿੰਘ ਯੂਨੀਅਨ ਸਿਟੀ ਦੀ ਪਹਿਲੇ ਸਿੱਖ ਮੇਅਰ ਬਣੇ ਹਨ। ਇਸ ਮੌਕੇ ਉਹਨਾਂ ਨੇ ਸੰਤ ਬਾਬਾ ਹਰਨਾਮ ਸਿੰਘ ਜੀ ਨਾਲ ਅਮਰੀਕਾ ਵਸਦੇ ਸਿੱਖ ਭਾਈਚਾਰੇ ਦੇ ਭਵਿੱਖ ਬਾਰੇ ਵਿਸ਼ੇਸ਼ ਚਰਚਾ ਵੀ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ: ਜਸਵਿੰਦਰ ਸਿੰਘ ਜੰਡੀ ਪ੍ਰਧਾਨ ਗੁਰਦੁਆਰਾ ਸਾਹਿਬ ਫਰੀਮੌਂਟ, ਭਾਈ ਜੁਝਾਰ ਸਿੰਘ ਪਰਮਾਰ, ਭਾਈ ਪਵਿੱਤਰ ਸਿੰਘ, ਸਰਪੰਚ ਹਰਜੀਤ ਸਿੰਘ ਸਾਊਥ ਹਾਲ ਇੰਗਲੈਂਡ ਤੋਂ ਇਲਾਵਾ ਹੋਰ ਸਿੱਖ ਸੰਗਤਾਂ ਵੀ ਹਾਜ਼ਰ ਸਨ।

# ਪੰਥ ਦੇ ਜਥੇਦਾਰ ਸਾਹਿਬਾਨ ਅਜ਼ਾਦ ਤੇ ਖੁਦਮੁਖਤਿਆਰ, ਉਨ੍ਹਾਂ ਨੂੰ ਸਲਾਹਾਂ ਦੇਣ ਦੀ ਆੜ ਹੇਠ ਨਸੀਹਤਾਂ ਨਾ ਦਿੱਤੀਆਂ ਜਾਣ: ਐਡਵੋਕੇਟ ਧਾਮੀ



**ਨਵੀਂ ਦਿੱਲੀ 29 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- "ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ 2 ਦਸੰਬਰ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਬੁਲਾਈ ਗਈ ਹੈ, ਪਰੰਤੂ ਕੁਝ ਲੋਕ ਆਪਣੀ ਸੋਚ ਅਨੁਸਾਰ ਫੈਸਲਾ ਪ੍ਰਭਾਵਿਤ ਕਰਨ ਦੇ ਮੰਤਵ ਨਾਲ ਸਿੰਘ ਸਾਹਿਬਾਨ ਨੂੰ ਨਸੀਹਤਾਂ ਦੇ ਰਹੇ ਹਨ। ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਅਜਿਹਾ ਨਿੱਜੀ ਤੌਰ ਤੇ ਮੰਗ ਪੱਤਰ ਦੇਣ ਨਾਲ ਅਤੇ ਮੀਡੀਆ ਰਾਹੀਂ ਕੀਤਾ ਜਾ ਰਿਹਾ ਹੈ। ਇਸ ਵਰਤਾਰੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਿੰਘ ਸਾਹਿਬਾਨ ਦੀ ਜਾਣੇ-ਅਣਜਾਣੇ ਵਿੱਚ ਤੌਹੀਨ ਹੋ ਰਹੀ ਹੈ, ਕਿਉਂਕਿ ਕਿਸੇ ਵੀ ਮਾਮਲੇ ਵਿੱਚ ਫੈਸਲਾ ਲੈਣ ਲਈ ਜਥੇਦਾਰ ਸਾਹਿਬਾਨ ਅਜ਼ਾਦ ਤੇ ਖੁਦਮੁਖਤਿਆਰ ਹਨ ਅਤੇ ਉਹ ਇਤਿਹਾਸ, ਰਵਾਇਤਾਂ ਅਤੇ ਮਰਯਾਦਾ ਦੀ ਸੇਧ ਵਿੱਚ ਫੈਸਲਾ ਲੈਣ ਦੇ ਸਮਰੱਥ ਹਨ। ਮੈਂ ਪੰਥਕ ਧਿਰਾਂ ਨੂੰ ਅਪੀਲ ਕਰਦਾ ਹਾਂ ਕਿ ਇਸ ਸੰਜੀਦਾ ਮਸਲੇ ਵਿੱਚ ਸੰਜਮ ਰੱਖਿਆ ਜਾਵੇ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਭੂਸੱਤਾ ਸੰਪੰਨ ਹਸਤੀ ਦਾ ਸਤਿਕਾਰ ਰੱਖਿਆ ਜਾਵੇ ਅਤੇ ਜਥੇਦਾਰ ਸਾਹਿਬਾਨ ਨੂੰ ਸਲਾਹਾਂ ਦੇਣ ਦੀ ਆੜ ਹੇਠ ਨਸੀਹਤਾਂ ਨਾ ਦਿੱਤੀਆਂ ਜਾਣ ਅਤੇ ਉਨ੍ਹਾਂ ਦੀ ਨਿੱਜੀ ਸ਼ਖ਼ਸੀਅਤ ਉੱਪਰ ਕਿਸੇ ਕਿਸਮ ਦੇ ਸਵਾਲ ਨਾ ਉਠਾਏ ਜਾਣ।"

# ਕਿਸਾਨੀ ਸੰਘਰਸ਼ ਅੱਗੇ ਝੁਕੀ ਪੰਜਾਬ ਸਰਕਾਰ, ਜਗਜੀਤ ਸਿੰਘ ਡੱਲੇਵਾਲ ਹੋਣਗੇ ਰਿਹਾਅ



**ਚੰਡੀਗੜ੍ਹ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਅਤੇ ਕਿਸਾਨਾਂ ਵਿਚਕਾਰ ਸ਼ੁੱਕਰਵਾਰ ਹੋਈ ਮੀਟਿੰਗ ਵਿੱਚ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਰਿਹਾਈ ਨੂੰ ਲੈ ਕੇ ਸਹਿਮਤੀ ਬਣ ਗਈ ਹੈ, ਜਿਸ ਪਿੱਛੋਂ ਕਿਸਾਨੀ ਰੋਹ ਅੱਗੇ ਝੁਕਦਿਆਂ ਉਚ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਕਿਸਾਨ ਆਗੂ ਨੂੰ ਤੁਰੰਤ ਹਸਪਤਾਲ ਵਿੱਚੋਂ ਡਿਸਚਾਰਜ ਕਰਨ ਦੇ ਹੁਕਮ ਦੇ ਦਿੱਤੇ। ਦੱਸ ਦਈਏ ਕਿ ਪੰਜਾਬ ਭਰ ਦੇ ਕਿਸਾਨਾਂ ਵਿੱਚ ਡੱਲੇਵਾਲ ਦੀ ਪੁਲਿਸ ਹਿਰਾਸਤ ਨੂੰ ਲੈ ਕੇ ਰੋਸ ਪਾਇਆ ਜਾ ਰਿਹਾ ਸੀ ਅਤੇ ਕਿਸਾਨਾਂ ਵੱਲੋਂ ਇੱਕ ਹੋਰ ਕਿਸਾਨ ਸੁਖਜੀਤ ਸਿੰਘ ਹਰਦੋਵਾਲ ਵੱਲੋਂ ਮਰਨ ਵਰਤ ਸ਼ੁਰੂ ਕੀਤਾ ਗਿਆ ਸੀ। ਦੱਸ ਦਈਏ ਕਿ ਪੰਜਾਬ ਪੁਲਿਸ ਨੇ 26 ਨਵੰਬਰ ਤੜਕਸਾਰ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਉਦੋਂ ਚੱਕ ਲਿਆ ਸੀ, ਜਦੋਂ ਸਵੇਰੇ ਉਨ੍ਹਾਂ ਨੇ ਕਿਸਾਨੀ ਮੰਗਾਂ ਨੂੰ ਲੈ ਕੇ ਮਰਨ ਵਰਤ ਉਪਰ ਬੈਠਣਾ ਸੀ, ਪਰ ਪੁਲਿਸ ਨੇ ਪਹਿਲਾਂ ਹੀ ਚੁੱਕ ਲਿਆ ਸੀ। ਹੁਣ ਕਿਸਾਨ ਆਗੂ ਨੂੰ ਪੁਲਿਸ ਨੇ ਲੁਧਿਆਣਾ ਦੇ ਡੀਐਮਸੀ ਹਸਪਤਾਲ ਵਿਖੇ ਦਾਖਲ ਕਰਵਾਇਆ ਹੋਇਆ ਹੈ, ਜਿਥੇ ਪੁਲਿਸ ਦੀ ਤਿੰਨ ਪੱਧਰੀ ਹਿਰਾਸਤ ਹੇਠ ਕਿਸਾਨ ਆਗੂ ਵੱਲੋਂ ਮਰਨ ਵਰਤ ਰੱਖਿਆ ਹੋਇਆ ਹੈ ਅਤੇ ਪੁਲਿਸ ਵੱਲੋਂ ਉਸ ਨਾਲ ਕਿਸੇ ਨੂੰ ਵੀ ਮੁਲਾਕਾਤ ਨਹੀਂ ਕਰਨ ਦਿੱਤੀ ਜਾ ਰਹੀ ਸੀ। ਕਿਸਾਨ ਆਗੂਆਂ ਨੇ ਕਿਹਾ ਕਿ ਮੀਟਿੰਗ ਦੌਰਾਨ ਉਨ੍ਹਾਂ ਨੂੰ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਇਹ ਵਿਸ਼ਵਾਸ ਦਿਵਾਇਆ ਹੈ ਕਿ ਜਗਜੀਤ ਸਿੰਘ ਡੱਲੇਵਾਲ ਨੂੰ ਰਿਹਾਅ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਹੁਣ ਕਿਸਾਨ ਆਗੂ ਡੱਲੇਵਾਲ ਨੂੰ ਲੁਧਿਆਣਾ ਤੋਂ ਖਨੌਰੀ ਬਾਰਡਰ 'ਤੇ ਲੈ ਕੇ ਜਾਣ ਲੱਗੇ ਹਨ। ਇਸ ਦੌਰਾਨ ਸਰਵਣ ਸਿੰਘ ਪੰਧੇਰ ਨੇ ਦੱਸਿਆ ਕਿ ਜੋ ਡੱਲੇਵਾਲ ਦੀ ਸਿਹਤ ਖਰਾਬ ਹੋਣ ਬਾਰੇ ਕਿਹਾ ਜਾ ਰਿਹਾ ਹੈ, ਅਜਿਹੀ ਕੋਈ ਗੱਲ ਨਹੀਂ, ਉਨ੍ਹਾਂ ਨੇ ਕੋਈ ਦਵਾਈ ਵਗੈਰਾ ਨਹੀਂ ਲਈ ਹੈ। ਇਸ ਲਈ ਕਿਸਾਨ ਆਗੂ ਦੀ ਇਹ ਰਿਹਾਈ ਕਿਸਾਨਾਂ ਅਤੇ ਲੋਕਾਂ ਦੇ ਦਬਾਅ ਅੱਗੇ ਸਰਕਾਰ ਝੁਕੀ ਹੈ। ਉਨ੍ਹਾਂ ਕਿਹਾ ਕਿ ਦੋਵੇਂ ਫੋਰਮਾਂ ਦੇ ਐਲਾਨ ਜਿਉਂ ਦੇ ਤਿਉਂ ਕਾਇਮ ਹਨ ਅਤੇ 6 ਦਸੰਬਰ ਨੂੰ ਦਿੱਲੀ ਕੂਚ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਿਹਾ ਕਿ ਬੀਤੇ ਦਿਨ ਸੀਐਮ ਦੇ ਘਿਰਾਓ ਦੇ ਐਲਾਨ ਬਾਰੇ ਉਹ ਜਗਜੀਤ ਸਿੰਘ ਡੱਲੇਵਾਲ ਦੇ ਖਨੌਰੀ ਬਾਰਡਰ 'ਤੇ ਮੋਰਚੇ ਵਿੱਚ ਆਉਣ ਤੋਂ ਬਾਅਦ ਹੀ ਕੋਈ ਵਿਚਾਰ ਕਰਨਗੇ। ਕਿਸਾਨ ਆਗੂਆਂ ਨੇ ਕਿਹਾ ਕਿ ਇਹ ਰਿਹਾਈ ਸਿਰਫ਼ ਤੇ ਸਿਰਫ਼ ਸੀਐਮ ਦੀ ਰਿਹਾਇਸ਼ ਦੇ ਘਿਰਾਓ ਦੇ ਡਰ ਨੂੰ ਲੈ ਕੇ ਸਰਕਾਰ ਦਾ ਝੁਕਾਅ ਹੋਇਆ ਹੈ।

### ਬੁੱਢੇ ਨਾਲੇ ਦੇ ਜ਼ਿਹਰੀ ਵਹਾਅ ਅਤੇ ਦਰਿਆਈ ਤੇ

# ਜ਼ਮੀਨੀ ਪਾਣੀ ਨੂੰ ਪ੍ਰਦੂਸ਼ਣ ਕਰਨ ਵਿਰੁੱਧ ਲੱਗੇ ਮੋਰਚੇ ਦੀ ਹਿਮਾਇਤ: ਬਾਬਾ ਮਹਿਰਾਜ



**ਨਵੀਂ ਦਿੱਲੀ, 29 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਲੁਧਿਆਣਾ ਇਲਾਕੇ ਦੀਆਂ ਫ਼ੈਕਟਰੀ ਦੇ ਜ਼ਿਹਰੀਲੇ ਪਾਣੀ ਨਾਲ ਭਰਿਆ ਬੁੱਢਾ ਨਾਲੇ ਨੂੰ ਤੁਰੰਤ ਦਰਿਆਈ ਪਾਣੀ ਵਿਚ ਪੈਣ ਤੋਂ ਰੋਕਿਆ ਜਾਵੇ। ਇਸ ਨੂੰ ਰੋਕਣ ਲਈ ਪੰਜਾਬੀ ਮਾਂ ਬੋਲੀ ਸਤਿਕਾਰ ਸਭਾ, ਲੱਖਾ ਸਿੰਘ ਸਿਧਾਣਾ ਤੇ ਹੋਰਨਾਂ ਵਲੋਂ ਚਲਾਏ ਜਾ ਰਹੇ ਸੰਘਰਸ਼ ਦੀ ਦਲ ਖ਼ਾਲਸਾ ਵਲੋਂ ਪੂਰਨ ਤੌਰ 'ਤੇ ਹਿਮਾਇਤ ਕੀਤੀ ਜਾ ਰਹੀ ਹੈ। ਪੂਰੇ ਪੰਜਾਬ ਵਿਚ ਜ਼ਿਹਰੀਲੇ ਤੱਤਾਂ ਵਾਲੇ ਮਾਰੂ ਪਾਣੀ ਨੂੰ ਨਹਿਰਾਂ, ਪਾਣੀ ਦੇ ਹੋਰ ਸੋਮਿਆਂ ਤੇ ਧਰਤੀ ਹੇਠ ਜਾ ਰਹੇ ਪਾਣੀ ਨੂੰ ਨਾ ਕੇਵਲ ਬੰਦ ਕੀਤਾ ਜਾਵੇ, ਸਗੋਂ ਇਹ ਵੀ ਜਾਂਚ ਕੀਤੀ ਜਾਵੇ ਕਿ ਜਿਹਨਾਂ ਫ਼ੈਕਟਰੀ ਨੇ ਪ੍ਰਦੂਸਤ ਪਾਣੀ ਨੂੰ ਸੋਧਣ ਵਾਲੇ ਪ੍ਰੋਜੈਕਟ ਨਹੀਂ ਲਾਏ ਜਾਂ ਲਗਾਤਾਰ ਨਹੀਂ ਚਲਾਏ ਜਾ ਰਹੇ, ਉਹਨਾਂ ਨੂੰ ਇਤਰਾਜ਼ਹੀਣ ਦਸਤਾਵੇਜ਼ (ਨੋ ਉਜੇਕਸ਼ਨ ਸਰਟੀਫ਼ਿਕੇਟ) ਕਿਵੇਂ ਜਾਰੀ ਕੀਤੇ ਗਏ ਤੇ ਕੀਤੇ ਜਾ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਦਲ ਖ਼ਾਲਸਾ ਵਲੋਂ ਜਾਰੀ ਇਕ ਪ੍ਰੈਸ ਬਿਆਨ ਵਿਚ ਕੀਤਾ ਗਿਆ।

ਦਲ ਖ਼ਾਲਸਾ ਦੇ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ, ਕੇਂਦਰੀ ਵਰਕਿੰਗ ਕਮੇਟੀ ਮੈਂਬਰ ਭਾਈ ਗੁਰਵਿੰਦਰ ਸਿੰਘ ਬਠਿੰਡਾ, ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਜੀਵਨ ਸਿੰਘ ਗਿੱਲ ਕਲਾਂ, ਭਾਈ ਭਗਵਾਨ ਸਿੰਘ ਸੰਧੂ ਖੁਰਦ ਤੇ ਭਾਈ ਰਾਮ ਸਿੰਘ ਢਿਪਾਲੀ ਵਲੋਂ ਜਾਰੀ ਬਿਆਨ ਵਿਚ ਕਿਹਾ ਗਿਆ ਕਿ ਪੰਜਾਬ ਵਿਚ ਲਗਾਏ ਉਦਯੋਗਿਕ ਕੇਂਦਰਾਂ ਨੇ ਪੰਜਾਬ ਦਾ ਵਾਤਾਵਰਣ ਤੇ ਪਾਣੀ ਨੂੰ ਇਸ ਹੱਦ ਤਕ ਜਹਿਰੀਲਾ ਕਰ ਦਿਤਾ ਹੈ ਕਿ ਢਿੱਡ (ਪੇਟ) ਦੇ ਰੋਗਾਂ ਤੋਂ ਇਲਾਵਾ ਵਖ ਵਖ ਤਰ੍ਹਾਂ ਦੇ ਕੈਂਸਰਾਂ ਨੇ ਪੰਜਾਬ ਵਾਸੀਆਂ ਨੂੰ ਹੜੱਪਣਾ ਸ਼ੁਰੂ ਕਰ ਦਿਤਾ ਹੈ। ਉਹਨਾਂ ਕਿਹਾ ਕਿ ਹੁਣ ਜਦੋਂ ਪੰਜਾਬੀ ਇਸ ਜ਼ਿਹਰੀਲੇ ਵਰਤਾਰੇ ਵਿਰੁੱਧ ਜਾਗਰੂਕ ਹੋ ਕੇ ਸੰਘਰਸ਼ ਦੀ ਕੜੀ ਤਹਿਤ ਤਿੰਨ ਦਸੰਬਰ ਨੂੰ ਬੁੱਢੇ ਨਾਲੇ ਦਾ ਪਾਣੀ ਰੋਕਣ ਲਈ ਇਕੱਤਰ ਹੋ ਰਹੇ ਹਨ, ਇਸ ਘੋਲ ਵਿਚ ਸਾਨੂੰ ਸਭ ਨੂੰ ਇਕੱਤਰ ਹੋ ਕੇ ਸ਼ਾਮਲ ਹੋਣਾ ਚਾਹੀਦਾ ਹੈ।

### ਦਿੱਲੀ ਕਮੇਟੀ ਅਧੀਨ ਚਲਦੇ ਸਕੂਲਾਂ ਦੇ ਬਕਾਏ ਖ਼ਤਮ ਕਰਨ ਲਈ

# ਕਾਲਕਾ, ਸਿਰਸਾ ਅਤੇ ਅਹੁਦੇਦਾਰਾਂ ਦੀਆਂ ਜਾਇਦਾਦਾਂ ਹੋਣ ਨਿਲਾਮ: ਸਰਨਾ

ਨਵੀਂ ਦਿੱਲੀ, 29 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮੁਖੀ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੀਆਂ ਬਕਾਇਆ ਤਨਖਾਹਾਂ ਅਤੇ ਗ੍ਰੇਚੂਟੀ ਦੇਣ ਲਈ ਡੀਐਸਜੀਐਮਸੀ ਦੀਆਂ ਜਾਇਦਾਦਾਂ ਵੇਚਣ ਦਾ ਸਖ਼ਤ ਵਿਰੋਧ ਕੀਤਾ ਹੈ। ਅਧਿਆਪਕਾਂ ਦੇ ਵਕੀਲ ਦੁਆਰਾ, ਬਕਾਇਆ ਕਲੀਅਰ ਕਰਨ ਲਈ, ਲੋਨੀ ਵਿੱਚ 11 ਏਕੜ ਅਤੇ ਬਿਘਰ ਵਿੱਚ 280 ਏਕੜ ਸਮੇਤ, ਡੀਐਸਜੀਐਮਸੀ ਪ੍ਰਸ਼ਾਸਿਤ ਜ਼ਮੀਨਾਂ ਨੂੰ ਵੇਚਣ ਦਾ ਸੁਝਾਅ ਦਿੱਤਾ ਗਿਆ ਸੀ । ਸਿੱਖ ਪੰਥ ਲਈ ਇਹ ਅਸਟੇਟ ਪਵਿੱਤਰ ਹਨ ਅਤੇ ਕੇਵਲ ਜਗਤ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਹਨ। ਕਿਸੇ ਨੂੰ ਵੀ ਗੁਰੂ ਘਰ ਦੀ ਜਾਇਦਾਦ ਵੇਚਣ ਦਾ ਅਧਿਕਾਰ ਨਹੀਂ ਹੈ। ਸਰਨਾ ਨੇ ਸਕੂਲਾਂ ਨੂੰ ਆ ਰਹੇ ਵਿੱਤੀ ਸੰਕਟ ਲਈ ਉਨ੍ਹਾਂ ਨੂੰ ਜਵਾਬਦੇਹ ਠਹਿਰਾਂਦਿਆ ਡੀਐਸਜੀਐਮਸੀ ਪ੍ਰਧਾਨ ਹਰਮੀਤ ਸਿੰਘ ਕਾਲਕਾ, ਉਨ੍ਹਾਂ ਦੇ ਬੌਸ ਐਮਐਸ ਸਿਰਸਾ ਅਤੇ ਸਮੁੱਚੀ ਕਾਰਜਕਾਰਨੀ ਕਮੇਟੀ ਦੀਆਂ ਨਿੱਜੀ ਜਾਇਦਾਦਾਂ ਦੀ ਨਿਲਾਮੀ ਕਰਨ ਦਾ ਪ੍ਰਸਤਾਵ ਰੱਖਿਆ। ਸਰਨਾ ਨੇ ਇਸ਼ਾਰਾ ਕੀਤਾ ਕਿ ਪਾਕਿਸਤਾਨ ਨੇ 47,000 ਏਕੜ ਸਿੱਖ ਧਾਰਮਿਕ ਜਾਇਦਾਦਾਂ ਨੂੰ ਸੁਰੱਖਿਅਤ ਰੱਖਿਆ ਹੋਇਆ ਹੈ, ਇਹ ਜ਼ੋਰ ਦੇ ਕੇ ਕਿ ਡੀਐਸਜੀਐਮਸੀ ਦੀਆਂ ਜਾਇਦਾਦਾਂ ਦੀ ਵੀ ਇਸੇ ਤਰ੍ਹਾਂ ਸੁਰੱਖਿਆ ਕੀਤੀ ਜਾਣੀ ਚਾਹੀਦੀ ਹੈ। ਕਿਉਂਕਿ ਮੌਜੂਦਾ ਹਾਲਾਤ ਉਨ੍ਹਾਂ ਦੇ ਕੁਪ੍ਰਬੰਧ ਕਾਰਨ ਇਹ ਸੰਕਟ ਪੈਦਾ ਹੋਇਆ ਹੈ ਜੋ ਕਿ ਪੰਥ ਲਈ ਵਡੀ ਨਮੋਸ਼ੀ ਹੈ ਅਤੇ ਇਸ ਨੂੰ ਹੱਲ ਕਰਨ ਲਈ ਉਨ੍ਹਾਂ ਦੀਆਂ ਨਿੱਜੀ ਜਾਇਦਾਦਾਂ ਦੀ ਨਿਲਾਮੀ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਵਲੋਂ ਕਾਰਜਕਾਰੀ ਕਮੇਟੀ ਅਤੇ ਜੀਐਚਪੀਐਸ ਦੇ ਚੇਅਰਪਰਸਨਾਂ ਵਿਰੁੱਧ ਕਾਰਵਾਈ ਦੀ ਮੰਗ ਵੀ ਕੀਤੀ ਗਈ, ਜਿਨ੍ਹਾਂ ਦੀ ਜਾਇਦਾਦ ਨੂੰ ਵੀ ਜ਼ਬਤ ਕਰਕੇ ਵੇਚਿਆ ਜਾਣਾ ਚਾਹੀਦਾ ਹੈ। ਸਰਨਾ ਨੇ ਸਿੱਟਾ ਕੱਢਿਆ, ਇਹ ਉਹਨਾਂ ਲਈ ਇੱਕ ਮਿਸਾਲ ਕਾਇਮ ਕਰੇਗਾ ਜੋ ਨਿੱਜੀ ਲਾਭ ਲਈ ਡੀਐਸਜੀਐਮਸੀ ਮੈਂਬਰਸ਼ਿਪ ਦੀ ਦੁਰਵਰਤੋਂ ਕਰਦੇ ਹਨ।



# ਕੰਗਣਾ ਰਣੌਤ ਰਾਜਧ੍ਰੋਹ ਮਾਮਲੇ 'ਚ ਆਗਰਾ ਕੋਰਟ ਅੰਦਰ ਨਹੀਂ ਹੋਈ ਪੇਸ਼



**ਨਵੀਂ ਦਿੱਲੀ, 29 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:-ਆਗਰਾ ਦੀ ਐਮਪੀਐਮਐਲਏ ਅਦਾਲਤ ਅੰਦਰ ਬੀਤੇ ਦਿਨ ਅਭਿਨੇਤਰੀ ਅਤੇ ਹਿਮਾਚਲ ਦੇ ਮੰਡੀ ਤੋਂ ਭਾਜਪਾ ਸੰਸਦ ਮੈਂਬਰ ਕੰਗਨਾ ਰਣੌਤ ਦੇ ਮਾਮਲੇ 'ਚ ਸੁਣਵਾਈ ਹੋਈ। ਅਦਾਕਾਰਾ ਅਦਾਲਤ 'ਚ ਪੇਸ਼ ਨਹੀਂ ਹੋਈ ਤੇ ਨਾ ਹੀ ਉਸ ਦਾ ਵਕੀਲ ਪਹੁੰਚਿਆ। ਇਸ ਤੋਂ ਪਹਿਲਾਂ 12 ਨਵੰਬਰ ਨੂੰ ਵੀ ਅਦਾਲਤ ਵਿੱਚ ਸੁਣਵਾਈ ਹੋਈ ਸੀ ਅਤੇ ਅਦਾਕਾਰਾ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਗਿਆ ਸੀ। ਨੋਟਿਸ ਦੇ ਅਨੁਸਾਰ 28 ਨਵੰਬਰ ਨੂੰ, ਭਾਜਪਾ ਦੇ ਸੰਸਦ ਮੈਂਬਰ ਨੇ ਆਪਣੇ ਵਕੀਲ ਦੁਆਰਾ ਜਾਂ ਕਿਸੇ ਵਕੀਲ ਦੇ ਜ਼ਰੀਏ ਐਮਪੀਐਮਐਲਏ ਅਦਾਲਤ ਵਿੱਚ ਆਪਣਾ ਪੱਖ ਪੇਸ਼ ਕਰਨਾ ਸੀ, ਵਿਸ਼ੇਸ਼ ਅਦਾਲਤ ਦੇ ਐਮਪੀਐਮਐਲਏ ਜਸਟਿਸ ਅਨੁਜ ਕੁਮਾਰ ਸਿੰਘ ਵਲੋਂ ਨੋਟਿਸ ਜਾਰੀ ਹੋਣ ਤੋਂ ਬਾਅਦ ਵੀ ਅਭਿਨੇਤਰੀ ਕੰਗਨਾ ਰਣੌਤ ਨਾ ਤਾਂ ਸੁਣਵਾਈ 'ਤੇ ਆਈ ਅਤੇ ਨਾ ਹੀ ਉਸ ਦੀ ਤਰਫੋਂ ਕੋਈ ਵਕੀਲ ਅਦਾਲਤ 'ਚ ਪੇਸ਼ ਹੋਇਆ। ਅਦਾਲਤ ਅਗਲੀ ਸੁਣਵਾਈ ਤੋਂ ਬਾਅਦ ਆਪਣਾ ਹੁਕਮ ਕੀ ਜਾਰੀ ਕਰਦੀ ਹੈ ਉਸ ਦਾ ਇੰਤਜ਼ਾਰ ਕੀਤਾ ਜਾ ਰਿਹਾ ਹੈ । ਇਸ ਸਬੰਧੀ ਆਗਰਾ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਵਕੀਲ ਰਮਾਸ਼ੰਕਰ ਸ਼ਰਮਾ ਨੇ ਬੀਤੀ 11 ਸਤੰਬਰ ਨੂੰ ਵਿਸ਼ੇਸ਼ ਜੱਜ ਐਮਪੀਐਮਐਲਏ ਅਦਾਲਤ ਵਿੱਚ ਕੰਗਨਾ ਰਣੌਤ ਖ਼ਿਲਾਫ਼ ਦੇਸ਼ ਧ੍ਰੋਹ ਅਤੇ ਅਪਮਾਨ ਦੀਆਂ ਧਾਰਾਵਾਂ ਤਹਿਤ ਕੇਸ ਦਾਇਰ ਕੀਤਾ ਸੀ। ਦੋਸ਼ ਲਾਇਆ ਗਿਆ ਸੀ ਕਿ ਭਾਜਪਾ ਦੀ ਸੰਸਦ ਮੈਂਬਰ ਅਤੇ ਅਦਾਕਾਰਾ ਕੰਗਨਾ ਰਣੌਤ ਨੇ ਬੀਤੀ 26 ਅਗਸਤ ਨੂੰ ਇੱਕ ਇੰਟਰਵਿਊ ਵਿੱਚ ਕੇਂਦਰ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਕਾਤਲ ਦੱਸਿਆ ਸੀ ਅਤੇ ਉਨ੍ਹਾਂ ਖ਼ਿਲਾਫ਼ ਇਤਰਾਜ਼ਯੋਗ ਭਾਸ਼ਾ ਵੀ ਵਰਤੀ ਸੀ। ਅਦਾਲਤ ਅੰਦਰ ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 12 ਦਸੰਬਰ ਲਈ ਤੈਅ ਕੀਤੀ ਗਈ ਹੈ।

# ਪੱਤਰਕਾਰ ਜਤਿੰਦਰ ਸਿੰਘ ਬੇਦੀ ਨੂੰ ਸਦਮਾ ਮਾਤਾ ਦਾ ਦਿਹਾਂਤ, ਮਾਤਾ ਹਰਵਿੰਦਰ ਕੌਰ ਬੇਦੀ ਦਾ ਕੀਤਾ ਗਿਆ ਅੰਤਿਮ ਸਸਕਾਰ



**ਚੌਕ ਮਹਿਤਾ, 29 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ )**- ਛੇਹਰਟਾ ਪ੍ਰੈਸ ਵੈਲਫੇਅਰ ਸੁਸਾਇਟੀ ਦੇ ਚੇਅਰਮੈਨ ਅਤੇ ਸੀਨੀਅਰ ਪੱਤਰਕਾਰ ਜਤਿੰਦਰ ਸਿੰਘ ਬੇਦੀ ਨੂੰ ਅੱਜ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਸਰਦਾਰਨੀ ਹਰਵਿੰਦਰ ਕੌਰ ਬੇਦੀ ਪਤਨੀ ਸ. ਜਰਨੈਲ ਸਿੰਘ ਬੇਦੀ ਅਚਾਨਕ ਸੰਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਜਾ ਬਿਰਾਜੇ। ਅੱਜ ਉਨ੍ਹਾਂ ਦਾ ਅੰਤਿਮ ਸਸਕਾਰ ਮਾਤਾ ਰਾਣੀ ਸਮਸ਼ਾਨਘਾਟ ਘਣੂੰਪੁਰ ਵਿੱਖੇ ਕਰ ਦਿੱਤਾ ਗਿਆ ਹੈ। ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਆਗੂ ਇੰਦਰਜੀਤ ਸਿੰਘ ਬਾਸਰਕੇ, ਵਿਧਾਇਕ ਡਾ. ਜਸਬੀਰ ਸਿੰਘ ਸੰਧੂ, ਸਮਾਜ ਸੇਵਕ ਪੂਰਨ ਸਿੰਘ ਸੰਧੂ ਰਣੀਕੇ, ਛੇਹਰਟਾ ਪ੍ਰੈਸ ਵੈਲਫੇਅਰ ਸੁਸਾਇਟੀ ਦੇ ਸਰਪ੍ਰਸਤ ਰੇਸ਼ਮ ਸਿੰਘ, ਪ੍ਰਧਾਨ ਹਰਪਾਲ ਸਿੰਘ ਭੰਗੂ, ਜਨਰਲ ਸਕੱਤਰ ਸਰਵਨ ਸਿੰਘ ਰੰਧਾਵਾ, ਦਵਾਰਕਾ ਨਾਥ ਰਾਣਾ, ਕੁਲਬੀਰ ਸਿੰਘ ਧੁੰਨਾ, ਨਰਿੰਦਰ ਸਿੰਘ, ਗਗਨ ਜੋਸ਼ੀ, ਹਰਜੀਤ ਗਰੇਵਾਲ, ਚੰਦਨ ਨਗੀਨਾ, ਲਾਲੀ ਗਿੱਲ, ਅਮਨ ਮਾਹਲ, ਸੁਰਿੰਦਰ ਸਿੰਘ ਵਿਰਦੀ, ਗੀਕਿਤਾ ਸ਼ਰਮਾ, ਰਜਿੰਦਰ ਬਲੱਗਣ, ਸੋਨੂੰ ਰਾਮਗੜੀਆਂ, ਅਮਜ਼ਮੇਰ ਸਿੰਘ ਬਾਸਰਕੇ, ਰਜਿੰਦਰ ਕੁਮਾਰ, ਮਿੰਟੂ ਅਰੋੜਾ, ਵਿਪਨ ਬਲੱਗਣ, ਮੈਡਮ ਮਧੂ ਰਾਜਪੂਤ, ਜਤਿੰਦਰ ਸਿੰਘ ਰਿੰਕੂ, ਮਨਜੀਤ ਸਿੰਘ ਬਾਜਵਾ, ਕੰਵਲਜੀਤ ਸਿੰਘ, ਕੰਵਲਜੀਤ ਸਿੰਘ ਵਾਲੀਆ, ਅਰੁਣ ਸ਼ਰਮਾ, ਡਾ. ਸਵਰਨ ਸਿੰਘ, ਤਰਸੇਮ ਸਿੰਘ ਚੰਗਿਆੜਾ, ਗੁਰਦੀਪ ਸਿੰਘ ਰੋਮੀ ਵੋਹਰਾ, ਦਰਸ਼ਨ ਸਿੰਘ ਚੋਧਰੀ, ਮੈਨੇਜ਼ਰ ਮਦਨਜੀਤ ਸਿੰਘ ਬੇਦੀ, ਮਨਿੰਦਰਜੀਤ ਸਿੰਘ ਬਿੱਟਾ ਕਾਨੂੰਗੋ, ਹਰਜਿੰਦਰ ਸਿੰਘ ਬੇਦੀ ਕਾਨੂੰਗੋ, ਮੋਹਨ ਸਿੰਘ ਸੁਖੀਜਾ, ਤਜਿੰਦਰਪਾਲ ਸਿੰਘ ਰਾਜਾ, ਦਲਜੀਤ ਸਿੰਘ ਸੁਖੀਜਾ ਤਰਨਤਾਰਨ, ਸੁਖਵਿੰਦਰ ਸਿੰਘ ਸੋਨੂੰ ਲੁਧਿਆਣਾ, ਪ੍ਰੇਮ ਸਿੰਘ ਪਾਸੀ, ਕੁਲਬੀਰ ਸਿੰਘ ਪਾਸੀ, ਏ.ਐਸ.ਆਈ ਲਖਵਿੰਦਰ ਸਿੰਘ ਪੂਹਲਾ, ਗੁਰਵਿੰਦਰ ਸਿੰਘ ਪੂਹਲਾ, ਚਾਂਦਪ੍ਰੀਤ ਸਿੰਘ ਮਾਹਲ ਆਦਿ ਨੇ ਪੱਤਰਕਾਰ ਜਤਿੰਦਰ ਸਿੰਘ ਬੇਦੀ ਅਤੇ ਸਮੂਹ ਬੇਦੀ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਸਰਨਾ ਭਰਾਵਾਂ ਖਿਲਾਫ ਸਖ਼ਤ ਕਾਰਵਾਈ ਲਈ ਦਿੱਲੀ ਗੁਰਦੁਆਰਾ ਕਮੇਟੀ ਦੀ ਸ਼ਿਕਾਇਤ ਮਨਜੀਤ ਸਿੰਘ ਭੋਮਾ ਨੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸੌਂਪੀ




ਨਵੀਂ ਦਿੱਲੀ, 29 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਨਾ ਭਰਾਵਾਂ ਖਿਲਾਫ ਸ਼ਿਕਾਇਤ ਕਮੇਟੀ ਦੇ ਪੰਜਾਬ ਦੇ ਮੁੱਖ ਸੇਵਾਦਾਰ ਸਰਦਾਰ ਮਨਜੀਤ ਸਿੰਘ ਭੋਮਾ ਨੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸੌਂਪੀ। ਇਸ ਸ਼ਿਕਾਇਤ ਵਿਚ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਤੇ ਹੋਰ ਮੈਂਬਰਾਂ ਨੇ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਦੱਸਿਆ ਕਿ ਸਰਨਾ ਭਰਾ ਹਮੇਸ਼ਾ ਹੀ ਸ੍ਰੀ ਅਕਾਲ ਤਖਤ ਸਾਹਿਬ ਦੇ ਖਿਲਾਫ ਬਹੁਤ ਹੀ ਇਤਰਾਜ਼ਯੋਗ ਭਾਸ਼ਾ ਦੀ ਵਰਤੋਂ ਕਰਦੇ ਹਨ। ਉਹਨਾਂ ਦੱਸਿਆ ਕਿ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਹਰਵਿੰਦਰ ਸਿੰਘ ਸਰਨਾ ਨੇ ਤਾਂ ਵੀਡੀਓ ਪੋਸਟ ਕਰ ਕੇ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਹਰਪ੍ਰੀਤ ਸਿੰਘ ਅਸਤੀਫੇ ਦੇ ਬਾਅਦ ਗਿਆਨੀ ਰਘਬੀਰ ਸਿੰਘ 'ਤੇ ਯੂਨੀਅਨਬਾਜ਼ੀ ਕਰਨ ਦੇ ਦੋਸ਼ ਲਗਾਏ। ਉਥੇ ਹੀ ਨਿਊਜ਼ 18 'ਤੇ ਟੀ ਵੀ ਬਹਿਸ ਦੌਰਾਨ ਸਾਬਕਾ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਸਪਸ਼ਟ ਕਿਹਾ ਕਿ ਤੁਸੀਂ ਜਥੇਦਾਰ ਨੂੰ ਛੱਡੋ ਜਿਸਨੂੰ ਮਰਜ਼ੀ ਜਾ ਕੇ ਸ਼ਿਕਾਇਤ ਕਰੋ ਸਾਨੂੰ ਕੋਈ ਪਰਵਾਹ ਨਹੀਂ ਹੈ। ਉਹਨਾਂ ਕਿਹਾ ਕਿ ਦੋਵਾਂ ਭਰਾਵਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਤਲਬ ਕਰ ਕੇ ਮਿਸਾਲੀ ਸਜ਼ਾ ਲਗਾਉਣੀ ਬੇਹੱਦ ਜ਼ਰੂਰੀ ਹੈ। ਉਹਨਾਂ ਕਿਹਾ ਕਿ ਇਹਨਾਂ ਦੀ ਸ੍ਰੀ ਅਕਾਲ ਤਖਤ ਸਾਹਿਬ ਅਤੇ ਹੋਰ ਤਖ਼ਤਾਂ ਦੇ ਜਥੇਦਾਰਾਂ ਖਿਲਾਫ ਬਦਜ਼ੁਬਾਨੀ ਨਾਲ ਸਿੱਖ ਸਮਾਜ ਵਿਚ ਕੁੜਤਣ ਪੈਦਾ ਹੋਈ ਹੈ। ਅਜਿਹੇ ਵਿਚ ਇਹਨਾਂ ਨੂੰ ਸਜ਼ਾ ਦੇਣੀ ਹੋਰ ਵੀ ਜ਼ਰੂਰੀ ਹੋ ਜਾਂਦੀ ਹੈ। ਅੱਜ ਸਰਦਾਰ ਮਨਜੀਤ ਸਿੰਘ ਭੋਮਾ ਨੇ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਇਹ ਸ਼ਿਕਾਇਤ ਸ੍ਰੀ ਅਕਾਲ ਤਖਤ ਸਾਹਿਬ ਸਕੱਤਰੇਤ ਵਿਚ ਸੌਂਪੀ। ਇਸ ਵਿਚ ਮੰਗ ਕੀਤੀ ਗਈ ਹੈ ਕਿ ਦੋਵੇਂ ਸਰਨਾ ਭਰਾਵਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ੍ਰ ਮਹਿੰਦਰ ਸਿੰਘ ਸੰਘਾ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ












ਸ੍ਰ ਸਰਬਜੀਤ ਸਿੰਘ ਸੰਘਾ ਦੇ ਸਤਿਕਾਰਯੋਗ ਪਿਤਾ ਸ੍ਰ ਮਹਿੰਦਰ ਸਿੰਘ ਸੰਘਾ ਕਾਲੇ ਸੰਘਿਆਂ ਵਾਲੇ ਪਿਛਲੇ ਦਿਨੀ ਇੰਗਲੈਂਡ ਦੇ ਸ਼ਹਿਰ ਵੁਲਵਰਹੈਂਪਟਨ ਵਿਖੇ ਆਪਣੇ ਘਰ ਵਿੱਚ ਪ੍ਰਮਾਤਮਾ ਵੱਲੋਂ ਬਖ਼ਸ਼ੀ ਹੋਈ ਆਰਜੂ ਨੂੰ ਭੋਗਦੇ ਹੋਏ ਅਕਾਲ ਚਲਾਣਾ ਕਰ ਗਏ ਸਨ ਅੱਜ ਉਹਨਾਂ ਦੇ ਅੰਤਿਮ ਸੰਸਕਾਰ ਤੋਂ ਉਪ੍ਰੰਤ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟ੍ਰੀਟ ਵਿਖੇ ਰਖਾਏ ਹੋਏ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ ਗੁਰਦੁਆਰਾ ਸਾਹਿਬ ਦੇ ਰਾਗੀ ਜੱਥੇ ਵੱਲੋਂ ਕੀਰਤਨ ਕੀਤਾ ਗਿਆ ਸ੍ਰ ਸਰਬਜੀਤ ਸਿੰਘ ਸੰਘਾ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਉਹਨਾਂ ਦੇ ਚਾਚਾ ਜੀ ਜੋ ਯੂ ਐਸ਼ ਏ ਤੋਂ ਪਹੁੰਚੇ ਸਨ ਉੱਥੇ ਇੰਗਲੈਂਡ ਭਰ ਤੋਂ ਰਿਸ਼ਤੇਦਾਰ ਤੇ ਸੱਜਣ ਮਿੱਤਰ ਪਹੁੰਚੇ ਸਨ ਸਾਰਿਆਂ ਵੱਲੋਂ ਸ੍ਰ ਮਹਿੰਦਰ ਸਿੰਘ ਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ ਅੰਤਿਮ ਅਰਦਾਸ ਕੀਤੀ ਕੇ ਵਾਹਿਗੁਰੂ ਜੀ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਮਗਰ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਜੀ ਉਥੇ ਇੰਟਰਨੈਸ਼ਨਲ ਪੰਥਕ ਦੱਲ ਦੇ ਮੁੱਖ ਬੁਲਾਰੇ ਭਾਈ ਕਪਤਾਨ ਸਿੰਘ ਨੇ ਦੱਸਿਆ ਕੇ 22 ਸਾਲ ਸ੍ਰ ਮਹਿੰਦਰ ਸਿੰਘ ਸੰਘਾ ਜੀ ਨੇ ਗੁਰਦੁਆਰਾ ਸੈਜਲੀ ਸਟ੍ਰੀਟ ਵਿਖੇ ਲੰਗਰ ਵਿੱਚ ਬਰਤਨ ਸਾਫ਼ ਕਰਨ ਤੇ ਜੱਲ ਦੇ ਗਲਾਸ ਭਰਨ ਦੀ ਸੇਵਾ ਕੀਤੀ ਹੈ ਬਹੁਤ ਪਿਆਰ ਨਾਲ ਆਪਣਾ ਜੀਵਨ ਬਤੀਤ ਕਰ ਕੇ ਗਏ ਹਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਨੇ ਅੰਤਿਮ ਅਰਦਾਸ ਵਿੱਚ ਹਾਜ਼ਰੀ ਭਰੀ ਭਾਈ ਕਪਤਾਨ ਸਿੰਘ ਨੇ ਪਰਿਵਾਰ ਵੱਲੋਂ ਸਾਰੀਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਯੂਰੋਪ ਦੇ ਪੁਰਤਗਾਲ ਦੀ ਸੜਕ ਤੇ ਓਕੇਰੇ ਗਏ ਖੰਡਾ ਅਤੇ ਹੋਰ ਧਰਮਾਂ ਦੇ ਧਾਰਮਿਕ ਚਿੰਨ

## ਈਐਸਓ ਨੇ ਯੂਰੋਪੀਅਨ ਪਾਰਲੀਮੈਂਟ ਮੈਂਬਰ ਕੋਲ ਚੁੱਕਿਆ ਮੁੱਦਾ

**ਨਵੀਂ ਦਿੱਲੀ 29 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖ ਪੰਥ ਉਪਰ ਵੱਖ ਵੱਖ ਤਰੀਕੇਆਂ ਨਾਲ ਬੇਅਦਬੀ ਕਰਣ ਜਾਂ ਫਿਰ ਹੋਰ ਮਾਮਲਿਆਂ ਨਾਲ ਸੰਬੰਧਿਤ ਚੋਤਰਫ਼ਾ ਹਮਲੇ ਕੀਤੇ ਜਾ ਰਹੇ ਹਨ। ਇਦਾਂ ਦਾ ਇਕ ਮਸਲਾ ਯੂਰੋਪ ਦੇ ਪੁਰਤਗਾਲ ਤੋਂ ਦੇਖਣ ਨੂੰ ਮਿਲਿਆ ਹੈ ।ਪੁਰਤਗਾਲ ਦੀ ਇਕ ਸੜਕ ਉਪਰ ਸਿੱਖ ਪੰਥ ਦੇ ਧਾਰਮਿਕ ਚਿੰਨ ਖੰਡਾ ਦੇ ਨਾਲ ਨਾਲ ਵੱਖ ਵੱਖ ਧਰਮਾਂ ਦੇ ਨਿਸ਼ਾਨ ਉਕੇਰੇ ਗਏ ਸਨ ਜਿਸ ਉਪਰ ਲੋਕ ਜੁੱਤੀਆਂ ਪਾ ਕੇ ਚਲਦੇ ਅਤੇ ਗੱਡੀਆਂ ਰਾਹੀਂ ਲੰਘਦੇ ਸਨ । ਪਿਛਲੇ ਸੱਤ ਸਾਲ ਤੋਂ ਓਥੇ ਰਹਿੰਦੇ ਸਿੱਖਾਂ ਅਤੇ ਦੂਜੇ ਧਰਮਾਂ ਦੇ ਪੈਰੋਕਾਰਾਂ ਵਲੋਂ ਵਾਰ ਵਾਰ ਕਹਿਣ ਤੇ ਵੀ ਇੰਨ੍ਹਾ ਨੂੰ ਸੜਕ ਤੋਂ ਹਟਾਇਆ ਨਹੀਂ ਜਾ ਰਿਹਾ ਸੀ । ਬੀਤੇ ਇਕ ਹਫਤੇ ਪਹਿਲਾਂ ਯੂਰੋਪੀਅਨ ਸਿੱਖ ਓਰਗੇਨਾਇਜੈਸ਼ਨ ਦੇ ਪ੍ਰਧਾਨ ਸਰਦਾਰ ਬਿੰਦਰ ਸਿੰਘ ਕੋਲ ਲਿਸਬੋਨ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਮਨਜੀਤ ਸਿੰਘ ਰਾਹੀਂ ਇਹ ਗੱਲ ਪਹੁੰਚੀ ਉਨ੍ਹਾਂ ਤੁਰੰਤ ਇਸ ਲਈ ਪੁਰਤਗਾਲ ਦੇ ਮੈਂਬਰ ਪਾਰਲੀਮੈਂਟ ਮਾਰਤਾ ਤਮੀਦੋ ਕੋਲ ਮਿਲਣ ਦਾ ਸਮਾਂ ਲੈ ਕੇ ਉਨ੍ਹਾਂ ਅੱਗੇ ਇਸ ਨੂੰ ਸੜਕ ਤੋਂ ਤੁਰੰਤ ਹਟਵਾਉਣ ਲਈ ਮੰਗ ਪੱਤਰ ਦਿੱਤਾ । ਪਾਰਲੀਮੈਂਟ ਮੈਂਬਰ ਮਾਰਤਾ ਤਮੀਦੋ ਨੇ ਉਨ੍ਹਾਂ ਕੋਲੋਂ ਇਸ ਲਈ ਮੁਆਫੀ ਮੰਗਦਿਆ ਕਿਹਾ ਕਿ ਸਾਡਾ ਮਕਸਦ ਸਿੱਖ ਪੰਥ ਜਾਂ ਕਿਸੇ ਵੀ ਧਰਮ ਦਾ ਦਿਲ ਦੁਖਾਣਾ ਨਹੀਂ ਹੈ । ਸਾਨੂੰ ਇਕ ਹਫਤੇ ਦਾ ਸਮਾਂ ਦੋ ਅਸੀ ਇਸ ਮਸਲੇ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਾਂਗੇ। ਉਨ੍ਹਾਂ ਵਲੋਂ ਕਾਰਪੋਰੇਸ਼ਨ ਮਹਿਕਮੇ ਨਾਲ ਸੰਪਰਕ ਕਰਕੇ ਇਸ ਨੂੰ ਹਟਾਉਣ ਲਈ ਕਹਿ ਦਿੱਤਾ ਤੇ ਬੀਤੇ ਦਿਨ ਇੰਨ੍ਹਾ ਧਾਰਮਿਕ ਚਿੰਨ੍ਹਾ ਨੂੰ ਸੜਕ ਤੋਂ ਹਟਾ ਦਿੱਤਾ ਗਿਆ । ਸਰਦਾਰ ਬਿੰਦਰ ਸਿੰਘ ਨੇ ਇਸ ਤੋਂ ਪਹਿਲਾਂ ਵੀ ਸਿੱਖ ਪੰਥ ਵਿਰੁੱਧ ਭ੍ਰਦੀ ਸ਼ਬਦਾਵਲੀ ਬੋਲਣ ਵਾਲੇ ਜਰਮਨੀ ਰਹਿੰਦੇ ਅਣਪਛਾਤੇ ਇਨਸਾਨ ਵਿਰੁੱਧ ਯੂਰੋਪੀਅਨ ਪਾਰਲੀਮੈਂਟ ਰਾਹੀਂ ਨੌਟਿਸ ਜਾਰੀ ਕਰਵਾ ਕੇ ਉਸਦੀ ਮੁਹਿੰਮ ਨੂੰ ਬੰਦ ਕਰਵਾ ਦਿੱਤਾ ਸੀ ਤੇ ਅਤੇ ਕਨੈਡਾ ਵਿਖੇ ਬਿਪ੍ਰਵਾਦੀ ਤਾਕਤਾਂ ਵਲੋਂ ਕੀਤੀ ਗਈ ਹੁਲੜਬਾਜ਼ੀ ਵਿਰੁੱਧ ਵੀ ਪਾਰਲੀਮੈਂਟ ਅੰਦਰ ਸ਼ਿਕਾਇਤ ਦਰਜ਼ ਕਰਵਾਈ ਸੀ ।ਭਾਈ ਬਿੰਦਰ ਸਿੰਘ, ਭਾਈ ਮਨਜੀਤ ਸਿੰਘ, ਸਰਬਜੀਤ ਸਿੰਘ ਸਾਬੀ ਅਤੇ ਜਗਦੀਪ ਸਿੰਘ ਗਰੇਵਾਲ ਨੇ ਪਾਰਲੀਮੈਂਟ ਮੈਂਬਰ ਮਾਰਤਾ ਤਮੀਦੋ ਦਾ ਇਸ ਅਤਿ ਗੰਭੀਰ ਮੁੱਦੇ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਣ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

## ਮਹਿਤਾ ਨੰਗਲ ਸਕੂਲ ਵਿਖੇ ਡੀ ਵਾਰਮਿੰਗ ਡੇ ਮਨਾਇਆ ਗਿਆ




**ਮਹਿਤਾ ਚੌਕ, 29 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲ੍ਹਾ ਸਿੱਖਿਆ ਅ਼ਫਸਰ ਸੈਕੰਡਰੀ ਅਮ੍ਰਿਤਸਰ ਸ. ਹਰਭਗਵੰਤ ਸਿੰਘ ਜੀ, ਡੀਡੀਓ ਪ੍ਰਿੰਸੀਪਲ ਸ. ਦੀਪਇੰਦਰਪਾਲ ਸਿੰਘ ਖਹਿਰਾ ਜੀ ਦੀ ਰਹਿਨੁਮਾਈ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਨੰਗਲ ਦੇ ਇੰਚਾਰਜ ਪ੍ਰਿੰਸੀਪਲ ਸ. ਨਰਿੰਦਰ ਸਿੰਘ ਰਾਏ ਦੀ ਸੁਯੋਗ ਅਗਵਾਈ ਹੇਠ ਡੀ ਵਾਰਮਿੰਗ ਡੇਅ ਮਨਾਇਆ ਗਿਆ। ਇਸ ਮੌਕੇ ਅਧਿਆਪਿਕਾ ਮੈਡਮ ਮਮਤਾ ਵੱਲੋਂ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਇਹ ਦਿਨ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ 28 ਨਵੰਬਰ ਨੂੰ ਵੱਖ ਵੱਖ ਉਮਰ ਦੇ ਵਿਦਿਆਰਥੀਆਂ ਨੂੰ ਵੱਖ ਵੱਖ ਡੋਜ ਦੀਆਂ ਐਲਬੈਂਡਾਜੋਲ ਦੀਆਂ ਗੋਲੀਆਂ ਖਵਾ ਕੇ ਮਨਾਇਆ ਜਾਣਾ ਨਿਸ਼ਿਚਤ ਕੀਤਾ ਗਿਆ ਹੈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦੀ ਦੇਖ ਰੇਖ ਹੇਠ ਪੋਸਟਰ ਵੀ ਤਿਆਰ ਕੀਤੇ ਗਏ। ਇਸ ਮੌਕੇ ਸੀਨੀਅਰ ਲੈਕਚਰਾਰ ਸ. ਕੁਲਦੀਪ ਸਿੰਘ, ਲੈਕਚਰਾਰ ਸ਼੍ਰੀ ਰਵਿੰਦਰ ਕੁਮਾਰ, ਸ. ਗੁਰਮੀਤ ਸਿੰਘ, ਸ਼੍ਰੀ ਸੁਰਿੰਦਰ ਭਾਟੀਆ, ਸ. ਚਰਨਜੀਤ ਸਿੰਘ ਬੱਲ, ਮੈਡਮ ਹਰਪ੍ਰੀਤ ਕੌਰ, ਮੈਡਮ ਵਿਜੇਤਾ ਮਲਿਕ, ਸ਼੍ਰੀ ਅੰਕੁਰ ਰਾਲਾ, ਮੈਡਮ ਕੁਲਬੀਰ ਕੌਰ, ਮਿਸ ਕੁਲਜਿੰਦਰ ਕੌਰ, ਮੈਡਮ ਸੁਖਵੀਰ ਕੌਰ, ਮੈਡਮ ਵੰਦਨਾ ਭਾਟੀਆ, ਸ. ਸਲਵਿੰਦਰ ਸਿੰਘ, ਮੈਡਮ ਜਸਮੀਤ ਕੌਰ, ਮਿਸ ਹਰਸਿਮਰਨ ਕੌਰ, ਸ. ਸਤਿਕਰਤਾਰ ਸਿੰਘ, ਸ. ਹਰਜੋਤ ਸਿੰਘ ਅਤੇ ਕੈਂਪਸ ਮੈਨੇਜਰ ਸ. ਬਲਰਾਜ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV